@Qpatrika | @qaumipatrika punjabi | instagram.com/qaumipatrika

**Largest Circulated**

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

**Punjabi National Daily** — **Qaumi Patrika** — **NO.1**

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Friday, 5 June 2026

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਸ਼ੁੱਕਰਵਾਰ 5 ਜੂਨ 2026, 22 ਜੇਠ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 44, ਅੰਕ 211, qpatrika@gmail.com ਫੋਨ : 9971359517 www.qaumipatrika.org

## ਕਰਨਾਟਕ ਦੇ ਨਵੇਂ ਉੱਪ ਮੁੱਖ ਮੰਤਰੀ ਹੋਣਗੇ ਪਰਮੇਸ਼ਵਰ

ਬੈਂਗਲੁਰੂ 4 ਜੂਨ। ਕਾਂਗਰਸ ਦੇ ਸੀਨੀਅਰ ਨੇਤਾ ਜੀ. ਪਰਮੇਸ਼ਵਰ ਕਰਨਾਟਕ ਦੇ ਨਵੇਂ ਉੱਪ ਮੁੱਖ ਮੰਤਰੀ ਹੋਣਗੇ। ਅਧਿਕਾਰਤ ਸੂਤਰਾਂ ਨੇ ਬੁੱਧਵਾਰ ਨੂੰ ਇਹ ਜਾਣਕਾਰੀ ਦਿੱਤੀ। ਅਧਿਕਾਰਤ ਸੂਤਰਾਂ ਨੇ ਦੱਸਿਆ ਕਿ



ਨਾਮਜ਼ਦ ਮੁੱਖ ਮੰਤਰੀ ਡੀ.ਕੇ. ਸ਼ਿਵਕੁਮਾਰ ਦੇ ਸਹੁੰ ਚੁੱਕਣ ਤੋਂ ਬਾਅਦ ਜੀ. ਪਰਮੇਸ਼ਵਰ ਅਹੁਦੇ ਦੀ ਸਹੁੰ ਚੁੱਕਣਗੇ। ਰਾਜਪਾਲ ਥਾਵਰਚੰਦ ਗਹਿਲੋਤ ਸ਼ਾਮ 4.05 ਵਜੇ ਲੋਕ ਭਵਨ ਦੇ ਗਲਾਸ ਹਾਊਸ 'ਚ ਸ਼ਿਵ ਕੁਮਾਰ ਅਤੇ ਹੋਰ ਵਿਧਾਇਕਾਂ ਨੂੰ ਅਹੁਦੇ ਦੀ ਸਹੁੰ ਚੁਕਾਉਣਗੇ। ਸਿੱਧਰਮਈਆ ਦੀ ਅਗਵਾਈ ਵਾਲੀ ਸਰਕਾਰ 'ਚ ਗ੍ਰਹਿ ਮੰਤਰੀ ਵਜੋਂ ਕੰਮ ਕਰ ਚੁੱਕੇ ਜੀ. ਪਰਮੇਸ਼ਵਰ ਇਸ ਤੋਂ ਪਹਿਲਾਂ ਮਈ 2018 ਤੋਂ ਜੁਲਾਈ 2019 ਤੱਕ ਮੁੱਖ ਮੰਤਰੀ ਐੱਚ.ਡੀ. ਕੁਮਾਰਸਵਾਮੀ ਦੀ ਅਗਵਾਈ ਵਾਲੀ ਕਾਂਗਰਸ-ਜਨਤਾ ਦਲ (ਐੱਸ) ਗਠਜੋੜ ਸਰਕਾਰ 'ਚ ਵੀ ਉੱਪ ਮੁੱਖ ਮੰਤਰੀ ਦਾ ਅਹੁਦਾ ਸੰਭਾਲ ਚੁੱਕੇ ਹਨ। ਪ੍ਰਮੁੱਖ ਦਲਿਤ ਨੇਤਾ ਜੀ. ਪਰਮੇਸ਼ਵਰ ਸਾਲ 2010 ਤੋਂ 2018 ਵਿਚਾਲੇ ਲਗਾਤਾਰ ਰਿਕਾਰਡ 8 ਸਾਲਾਂ ਤੱਕ ਕਰਨਾਟਕ ਪ੍ਰਦੇਸ਼ ਕਾਂਗਰਸ ਕਮੇਟੀ (ਕੇਪੀਸੀਸੀ) ਦੇ ਪ੍ਰਧਾਨ ਰਹਿ ਚੁੱਕੇ ਹਨ। ਇਸ ਵਿਚ ਮੌਜੂਦਾ ਮੁੱਖ ਮੰਤਰੀ ਦੇ ਦਫ਼ਤਰ ਵਲੋਂ ਜਾਰੀ ਇਕ ਬਿਆਨ ਅਨੁਸਾਰ, ਸ਼ਿਵ ਕੁਮਾਰ ਅਤੇ ਪਰਮੇਸ਼ਵਰ ਨੇ ਸਿੱਧਰਮਈਆ ਤੋਂ ਉਨ੍ਹਾਂ ਦੇ ਘਰ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੇ ਪ੍ਰਤੀ ਧੰਨਵਾਦ ਜ਼ਾਹਰ ਕੀਤਾ। ਦੋਵਾਂ ਆਗੂਆਂ ਨੇ ਸਿੱਧਰਮਈਆ ਨੂੰ ਸਹੁੰ ਚੁੱਕ ਸਮਾਰੋਹ ਲਈ ਸੱਦਾ ਦਿੱਤਾ, ਜਿਸ 'ਤੇ ਉਨ੍ਹਾਂ ਨੇ ਦੋਵਾਂ ਨੂੰ ਵਧਾਈ ਅਤੇ ਆਪਣੀਆਂ ਸ਼ੁੱਭਕਾਮਨਾਵਾਂ ਦਿੱਤੀਆਂ।

# ਅੱਗ ਹਾਦਸੇ ਦੇ ਪੀੜਤਾਂ ਨੂੰ ਮਿਲੇ ਸੀ.ਐਮ. ਰੇਖਾ ਗੁਪਤਾ ! ਮ੍ਰਿਤਕਾਂ ਦੇ ਵਾਰਿਸਾਂ ਨੂੰ 10-10 ਲੱਖ ਰੁਪਏ ਮੁਆਵਜ਼ੇ ਦਾ ਐਲਾਨ

**ਕੌਮੀ ਪਤ੍ਰਿਕਾ**
**ਸਿੰਮੀ ਕੌਰ ਬੱਬਰ**

ਨਵੀਂ ਦਿੱਲੀ 4 ਜੂਨ। ਦਿੱਲੀ ਸਰਕਾਰ ਨੇ ਵੀਰਵਾਰ ਨੂੰ ਮਾਲਵੀਆ ਨਗਰ ਅੱਗ ਵਿੱਚ ਮਾਰੇ ਗਏ ਹਰੇਕ ਮ੍ਰਿਤਕ ਦੇ ਰਿਸ਼ਤੇਦਾਰਾਂ ਨੂੰ 10 ਲੱਖ ਰੁਪਏ ਅਤੇ ਗੰਭੀਰ ਰੂਪ ਵਿਚ ਜ਼ਖਮੀ ਹੋਏ ਲੋਕਾਂ ਨੂੰ 5 ਲੱਖ ਰੁਪਏ ਦੀ ਐਕਸ-ਗ੍ਰੇਸ਼ੀਆ ਦਾ ਐਲਾਨ ਕੀਤਾ ਹੈ। ਮੁੱਖ ਮੰਤਰੀ ਦਫ਼ਤਰ (ਸੀ.ਐਮ.ਓ.) ਨੇ ਇਸ ਦੀ ਜਾਣਕਾਰੀ ਦਿੱਤੀ। ਸੀਐਮਓ ਨੇ ਐਕਸ 'ਤੇ ਰਿਪੋਰਟ ਦਿੱਤੀ ਕਿ ਮੁੱਖ ਮੰਤਰੀ ਰੇਖਾ ਗੁਪਤਾ ਨੇ ਵੀਰਵਾਰ ਨੂੰ ਸਾਕੇਤ ਦੇ ਮੈਕਸ ਹਸਪਤਾਲ ਦਾ ਦੌਰਾ ਕਰਕੇ ਅੱਗ ਲੱਗਣ ਕਾਰਨ ਜ਼ਖਮੀ ਹੋਏ ਲੋਕਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦਾ ਹਾਲ-ਚਾਲ ਪੁੱਛਿਆ। ਮੁੱਖ ਮੰਤਰੀ ਗੁਪਤਾ ਨੇ ਹਸਪਤਾਲ ਵਿੱਚ ਇਲਾਜ ਕਰਵਾ ਰਹੇ ਜ਼ਖਮੀਆਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨਾਲ ਗੱਲਬਾਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਅਧਿਕਾਰੀਆਂ ਨੂੰ ਜ਼ਖਮੀਆਂ ਨੂੰ ਹਰ ਜ਼ਰੂਰੀ ਸਹਾਇਤਾ ਪ੍ਰਦਾਨ ਕਰਨ ਦੇ ਨਿਰਦੇਸ਼ ਵੀ ਦਿੱਤੇ। ਪੋਸਟ ਦੇ ਅਨੁਸਾਰ, ਜ਼ਖਮੀਆਂ ਦੇ ਇਲਾਜ ਦਾ ਖਰਚਾ ਹਸਪਤਾਲ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਚੁੱਕਿਆ ਜਾਵੇਗਾ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਹਰੇਕ ਮਰੀਜ਼ ਨੂੰ ਸਭ ਤੋਂ ਵਧੀਆ ਸੰਭਵ ਦੇਖਭਾਲ ਮਿਲੇ। ਇਸ ਮਾਮਲੇ ਦੇ ਸਬੰਧ ਵਿਚ ਸੀਐਮਓ ਨੇ ਕਿਹਾ ਕਿ ਦਿੱਲੀ ਸਰਕਾਰ ਨੇ ਇਸ ਹਾਦਸੇ ਵਿਚ ਜਾਨ ਗੁਆਉਣ ਵਾਲੇ ਹਰੇਕ ਮ੍ਰਿਤਕ ਦੇ ਰਿਸ਼ਤੇਦਾਰਾਂ ਨੂੰ 10-10 ਲੱਖ ਰੁਪਏ ਅਤੇ ਗੰਭੀਰ ਜ਼ਖਮੀਆਂ ਨੂੰ 5 ਲੱਖ ਰੁਪਏ ਦੀ ਮੁਆਵਜ਼ਾਂ ਰਾਸ਼ੀ ਦੇਣ ਦਾ ਐਲਾਨ ਕੀਤਾ ਹੈ। ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਉਨ੍ਹਾਂ ਦੇ ਜੱਦੀ ਘਰਾਂ ਤੱਕ ਪਹੁੰਚਾਉਣ ਲਈ ਜ਼ਰੂਰੀ ਪ੍ਰਬੰਧ ਕੀਤੇ ਜਾ ਰਹੇ ਹਨ। ਪੋਸਟ ਵਿੱਚ ਕਿਹਾ ਗਿਆ ਹੈ ਕਿ ਦਿੱਲੀ ਸਰਕਾਰ ਇਸ ਮੁਸ਼ਕਲ ਸਮੇਂ ਦੌਰਾਨ ਹਰੇਕ ਪ੍ਰਭਾਵਿਤ ਪਰਿਵਾਰ ਦੇ ਨਾਲ ਮਜ਼ਬੂਤੀ ਨਾਲ ਖੜ੍ਹੀ ਹੈ।




## ਜ਼ਮੀਨ ਨਾਲ ਜੁੜੇ ਮਾਮਲਿਆਂ ਦੇ ਨਿਪਟਾਰੇ 'ਚ ਲਾਪਰਵਾਹੀ ਨਹੀਂ ਕੀਤੀ ਜਾਵੇਗੀ ਬਰਦਾਸ਼ਤ

ਗੋਰਖਪੁਰ 4 ਜੂਨ। ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਨੇ ਬੁੱਧਵਾਰ ਨੂੰ ਅਧਿਕਾਰੀਆਂ ਨੂੰ ਜ਼ਮੀਨ ਨਾਲ ਜੁੜੀਆਂ ਸ਼ਿਕਾਇਤਾਂ ਦੇ ਨਿਪਟਾਰੇ 'ਚ ਕਿਸੇ ਵੀ ਪੱਧਰ 'ਤੇ ਲਾਪਰਵਾਹੀ ਮਿਲਣ 'ਤੇ ਸੰਬੰਧਤ ਕਰਮਚਾਰੀਆਂ ਖ਼?ਲਾਫ਼ ਸਖ਼ਤ ਕਾਰਵਾਈ ਯਕੀਨੀ ਕਰਨ ਦਾ ਨਿਰਦੇਸ਼ ਦਿੱਤਾ। ਸੂਬਾ ਸਰਕਾਰ ਵਲੋਂ ਜਾਰੀ ਬਿਆਨ ਅਨੁਸਾਰ, ਯੋਗੀ ਨੇ ਗੋਰਖਪੁਰ ਦੌਰੇ ਦੌਰਾਨ ਲਗਾਤਾਰ ਦੂਜੇ ਦਿਨ ਬੁੱਧਵਾਰ ਸਵੇਰੇ ਗੋਰਖਨਾਥ ਮੰਦਰ 'ਚ ਆਯੋਜਿਤ ਜਨਤਾ ਦਰਸ਼ਨ 'ਚ ਲੋਕਾਂ ਨਾਲ ਮੁਲਾਕਾਤ ਕਰ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ। ਅਧਿਕਾਰੀਆਂ ਨੇ ਦੱਸਿਆ ਕਿ ਕੁਝ ਲੋਕਾਂ ਨੇ ਜ਼ਮੀਨ ਨਾਲ ਜੁੜੇ ਮਾਮਲਿਆਂ 'ਚ ਮਾਲ ਕਰਮਚਾਰੀਆਂ ਵੱਲੋਂ ਲਾਪਰਵਾਹੀ ਵਰਤੇ ਜਾਣ ਦੀ ਸ਼ਿਕਾਇਤ ਕੀਤੀ, ਜਿਸ ਤੋਂ ਬਾਅਦ ਮੁੱਖ ਮੰਤਰੀ ਨੇ ਜ਼ਿਲ੍ਹਾ ਅਧਿਕਾਰੀ ਨੂੰ ਤੁਰੰਤ ਸਖ਼ਤ ਕਾਰਵਾਈ ਯਕੀਨੀ ਕਰਨ ਦੇ ਨਿਰਦੇਸ਼ ਦਿੱਤੇ। ਅਧਿਕਾਰੀਆਂ ਅਨੁਸਾਰ, ਮੁੱਖ ਮੰਤਰੀ ਨੇ ਜ਼ਿਲ੍ਹਾ ਅਧਿਕਾਰੀ ਨੇ ਕਿਹਾ ਕਿ ਜ਼ਮੀਨ ਸੰਬੰਧੀ ਸ਼ਿਕਾਇਤਾਂ ਦੇ ਨਿਪਟਾਰੇ 'ਚ ਕਿਸੇ ਵੀ ਪੱਧਰ 'ਤੇ ਲਾਪਰਵਾਹੀ ਮਿਲਣ 'ਤੇ ਸਖ਼ਤ ਕਾਰਵਾਈ ਯਕੀਨੀ ਕੀਤੀ ਜਾਣੀ ਚਾਹੀਦੀ ਹੈ। ਯੋਗੀ ਨੇ ਕਿਹਾ ਕਿ ਮਾਮਲੇ ਦੀ ਗੰਭੀਰਤਾ ਦੇ ਹਿਸਾਬ ਨਾਲ ਸੰਬੰਧਤ ਕਰਮਚਾਰੀਆਂ ਖ਼?ਲਾਫ਼ ਮੁਅੱਤਲ ਦੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਕਿਸੇ ਵੀ ਪੱਧਰ 'ਤੇ ਢਿੱਲ ਜਾਂ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਮੁੱਖ ਮੰਤਰੀ ਨੇ ਇਲਾਜ ਲਈ ਆਰਥਿਕ ਮਦਦ ਦੀ ਗੁਹਾਰ ਲੈ ਕੇ ਪਹੁੰਚੇ ਲੋਕਾਂ ਦੀ ਸਰਕਾਰ ਵਲੋਂ ਮਦਦ ਦਾ ਭਰੋਸਾ ਦਿਵਾਇਆ। ਜਨਤਾ ਦਰਸ਼ਨ ਦੌਰਾਨ ਯੋਗੀ ਨੇ ਅਧਿਕਾਰੀਆਂ ਨੂੰ ਇਹ ਯਕੀਨੀ ਕਰਨ ਦਾ ਨਿਰਦੇਸ਼ ਦਿੱਤਾ ਕਿ ਹਰ ਯੋਗ ਵਿਅਕਤੀ ਦਾ ਆਯੂਸ਼ਮਾਨ ਕਾਰਡ ਬਣਾਏ ਜਾਣ ਤਾਂ ਕਿ ਉਨ੍ਹਾਂ ਨੂੰ ਇਲਾਜ ਲਈ ਪਰੇਸ਼ਾਨ ਨਾ ਹੋਣਾ ਪਵੇ।

## ਅਰੁਣਾਚਲ ਪ੍ਰਦੇਸ਼ 'ਚ ਸੀਬੀਆਈ ਜਾਂਚ ਲਈ ਲੋੜੀਂਦੀਆਂ ਫਾਈਲਾਂ 'ਤੇ ਖਾਂਡੂ ਦਾ ਕੰਟਰੋਲ

ਨਵੀਂ ਦਿੱਲੀ 4 ਜੂਨ। ਕਾਂਗਰਸ ਪਾਰਟੀ ਨੇ ਕਿਹਾ ਕਿ ਅਰੁਣਾਚਲ ਪ੍ਰਦੇਸ਼ ਵਿੱਚ ਉਹ ਸਾਰੀਆਂ ਫਾਈਲਾਂ ਮੁੱਖ ਮੰਤਰੀ ਪੇਮਾ ਖਾਂਡੂ ਦੇ ਕੰਟਰੋਲ ਵਿਚ ਹਨ, ਜੋ ਸੁਪਰੀਮ ਕੋਰਟ ਦੁਆਰਾ ਹੁਕਮ ਦਿੱਤੇ ਗਏ ਸੀਬੀਆਈ ਜਾਂਚ ਲਈ ਜ਼ਰੂਰੀ ਹਨ। ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਦੋਸ਼ ਲਗਾਇਆ ਕਿ ਭਾਜਪਾ ਨੇ ਖਾਂਡੂ ਮਾਮਲੇ ਵਿੱਚ ਸਾਰੇ ਸਿਧਾਂਤਾਂ ਅਤੇ ਨਿਯਮਾਂ ਨੂੰ ਤਿਆਗ ਦਿੱਤਾ ਹੈ ਅਤੇ ਇਹ ਸੁਪਰੀਮ ਕੋਰਟ ਦਾ ਅਪਮਾਨ ਹੈ। ਸੁਪਰੀਮ ਕੋਰਟ ਨੇ 6 ਅਪ੍ਰੈਲ ਨੂੰ ਕੇਂਦਰੀ ਜਾਂਚ ਬਿਊਰੋ (ਸੀਬੀਆਈ) ਨੂੰ ਅਰੁਣਾਚਲ ਪ੍ਰਦੇਸ਼ ਵਿੱਚ ਜਨਤਕ ਕੰਮਾਂ ਦੇ ਠੇਕੇ ਮੁੱਖ ਮੰਤਰੀ ਪੇਮਾ ਖਾਂਡੂ ਦੇ ਰਿਸ਼ਤੇਦਾਰ ਦੀ ਕਥਿਤ ਮਾਲਕੀ ਵਾਲੀਆਂ ਕੰਪਨੀਆਂ ਨੂੰ ਦਿੱਤੇ ਜਾਣ ਦੀ ਦੋ ਹਫ਼ਤਿਆਂ ਦੇ ਅੰਦਰ ਮੁੱਢਲੀ ਜਾਂਚ ਕਰਨ ਦਾ ਨਿਰਦੇਸ਼ ਦਿੱਤਾ। ਜਸਟਿਸ ਵਿਕਰਮ ਨਾਥ ਦੀ ਅਗਵਾਈ ਵਾਲੇ ਬੈਂਚ ਨੇ ਕਿਹਾ ਕਿ ਸੂਬੇ ਵਿਚ 1 ਜਨਵਰੀ, 2015 ਤੋਂ 31 ਦਸੰਬਰ, 2025 ਤੱਕ ਜਨਤਕ ਕੰਮਾਂ, ਠੇਕਿਆਂ ਅਤੇ ਕੰਮ ਦੇ ਆਦੇਸ਼ਾਂ ਦੀ ਵੰਡ ਅਤੇ ਅਮਲ ਦੀ ਜਾਂਚ ਕੀਤੀ ਜਾਵੇ। ਰਮੇਸ਼ ਨੇ X 'ਤੇ ਪੋਸਟ ਕੀਤਾ, ਭਾਜਪਾ ਨੇ ਅਰੁਣਾਚਲ ਪ੍ਰਦੇਸ਼ ਵਿੱਚ ਇਸ ਨੂੰ ਸਪੱਸ਼ਟ ਤੌਰ 'ਤੇ ਉਜਾਗਰ ਕਰਨ ਦਾ ਫੈਸਲਾ ਕੀਤਾ ਹੈ, ਭਾਵੇਂ ਸੁਪਰੀਮ ਕੋਰਟ ਨੇ ਮੁੱਖ ਮੰਤਰੀ ਦੇ ਫੈਸਲੇ ਦੀ ਸੀਬੀਆਈ ਜਾਂਚ ਦਾ ਹੁਕਮ ਦਿੱਤਾ ਹੈ। ਮੁੱਖ ਮੰਤਰੀ ਅਜੇ ਵੀ ਲੋਕ ਨਿਰਮਾਣ ਮੰਤਰੀ ਹਨ ਅਤੇ ਇਸ ਲਈ ਉਨ੍ਹਾਂ ਸਾਰੀਆਂ ਫਾਈਲਾਂ 'ਤੇ ਉਨ੍ਹਾਂ ਦਾ ਕੰਟਰੋਲ ਹੈ ਜੋ ਜ਼ਰੂਰੀ ਤੌਰ 'ਤੇ ਸੀਬੀਆਈ ਜਾਂਚ ਦਾ ਹਿੱਸਾ ਹਨ। ਸਾਰੇ ਸਿਧਾਂਤਾਂ ਅਤੇ ਨਿਯਮਾਂ ਨੂੰ ਤਿਆਗ ਦਿੱਤਾ ਗਿਆ ਹੈ। ਪਿਛਲੇ ਮਹੀਨੇ ਕਾਂਗਰਸ ਨੇ ਦੋਸ਼ ਲਗਾਇਆ ਸੀ ਕਿ ਖਾਂਡੂ ਦਾ ਇਸ ਅਹੁਦੇ 'ਤੇ ਲਗਾਤਾਰ ਰਹਿਣਾ ਸੁਪਰੀਮ ਕੋਰਟ ਦੇ ਫੈਸਲੇ ਦਾ ਖੁੱਲ੍ਹਾ ਮਜ਼ਾਕ ਹੈ।

## ਹਰਿਦੁਆਰ-ਦਿੱਲੀ ਹਾਈਵੇਅ 'ਤੇ ਅੱਗ ਦਾ ਗੋਲਾ ਬਣੀ ਵੋਲਵੋ ਬੱਸ

ਹਰਿਦੁਆਰ 4 ਜੂਨ। ਉਤਰਾਖੰਡ ਦੇ ਹਰਿਦੁਆਰ-ਦਿੱਲੀ ਰਾਸ਼ਟਰੀ ਰਾਜਮਾਰਗ 'ਤੇ ਬੁੱਧਵਾਰ ਸਵੇਰੇ ਇੱਕ ਵੱਡਾ ਹਾਦਸਾ ਹੋਣ ਤੋਂ ਟਲ ਗਿਆ, ਜਦੋਂ ਦੇਹਰਾਦੂਨ ਤੋਂ ਦਿੱਲੀ ਅਤੇ ਜੈਪੁਰ ਜਾ ਰਹੀ ਇੱਕ ਵੋਲਵੋ ਬੱਸ ਨੂੰ ਅਚਾਨਕ ਅੱਗ ਲੱਗ ਗਈ। ਅੱਗ ਇੰਨੀ ਭਿਆਨਕ ਸੀ ਕਿ ਪੂਰੀ ਬੱਸ ਕੁਝ ਹੀ ਸਮੇਂ ਵਿੱਚ ਸੜ ਕੇ ਸੁਆਹ ਹੋ ਗਈ। ਹਾਲਾਂਕਿ ਡਰਾਈਵਰ ਦੀ ਚੌਕਸੀ, ਯਾਤਰੀਆਂ ਦੀ ਸਮਝਦਾਰੀ, ਪੁਲਸ ਅਤੇ ਫਾਇਰ ਸਰਵਿਸ ਦੀ ਤੁਰੰਤ ਕਾਰਵਾਈ ਕਾਰਨ ਬੱਸ ਵਿਚ ਸਵਾਰ ਸਾਰੇ 32 ਯਾਤਰੀਆਂ ਨੂੰ ਬਚਾ ਲਿਆ ਗਿਆ। ਮਿਲੀ ਜਾਣਕਾਰੀ ਮੁਤਾਬਕ ਮਹਾਲਕਸ਼ਮੀ ਫਿਲਿਪਸ ਵੋਲਵੋ ਬੱਸ ਅੱਜ ਸਵੇਰੇ ਲਗਭਗ 4 ਵਜੇ ਦੇਹਰਾਦੂਨ ਤੋਂ ਦਿੱਲੀ ਅਤੇ ਜੈਪੁਰ ਰਾਹੀਂ ਰਿਸ਼ੀਕੇਸ਼ ਜਾ ਰਹੀ ਸੀ। ਜਦੋਂ ਬੱਸ ਹਰਿਦੁਆਰ-ਦਿੱਲੀ ਸੜਕ 'ਤੇ ਕ੍ਰਿਸਟਲ ਵਰਲਡ ਤੋਂ ਅੱਗੇ ਸ਼ਾਂਤਰਸ਼ਾਹ ਪੁਲਸ ਚੌਕੀ ਤੋਂ ਲਗਭਗ 200 ਮੀਟਰ ਪਹਿਲਾਂ ਪਹੁੰਚੀ, ਤਾਂ ਅਚਾਨਕ ਤਕਨੀਕੀ ਖਰਾਬੀ ਕਾਰਨ ਇਸ ਵਿੱਚ ਅੱਗ ਲੱਗ ਗਈ। ਜਿਵੇਂ ਹੀ ਬੱਸ ਨੂੰ ਅੱਗ ਲੱਗੀ, ਉਦੈਪੁਰ ਦੇ ਰਹਿਣ ਵਾਲੇ ਡਰਾਈਵਰ ਅਰੁਣ ਕੁਮਾਰ ਅਤੇ ਕੰਡਕਟਰ ਰਿੰਕੂ ਪੁੱਤਰ ਲਾਲ ਸਿੰਘ, ਜੋ ਕਿ ਕੰਚਨਪੁਰ, ਧੌਲਪੁਰ (ਰਾਜਸਥਾਨ) ਦੇ ਰਹਿਣ ਵਾਲੇ ਹਨ, ਨੇ ਤੁਰੰਤ ਕਾਰਵਾਈ ਕੀਤੀ ਅਤੇ ਸਾਰੇ ਯਾਤਰੀਆਂ ਨੂੰ ਤੁਰੰਤ ਬਾਹਰ ਕੱਢ ਲਿਆ। ਬੱਸ ਵਿੱਚ ਕੁੱਲ 32 ਯਾਤਰੀ ਸਨ, ਜਿਨ੍ਹਾਂ ਵਿੱਚ ਦੋ ਵਿਦੇਸ਼ੀ ਨਾਗਰਿਕ ਵੀ ਸ਼ਾਮਲ ਸਨ। ਇਸ ਹਾਦਸੇ ਦੌਰਾਨ ਯਾਤਰੀਆਂ ਦੀ ਜਾਨ ਤਾਂ ਬਚ ਗਈ ਪਰ ਉਨ੍ਹਾਂ ਦਾ ਜ਼ਿਆਦਾਤਰ ਸਮਾਨ ਅਤੇ ਬੈਗ ਬੱਸ ਵਿੱਚ ਹੀ ਰਹਿ ਗਏ, ਜੋ ਅੱਗ ਕਾਰਨ ਸੜ ਕੇ ਸੁਆਹ ਹੋ ਗਏ। ਘਟਨਾ ਦੀ ਸੂਚਨਾ ਮਿਲਦੇ ਹੀ ਸਥਾਨਕ ਪੁਲਸ ਮੌਕੇ 'ਤੇ ਪਹੁੰਚ ਗਈ ਅਤੇ ਭੀੜ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਅਤੇ ਰੁੜਕੀ ਤੋਂ ਫਾਇਰ ਟੈਂਡਰ ਬੁਲਾਇਆ ਗਿਆ। ਪੁਲਸ ਅਤੇ ਫਾਇਰਫਾਈਟਰਾਂ ਦੀ ਸਾਂਝੀ ਟੀਮ ਨੇ ਕਾਫ਼ੀ ਕੋਸ਼ਿਸ਼ਾਂ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ ਪਰ ਉਦੋਂ ਤੱਕ ਬੱਸ ਪੂਰੀ ਤਰ੍ਹਾਂ ਅੱਗ ਦੀ ਲਪੇਟ ਵਿੱਚ ਆ ਚੁੱਕੀ ਸੀ।

# ਰਾਜ ਪੱਧਰੀ ਜਨਗਣਨਾ ਤਾਲਮੇਲ ਕਮੇਟੀ ਵੱਲੋਂ ਪੰਜਾਬ ਵਿੱਚ ਜਨਗਣਨਾ ਦੇ ਪਹਿਲੇ ਪੜਾਅ ਦੀ ਪ੍ਰਗਤੀ ਦੀ ਸਮੀਖਿਆ

**ਕੌਮੀ ਪਤ੍ਰਿਕਾ**
**ਨਵਦੀਪ ਸਿੰਘ ਸਾਹਨੀ**

ਚੰਡੀਗੜ੍ਹ, 4 ਜੂਨ: ਅੱਜ ਪੰਜਾਬ ਦੇ ਮੁੱਖ ਸਕੱਤਰ ਸ੍ਰੀ ਕੇ.ਏ.ਪੀ. ਸਿਨਹਾ ਦੀ ਪ੍ਰਧਾਨਗੀ ਹੇਠ ਰਾਜ ਪੱਧਰੀ ਜਨਗਣਨਾ ਤਾਲਮੇਲ ਕਮੇਟੀ (ਐਸ.ਐਲ.ਸੀ.ਸੀ.ਸੀ.) ਦੀ ਮੀਟਿੰਗ ਹੋਈ, ਜਿਸ ਵਿੱਚ ਰਾਜ ਭਰ ਵਿੱਚ ਚੱਲ ਰਹੇ ਜਨਗਣਨਾ 2027 ਦੇ ਪਹਿਲੇ ਪੜਾਅ- ਹਾਊਸਲਿਸਟਿੰਗ ਅਤੇ ਹਾਊਸਿੰਗ ਜਨਗਣਨਾ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਗਿਆ। ਮੀਟਿੰਗ ਵਿੱਚ ਜਨਗਣਨਾ ਬਾਰੇ ਰਾਜ ਨੋਡਲ ਅਧਿਕਾਰੀ ਅਤੇ ਪ੍ਰਸ਼ਾਸਕੀ ਸਕੱਤਰ, ਸਥਾਨਕ ਸਰਕਾਰਾਂ ਸ੍ਰੀ ਘਨਸ਼ਿਆਮ ਥੋਰੀ ਤੋਂ ਇਲਾਵਾ ਯੋਜਨਾਬੰਦੀ, ਵਿੱਤ, ਪੇਂਡੂ ਵਿਕਾਸ ਅਤੇ ਸਿੱਖਿਆ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਸ਼ਾਮਲ ਹੋਏ, ਜੋ ਇਸ ਕਮੇਟੀ ਦੇ ਮੈਂਬਰ ਵੀ ਹਨ। ਮੀਟਿੰਗ ਵਿੱਚ ਪੰਜਾਬ ਦੇ ਸਾਰੇ ਪ੍ਰਮੁੱਖ ਜਨਗਣਨਾ ਅਫ਼ਸਰਾਂ (ਡਿਪਟੀ ਕਮਿਸ਼ਨਰਾਂ ਅਤੇ ਨਗਰ ਨਿਗਮ ਕਮਿਸ਼ਨਰਾਂ) ਨੇ ਵੀਡੀਓ ਕਾਨਫਰੰਸਿੰਗ ਰਾਹੀਂ ਸ਼ਿਰਕਤ ਕੀਤੀ। ਇਹ ਮੀਟਿੰਗ ਜਨਗਣਨਾ ਆਪਰੇਸ਼ਨਜ਼, ਪੰਜਾਬ ਦੇ ਡਾਇਰੈਕਟਰ ਡਾ. ਨਵਜੋਤ ਖੋਸਾ ਵੱਲੋਂ ਬੁਲਾਈ ਗਈ ਸੀ। ਮੀਟਿੰਗ ਦੌਰਾਨ ਪਹਿਲੇ ਪੜਾਅ ਦੇ ਜਨਗਣਨਾ ਕਾਰਜਾਂ ਦੀ ਪ੍ਰਗਤੀ ਬਾਰੇ ਇੱਕ ਵਿਆਪਕ ਸਮੀਖਿਆ ਕੀਤੀ ਗਈ, ਜਿਸ ਵਿੱਚ ਹਾਊਸਲਿਸਟਿੰਗ ਅਤੇ ਹਾਊਸਿੰਗ ਸੈਂਸਜ਼ (ਐਚ.ਐਲ.ਓ.), ਹਾਊਸਲਿਸਟਿੰਗ ਬਲਾਕਾਂ (ਐਚ.ਐਲ.ਬੀਜ਼) ਦੀ ਸਿਰਜਣਾ ਤੇ ਮੁਕੰਮਲਤਾ ਅਤੇ ਡੇਟਾ ਇਕੱਤਰਤਾ ਦੀ ਗੁਣਵੱਤਾ ਅਤੇ ਸਟੀਕਤਾ ਨੂੰ ਯਕੀਨੀ ਬਣਾਉਣ ਲਈ ਵੱਖ-ਵੱਖ ਵਿਧੀਆਂ ਸ਼ਾਮਲ ਹਨ। ਮੁੱਖ ਸਕੱਤਰ ਨੇ ਜਨਗਣਨਾ ਕਾਰਜਾਂ ਨੂੰ ਸਮੇਂ ਸਿਰ ਪੂਰਾ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ, ਜੋ ਤੱਥ-ਅਧਾਰਤ ਯੋਜਨਾਬੰਦੀ ਅਤੇ ਨੀਤੀ ਨਿਰਮਾਣ ਦੀ ਨੀਂਹ ਬਣਦੇ ਹਨ। ਡਾ. ਨਵਜੋਤ ਖੋਸਾ ਨੇ ਕਮੇਟੀ ਨੂੰ ਦੱਸਿਆ ਕਿ ਇਸ ਸਮੇਂ ਪੰਜਾਬ ਭਰ ਵਿੱਚ ਕੁੱਲ 52,365 ਹਾਊਸਲਿਸਟਿੰਗ ਬਲਾਕਾਂ 'ਤੇ ਕੰਮ ਚੱਲ ਰਿਹਾ ਹੈ। ਮੀਟਿੰਗ ਵਿੱਚ ਇਹ ਦੱਸਿਆ ਗਿਆ ਕਿ ਪੰਜ ਜ਼ਿਲ੍ਹਿਆਂ- ਬਰਨਾਲਾ, ਫਾਜ਼ਿਲਕਾ, ਮਲੇਰਕੋਟਲਾ, ਮੋਗਾ ਅਤੇ ਸ਼ਹੀਦ ਭਗਤ ਸਿੰਘ ਨਗਰ ਅਤੇ ਪੰਜ ਨਗਰ ਨਿਗਮਾਂ- ਬਰਨਾਲਾ, ਅਬੋਹਰ, ਮੋਗਾ, ਹੁਸ਼ਿਆਰਪੁਰ ਅਤੇ ਬਟਾਲਾ ਨੇ ਪ੍ਰਭਾਵਸ਼ਾਲੀ ਫੀਲਡ



ਲਾਮਬੰਦੀ, ਕੁਸ਼ਲ ਅਤੇ ਮਜ਼ਬੂਤ ਨਿਗਰਾਨੀ ਰਾਹੀਂ ਸ਼ਲਾਘਾਯੋਗ ਪ੍ਰਦਰਸ਼ਨ ਕੀਤਾ ਹੈ। ਮੁੱਖ ਸਕੱਤਰ ਵੱਲੋਂ ਜਨਗਣਨਾ ਗਤੀਵਿਧੀਆਂ ਨੂੰ ਲਾਗੂ ਕਰਨ ਵਿੱਚ ਸਕਾਰਾਤਮਕ ਮਾਪਦੰਡ ਸਥਾਪਤ ਕਰਨ ਲਈ ਉਕਤ ਜ਼ਿਲ੍ਹਿਆਂ ਅਤੇ ਨਗਰ ਨਿਗਮਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਗਈ। ਜ਼ਿਲ੍ਹਾ-ਵਾਰ ਪ੍ਰਗਤੀ ਦੀ ਸਮੀਖਿਆ ਕਰਦਿਆਂ ਮੁੱਖ ਸਕੱਤਰ ਸ੍ਰੀ ਕੇ.ਏ.ਪੀ. ਸਿਨਹਾ ਨੇ ਹੁਣ ਤੱਕ ਦੀ ਕਾਰਗੁਜ਼ਾਰੀ 'ਤੇ ਸੰਤੁਸ਼ਟੀ ਪ੍ਰਗਟ ਕੀਤੀ ਅਤੇ ਕਿਹਾ ਕਿ ਸਿਰਫ਼ ਕੁਝ ਜ਼ਿਲ੍ਹੇ ਅਤੇ ਸ਼ਹਿਰੀ ਸਥਾਨਕ ਸੰਸਥਾਵਾਂ ਹੀ ਨਿਰਧਾਰਤ ਸਮਾਂ-ਸੀਮਾ ਤੋਂ ਪਿੱਛੇ ਹਨ। ਉਨ੍ਹਾਂ ਨੇ ਇਨ੍ਹਾਂ ਜ਼ਿਲ੍ਹਿਆਂ ਅਤੇ ਸ਼ਹਿਰੀ ਸਥਾਨਕ ਸੰਸਥਾਵਾਂ ਦੇ ਸਬੰਧਤ ਅਧਿਕਾਰੀਆਂ ਨੂੰ ਫੀਲਡ ਕਾਰਜਾਂ 'ਚ ਤੇਜ਼ ਲਿਆਉਣ ਅਤੇ ਢੁਕਵੀਂ ਪ੍ਰਗਤੀ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਮੁੱਖ ਸਕੱਤਰ ਦੁਆਰਾ ਸਾਰੇ ਪ੍ਰਮੁੱਖ ਜਨਗਣਨਾ ਅਧਿਕਾਰੀਆਂ ਨੂੰ ਹਾਊਸਲਿਸਟਿੰਗ ਬਲਾਕਾਂ ਦੀ 100 ਫੀਸਦ ਪ੍ਰਗਤੀ ਨੂੰ ਯਕੀਨੀ ਬਣਾਉਣ ਅਤੇ ਨਿਰਧਾਰਤ ਸਮਾਂ-ਸੀਮਾ ਦੇ ਅੰਦਰ ਇਸਦੇ ਮੁਕੰਮਲ ਹੋਣ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਮੁੱਖ ਸਕੱਤਰ ਨੇ ਸਾਰੇ ਪ੍ਰਮੁੱਖ ਜਨਗਣਨਾ ਅਧਿਕਾਰੀਆਂ ਨੂੰ ਜਨਗਣਨਾ ਕਾਰਜਾਂ ਦੀ ਨੇੜਿਓਂ ਅਤੇ ਨਿਰੰਤਰ ਨਿਗਰਾਨੀ ਕਰਨ ਦੇ ਨਿਰਦੇਸ਼ ਦਿੱਤੇ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਪੜਾਅ-1 ਅਧੀਨ ਨਿਰਧਾਰਤ ਸਮਾਂ-ਸੀਮਾ ਅੰਦਰ ਕੰਮ ਨੇਪਰੇ ਚਾੜਿ ਆ ਜਾ ਸਕੇ । ਅਧਿਕਾਰੀਆਂ ਨੂੰ ਨਿਯਮਤ ਰੂਪ ਵਿੱਚ ਸਮੀਖਿਆਵਾਂ ਕਰਨ ਅਤੇ ਇਕੱਤਰ ਕੀਤੇ ਜਾ ਰਹੇ ਡੇਟਾ ਦੀ ਸੰਪੂਰਨਤਾ ਅਤੇ ਦਰੁਸਤਗੀ ਦੀ ਪੁਸ਼ਟੀ ਕਰਨ ਲਈ ਅਚਨਚੇਤ ਫੀਲਡ ਨਿਰੀਖਣ ਕਰਨ ਦੇ ਨਿਰਦੇਸ਼ ਦਿੱਤੇ ਗਏ । ਜਨਗਣਨਾ ਪ੍ਰਕਿਰਿਆ ਦੌਰਾਨ ਮਹੱਤਵਪੂਰਨ ਜਨਗਣਨਾ ਮਾਪਦੰਡਾਂ ਦੀ ਨਿਗਰਾਨੀ ਕਰਨ ਅਤੇ ਡੇਟਾ ਇਕਸਾਰਤਾ ਦੇ ਉੱਚ ਮਿਆਰਾਂ ਨੂੰ ਬਣਾਈ ਰੱਖਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ । ਜਨਤਕ ਭਾਗੀਦਾਰੀ ਅਤੇ ਸਹਿਯੋਗ ਦੀ ਮਹੱਤਤਾ ਨੂੰ ਪਛਾਣਦਿਆਂ ਮੁੱਖ ਸਕੱਤਰ ਨੇ ਜ਼ਿਲ੍ਹਾ ਪ੍ਰਸ਼ਾਸਨਾਂ ਨੂੰ ਜਨਗਣਨਾ ਗਤੀਵਿਧੀਆਂ ਨਾਲ ਸਬੰਧਤ ਗਲਤਫਹਿਮੀਆਂ ਅਤੇ ਨਕਾਰਾਤਮਕ ਬਿਰਤਾਂਤਾਂ ਨੂੰ ਦੂਰ ਕਰਨ ਲਈ ਸਰਗਰਮੀ ਨਾਲ ਪ੍ਰੈਸ ਰਿਲੀਜ਼ ਜਾਰੀ ਕਰਨ ਅਤੇ ਜਨਤਕ ਪਹੁੰਚ ਪਹਿਲਕਦਮੀਆਂ ਵਿੱਢਣ ਦੀ ਸਲਾਹ ਵੀ ਦਿੱਤੀ।

Contd................page-3

## ਪਟਨਾ ਦੇ ਖਾਨ ਗਲੋਬਲ ਇੰਸਟੀਚਿਊਟ 'ਤੇ ਹਮਲਾ ਮਾਮਲੇ 'ਚ ਤਿੰਨ ਗ੍ਰਿਫਤਾਰ

**ਕੌਮੀ ਪਤ੍ਰਿਕਾ**

ਪਟਨਾ 4 ਜੂਨ। ਬਿਹਾਰ ਦੀ ਰਾਜਧਾਨੀ ਪਟਨਾ 'ਚ ਸਥਿਤ ਮਸ਼ਹੂਰ ਕੋਚਿੰਗ ਸੈਂਟਰ 'ਖਾਨ ਗਲੋਬਲ ਸਟੱਡੀਜ਼' 'ਤੇ ਹੋਏ ਹਮਲੇ ਦੇ ਮਾਮਲੇ 'ਚ ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਤਿੰਨ ਮੁਲਜ਼ਮਾਂ ਨੂੰ ਗ੍ਰਿਫਤਾਰ ਕਰ ਲਿਆ ਹੈ। ਪੁਲਸ ਅਨੁਸਾਰ ਇਹ ਹਮਲਾ ਦੋ ਕੋਚਿੰਗ ਸੰਸਥਾਵਾਂ ਵਿਚਾਲੇ ਚੱਲ ਰਹੀ ਆਪਸੀ ਰੰਜਿਸ਼ ਦਾ ਨਤੀਜਾ ਹੈ। ਨਗਰ ਪੁਲਸ ਉਪ ਕਪਤਾਨ (ਡੀਐੱਸਪੀ) ਰਾਜੇਸ਼ ਰੰਜਨ ਨੇ ਦੱਸਿਆ ਕਿ 2 ਜੂਨ ਦੀ ਰਾਤ ਨੂੰ ਕਰੀਬ 10:10 ਵਜੇ ਕਦਮਕੂਆਂ ਥਾਣੇ ਨੂੰ ਸੂਚਨਾ ਮਿਲੀ ਸੀ ਕਿ ਮੁਸੱਲਹਪੁਰ ਹਾਟ ਸਥਿਤ ਖਾਨ ਗਲੋਬਲ ਸਟੱਡੀਜ਼ ਸੰਸਥਾ 'ਤੇ ਕੁਝ ਲੋਕਾਂ ਵੱਲੋਂ ਪਥਰਾਅ ਅਤੇ ਭੰਨ-ਤੋੜ ਕੀਤੀ ਜਾ ਰਹੀ ਹੈ। ਪੁਲਸ ਨੇ ਮੌਕੇ 'ਤੇ ਪਹੁੰਚ ਕੇ ਹਾਲਾਤ 'ਤੇ ਕਾਬੂ ਪਾਇਆ। ਹਾਲਾਂਕਿ ਇਸ ਪਥਰਾਅ ਵਿੱਚ ਕਿਸੇ ਵਿਦਿਆਰਥੀ ਦੇ ਜ਼ਖਮੀ ਹੋਣ ਦੀ ਖ਼ਬਰ ਨਹੀਂ ਹੈ, ਪਰ ਸੰਸਥਾ ਦੇ ਇਕ ਸੁਰੱਖਿਆ ਕਰਮੀ ਦੀ ਬੁਰੀ ਤਰ੍ਹਾਂ ਕੁੱਟਮਾਰ ਕੀਤੀ ਗਈ, ਜਿਸ ਦੇ ਸਿਰ 'ਤੇ ਗੰਭੀਰ ਸੱਟ ਲੱਗੀ ਹੈ। ਜ਼ਖਮੀ ਸੁਰੱਖਿਆ ਕਰਮੀ ਨੂੰ ਇਲਾਜ ਲਈ ਪਟਨਾ ਮੈਡੀਕਲ ਕਾਲਜ ਅਤੇ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ। ਡੀਐੱਸਪੀ ਨੇ ਖੁਲਾਸਾ ਕੀਤਾ ਕਿ ਹਾਲ ਹੀ 'ਚ ਸਿਪਾਹੀ ਭਰਤੀ ਪ੍ਰੀਖਿਆ ਦੇ ਨਤੀਜਿਆਂ ਤੋਂ ਬਾਅਦ ਖਾਨ ਗਲੋਬਲ ਇੰਸਟੀਚਿਊਟ ਨੇ ਦਾਅਵਾ ਕੀਤਾ ਸੀ ਕਿ ਉਨ੍ਹਾਂ ਦੇ ਸਭ ਤੋਂ ਵੱਧ ਉਮੀਦਵਾਰ ਸਫਲ ਹੋਏ ਹਨ। ਇਸ ਖੁਸ਼ੀ 'ਚ ਪਿਛਲੇ ਐਤਵਾਰ ਨੂੰ ਇੱਕ ਪਾਰਟੀ ਰੱਖੀ ਗਈ ਸੀ, ਜੋ ਇੱਕ ਵਿਰੋਧੀ ਕੋਚਿੰਗ ਸੰਸਥਾ ਨੂੰ ਪਸੰਦ ਨਹੀਂ ਆਈ। ਪੁਲਸ ਨੇ ਸੀਸੀਟੀਵੀ ਫੁਟੇਜ ਅਤੇ ਮੌਕੇ 'ਤੇ ਮੌਜੂਦ ਲੋਕਾਂ ਤੋਂ ਪੁੱਛਗਿੱਛ ਦੇ ਆਧਾਰ 'ਤੇ 'ਗਿਆਨ ਬਿੰਦੂ' ਸੰਸਥਾ ਦੇ ਡਾਇਰੈਕਟਰ ਰੌਸ਼ਨ ਆਨੰਦ, ਅਭਿਸ਼ੇਕ ਅਤੇ ਗੌਰਵ ਨੂੰ ਗ੍ਰਿਫਤਾਰ ਕੀਤਾ ਹੈ। ਫਿਲਹਾਲ ਸੀਸੀਟੀਵੀ ਫੁਟੇਜ ਵਿੱਚ ਫਾਇਰਿੰਗ ਦੀ ਪੁਸ਼ਟੀ ਨਹੀਂ ਹੋਈ ਹੈ। ਸੰਸਥਾ ਦੇ ਮੈਨੇਜਰ ਕਨ੍ਹਈਆ ਕੁਮਾਰ ਸਿੰਘ ਦੀ ਲਿਖਤੀ ਸ਼ਿਕਾਇਤ 'ਤੇ 15-20 ਅਣਪਛਾਤੇ ਲੋਕਾਂ ਅਤੇ ਗਿਆਨ ਬਿੰਦੂ ਦੇ ਸੰਚਾਲਕਾਂ ਵਿਰੁੱਧ ਕੇਸ ਦਰਜ ਕੀਤਾ ਗਿਆ ਹੈ।

## ਵਿਆਹੁਤਾ ਬੇਟੀ ਨੂੰ ਪੇਕੇ ਪਰਿਵਾਰ ਦੀ ਪਰਿਭਾਸ਼ਾ ਤੋਂ ਵੱਖ ਰੱਖਣਾ ਸਪੱਸ਼ਟ ਤੌਰ 'ਤੇ ਮਨਮਰਜ਼ੀ : ਸੁਪਰੀਮ ਕੋਰਟ

ਨਵੀਂ ਦਿੱਲੀ 4 ਜੂਨ। ਸੁਪਰੀਮ ਕੋਰਟ ਨੇ ਕਿਹਾ ਕਿ ਵਿਆਹੁਤਾ ਬੇਟੀ ਨੂੰ ਤਰਸ ਦੇ ਆਧਾਰ ਨਿਯੁਕਤੀਆਂ ਤੋਂ ਬਾਹਰ ਨਹੀਂ ਰੱਖਿਆ ਜਾ ਸਕਦਾ ਤੇ ਉਸ ਨੂੰ ਪੇਕੇ ਪਰਿਵਾਰ' ਦੀ ਪਰਿਭਾਸ਼ਾ ਤੋਂ ਬਾਹਰ ਰੱਖਣਾ ਸਪੱਸ਼ਟ ਤੌਰ 'ਤੇ ਮਨਮਰਜ਼ੀ, ਗੈਰ-ਵਾਜਬ ਅਤੇ ਸੰਵਿਧਾਨਕ ਤੌਰ 'ਤੇ ਨਾ ਮੰਨਣਯੋਗ ਹੈ। ਜਸਟਿਸ ਪੀ. ਐੱਸ. ਨਰਸਿਮਹਾ ਅਤੇ ਆਲੋਕ ਅਰਾਧੇ ਦੇ ਬੈਂਚ ਨੇ ਇਲਾਹਾਬਾਦ ਹਾਈ ਕੋਰਟ ਦੇ ਉਸ ਹੁਕਮ ਨੂੰ ਰੱਦ ਕਰਦੇ ਹੋਏ ਇਹ ਟਿੱਪਣੀ ਕੀਤੀ ਜਿਸ 'ਚ ਕਿਹਾ ਗਿਆ ਸੀ ਕਿ ਇਕ ਵਿਆਹੁਤਾ ਧੀ ਨੂੰ ਤਰਸ ਦੇ ਆਧਾਰ 'ਤੇ ਨਿਯੁਕਤੀ ਦੇ ਮੰਤਵ ਲਈ 'ਪਰਿਵਾਰ' ਦੀ ਪਰਿਭਾਸ਼ਾ 'ਚ ਸ਼ਾਮਲ ਨਹੀਂ ਕੀਤਾ ਗਿਆ ਸੀ। ਸੁਪਰੀਮ ਕੋਰਟ ਨੇ ਇਹ ਫੈਸਲਾ ਇਕ ਔਰਤ, ਜੋ ਮ੍ਰਿਤਕ ਰਾਸ਼ਨ ਡੀਲਰ ਦੀ ਵਿਆਹੁਤਾ ਧੀ ਸੀ, ਵੱਲੋਂ ਦਾਇਰ ਅਪੀਲ 'ਤੇ ਦਿੱਤਾ। ਉਸ ਨੇ ਹਾਈ ਕੋਰਟ ਦੇ ਉਸ ਹੁਕਮ ਨੂੰ ਚੁਣੌਤੀ ਦਿੱਤੀ ਸੀ ਜਿਸ 'ਚ ਤਰਸ ਦੇ ਆਧਾਰ 'ਤੇ ਇਕ ਵਾਜਬ ਕੀਮਤ ਦੀ ਦੁਕਾਨ 'ਤੇ ਡੀਲਰ ਵਜੋਂ ਨਿਯੁਕਤੀ ਦੇ ਉਸ ਦੇ ਦਾਅਵੇ ਨੂੰ ਰੱਦ ਕੀਤਾ ਗਿਆ ਸੀ। ਔਰਤ ਨੇ 2019 ਦੇ ਇਕ ਸਰਕਾਰੀ ਹੁਕਮ ਨੂੰ ਚੁਣੌਤੀ ਦਿੱਤੀ ਸੀ ਜਿਸ 'ਚ ਵਿਆਹੁਤਾ ਧੀਆਂ ਨੂੰ ਪੇਕੇ 'ਪਰਿਵਾਰ' ਦੀ ਪਰਿਭਾਸ਼ਾ ਤੋਂ ਬਾਹਰ ਰੱਖਿਆ ਗਿਆ ਸੀ। ਸੁਪਰੀਮ ਕੋਰਟ ਨੇ ਫੈਸਲਾ ਸੁਣਾਇਆ ਕਿ ਪਰਿਭਾਸ਼ਾ ਤੋਂ ਵਿਆਹੀ ਧੀ ਨੂੰ ਬਾਹਰ ਰੱਖਣਾ ਜਾਇਜ਼ ਨਹੀਂ ਸੀ, ਕਿਉਂਕਿ ਨਿਰਭਰਤਾ ਦੇ ਕੋਟੇ ਅਧੀਨ ਡੀਲਰਸ਼ਿਪ ਅਲਾਟਮੈਂਟ ਦਾ ਮੰਤਵ ਵਿੱਤੀ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਮ੍ਰਿਤਕ ਵਿਅਕਤੀ ਦੇ ਪਰਿਵਾਰ ਨੂੰ ਤੁਰੰਤ ਸਹਾਇਤਾ ਪ੍ਰਦਾਨ ਕਰਨਾ ਸੀ।

## ਅਮਰਨਾਥ ਯਾਤਰਾ ਤੋਂ ਪਹਿਲਾਂ ਜੰਮੂ 'ਚ 'ਹਾਈ ਅਲਰਟ'

ਜੰਮੂ 4 ਜੂਨ। ਜੰਮੂ-ਕਸ਼ਮੀਰ ਵਿੱਚ ਪਵਿੱਤਰ ਅਮਰਨਾਥ ਜੀ ਯਾਤਰਾ ਦੇ ਸ਼ੁਰੂ ਹੋਣ ਵਿੱਚ ਹੁਣ ਕੁਝ ਹੀ ਸਮਾਂ ਬਾਕੀ ਹੈ, ਜਿਸ ਦੇ ਮੱਦੇਨਜ਼ਰ ਪ੍ਰਸ਼ਾਸਨ ਅਤੇ ਸੁਰੱਖਿਆ ਏਜੰਸੀਆਂ ਪੂਰੀ ਤਰ੍ਹਾਂ ਚੌਕਸ ਹੋ ਗਈਆਂ ਹਨ। 3 ਜੁਲਾਈ 2026 ਤੋਂ ਸ਼ੁਰੂ ਹੋਣ ਵਾਲੀ ਇਸ ਸਾਲਾਨਾ ਤੀਰਥ ਯਾਤਰਾ ਨੂੰ ਸ਼ਾਂਤੀਪੂਰਨ ਅਤੇ ਸੁਰੱਖਿਅਤ ਢੰਗ ਨਾਲ ਨੇਪਰੇ ਚਾੜ੍ਹਨ ਲਈ ਜੰਮੂ ਵਿੱਚ 'ਹਾਈ ਅਲਰਟ' ਜਾਰੀ ਕਰ ਦਿੱਤਾ ਗਿਆ ਹੈ। ਸ਼ਰਧਾਲੂਆਂ ਦੀ ਸੁਰੱਖਿਆ ਅਤੇ ਸਹੂਲਤਾਂ ਨੂੰ ਯਕੀਨੀ ਬਣਾਉਣ ਲਈ ਵੱਖ-ਵੱਖ ਪੱਧਰਾਂ 'ਤੇ ਤਿਆਰੀਆਂ ਦੀ ਸਮੀਖਿਆ ਕੀਤੀ ਜਾ ਰਹੀ ਹੈ। ਹਾਲ ਹੀ ਵਿੱਚ ਜੰਮੂ ਦੇ ਡਿਵੀਜ਼ਨਲ ਕਮਿਸ਼ਨਰ ਅਤੇ ਐੱਸ.ਐੱਸ.ਪੀ. ਜੰਮੂ ਨੇ ਯਾਤਰੀ ਨਿਵਾਸ ਭਗਵਤੀ ਨਗਰ ਦਾ ਦੌਰਾ ਕੀਤਾ। ਇਸ ਦੌਰਾਨ ਅਧਿਕਾਰੀਆਂ ਨੇ ਇੱਕ ਉੱਚ-ਪੱਧਰੀ ਮੀਟਿੰਗ ਕੀਤੀ, ਜਿਸ ਵਿੱਚ ਯਾਤਰਾ ਦੇ ਪ੍ਰਬੰਧਾਂ, ਸੁਰੱਖਿਆ ਘੇਰੇ ਅਤੇ ਹੋਰ ਜ਼ਰੂਰੀ ਤਿਆਰੀਆਂ 'ਤੇ ਵਿਸਤ੍ਰਿਤ ਚਰਚਾ ਕੀਤੀ ਗਈ। ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਣ ਲਈ ਜੰਮੂ ਸ਼ਹਿਰ ਅਤੇ ਯਾਤਰਾ ਮਾਰਗ 'ਤੇ ਸੁਰੱਖਿਆ ਵਿਵਸਥਾ ਨੂੰ ਬੇਹੱਦ ਮਜ਼ਬੂਤ ਕੀਤਾ ਜਾ ਰਿਹਾ ਹੈ। ਇਸੇ ਕੜੀ ਤਹਿਤ, ਸਪੈਸ਼ਲ ਆਪ੍ਰੇਸ਼ਨ ਗਰੁੱਪ ਨੇ ਜੰਮੂ ਦੇ ਬਹੂ ਪਲਾਜ਼ਾ ਤੋਂ ਰੇਲਵੇ ਸਟੇਸ਼ਨ ਵੱਲ ਜਾਣ ਵਾਲੇ ਮਾਰਗ 'ਤੇ ਵਿਸ਼ੇਸ਼ ਨਾਕੇ ਲਗਾਏ ਹਨ। ਇਹਨਾਂ ਨਾਕਿਆਂ 'ਤੇ ਆਉਣ-ਜਾਣ ਵਾਲੇ ਵਾਹਨਾਂ ਦੀ ਬਾਰੀਕੀ ਨਾਲ ਤਲਾਸ਼ੀ ਲਈ ਜਾ ਰਹੀ ਹੈ ਅਤੇ ਸ਼ੱਕੀ ਗਤੀਵਿਧੀਆਂ 'ਤੇ ਤਿੱਖੀ ਨਜ਼ਰ ਰੱਖੀ ਜਾ ਰਹੀ ਹੈ। ਸੁਰੱਖਿਆ ਏਜੰਸੀਆਂ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਦੇਸ਼ ਭਰ ਤੋਂ ਆਉਣ ਵਾਲੇ ਸ਼ਰਧਾਲੂ ਇੱਕ ਸੁਰੱਖਿਅਤ ਅਤੇ ਸ਼ਾਂਤਮਈ ਮਾਹੌਲ ਵਿੱਚ ਆਪਣੀ ਯਾਤਰਾ ਪੂਰੀ ਕਰ ਸਕਣ। ਪ੍ਰਸ਼ਾਸਨ ਨੇ ਭਰੋਸਾ ਦਿੱਤਾ ਹੈ ਕਿ ਯਾਤਰਾ ਨਾਲ ਸਬੰਧਤ ਸਾਰੇ ਸੁਰੱਖਿਆ ਘੇਰੇ ਪੂਰੀ ਤਰ੍ਹਾਂ ਤਿਆਰ ਹਨ।

# ਸੁਖਬੀਰ ਬਾਦਲ ਵਲੋਂ 55 ਵਿਧਾਨ ਸਭਾ ਹਲਕਿਆਂ 'ਚ ਹਲਕਾ ਪ੍ਰਧਾਨਾਂ ਦਾ ਐਲਾਨ

**ਕੌਮੀ ਪਤ੍ਰਿਕਾ**
**ਤੇਜਿੰਦਰ ਕੌਰ ਬੱਬਰ**

ਚੰਡੀਗੜ੍ਹ 4 ਜੂਨ। ਸ਼?ਰੋਮਣੀ ਅਕਾਲੀ ਦਲ ਵਲੋਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਤਿਆਰੀ ਖਿੱਚ ਲਈ ਗਈ ਹੈ। ਇਸ ਦੇ ਮੱਦੇਨਜ਼ਰ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਇਸਤਰੀ ਅਕਾਲੀ ਦਲ ਦੀ ਪ੍ਰਧਾਨ ਬੀਬੀ ਹਰਗੋਬਿੰਦ ਕੌਰ ਨਾਲ ਸਲਾਹ-ਮਸ਼ਵਰੇ ਉਪਰੰਤ ਅੱਜ ਇਸਤਰੀ ਅਕਾਲੀ ਦਲ ਦੀਆਂ 55 ਵੱਖ-ਵੱਖ ਵਿਧਾਨ ਸਭਾ ਹਲਕਿਆਂ ਦੀਆਂ ਹਲਕਾ ਪ੍ਰਧਾਨਾਂ ਦਾ ਐਲਾਨ ਕਰ ਦਿੱਤਾ। ਅੱਜ ਪਾਰਟੀ ਦੇ ਮੁੱਖ ਦਫ਼ਤਰ ਤੋਂ ਜਾਰੀ ਸੂਚੀ ਅਨੁਸਾਰ ਜਿਨ੍ਹਾਂ ਮਿਹਨਤੀ ਇਸਤਰੀ ਅਕਾਲੀ ਦਲ ਦੀਆਂ ਆਗੂਆਂ ਨੂੰ ਵੱਖ-ਵੱਖ 55 ਵਿਧਾਨ ਸਭਾ ਹਲਕਿਆਂ ਦੀਆਂ ਹਲਕਵਾਰ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ, ਉਨ੍ਹਾਂ 'ਚ ਹਲਕਾ ਅਟਾਰੀ (ਐਸ.ਸੀ) ਬੀਬੀ ਵਰਿੰਦਰ ਕੌਰ ਭਕਨਾ ਕਲਾਂ, ਹਲਕਾ ਬਾਬਾ ਬਕਾਲਾ (ਐਸ.ਸੀ) ਬੀਬੀ ਰਣਜੀਤ ਕੌਰ ਰਈਆ, ਹਲਕਾ ਅੰਮ੍ਰਿਤਸਰ ਪੱਛਮੀ (ਐਸ.ਸੀ) ਬੀਬੀ ਸੰਦੀਪ ਕੌਰ ਰੰਧਾਵਾ, ਹਲਕਾ ਰਾਮਪੁਰਾ ਫੂਲ ਬੀਬੀ ਗੁਰਵਿੰਦਰ ਕੌਰ ਭਗਤਾ ਸ਼ਾਮਲ ਹਨ। ਇਸੇ ਤਰ੍ਹਾਂ ਹਲਕਾ ਮੌੜ ਬੀਬੀ ਹਰਬੰਸ ਕੌਰ ਮੌੜ ਕਲਾਂ, ਹਲਕਾ ਭੁੱਚੋ ਮੰਡੀ (ਐਸ.ਸੀ) ਬੀਬੀ ਸੁਖਜੀਤ ਕੌਰ ਲਹਿਰਾ ਧੂਰਕੋਟ, ਹਲਕਾ ਭਦੌੜ (ਐਸ.ਸੀ) ਬੀਬੀ ਹਰਪ੍ਰੀਤ ਕੌਰ ਰੁੜੇਕੇ ਕਲਾਂ, ਹਲਕਾ ਮਹਿਲ ਕਲਾਂ (ਐਸ.



ਸੀ) ਬੀਬੀ ਬਲਜੀਤ ਕੌਰ ਮਾਂਗੇਵਾਲ, ਹਲਕਾ ਜਲਾਲਾਬਾਦ ਬੀਬੀ ਪਰਮਜੀਤ ਕੌਰ ਜੰਡਵਾਲਾ ਭੀਮੇਸ਼ਾਹ, ਹਲਕਾ ਬੱਲੂਆਣਾ (ਐਸ.ਸੀ) ਨੂੰ ਪ੍ਰਧਾਨ ਲਾਇਆ ਗਿਆ ਹੈ। ਇਸ ਦੇ ਨਾਲ ਹੀ ਬੀਬੀ ਵੀਰਪਾਲ ਕੌਰ ਗੋਬਿੰਦਗੜ੍ਹ, ਹਲਕਾ ਫਿਰੋਜ਼ਪੁਰ ਦਿਹਾਤੀ (ਐਸ.ਸੀ) ਬੀਬੀ ਮਨਜਿੰਦਰ ਕੌਰ ਤਲਵੰਡੀ ਭਾਈ, ਹਲਕਾ ਸ਼?ਰੀ ਫਤਿਹਗੜ੍ਹ ਸਾਹਿਬ ਬੀਬੀ ਹਰਭਜਨ ਕੌਰ ਸਰਹਿੰਦ, ਹਲਕਾ ਬੱਸੀ ਪਠਾਣਾ (ਐਸ.ਸੀ) ਬੀਬੀ ਕਰਮਜੀਤ ਕੌਰ ਖਮਾਣੋਂ, ਹਲਕਾ ਗੁਰਦਾਸਪੁਰ ਬੀਬੀ ਬਲਵਿੰਦਰ ਕੌਰ ਤੱਤਲੇ, ਹਲਕਾ ਕਾਦੀਆਂ ਤੋਂ ਸ਼?ਰੀਮਤੀ ਸੰਤੋਸ਼ ਭਗਤ, ਹਲਕਾ ਬਟਾਲਾ ਤੋਂ ਬੀਬੀ ਰਣਬੀਰ ਕੌਰ ਦੇਵਤਾ, ਹਲਕਾ ਸ਼?ਰੀ ਹਰਗੋਬਿੰਦਪੁਰ (ਐਸ.ਸੀ) ਬੀਬੀ ਸੁਖਵਿੰਦਰ ਕੌਰ, ਹਲਕਾ ਦੀਨਾਨਗਰ (ਐਸ.ਸੀ) ਬੀਬੀ ਮਨਜੀਤ ਕੌਰ ਪੁਰਾਣਾ ਸ਼ਾਲਾ, ਹਲਕਾ ਟਾਂਡਾ ਬੀਬੀ ਹਰਿੰਦਰ ਕੌਰ ਚਿੱਪੜਾਂ, ਹਲਕਾ ਹੁਸ਼ਿਆਰਪੁਰ ਬੀਬੀ ਪਰਮਜੀਤ ਕੌਰ ਸ਼ੇਰਗੜ੍ਹ, ਹਲਕਾ ਸ਼ਾਮਚੁਰਾਸੀ (ਐਸ.ਸੀ) ਬੀਬੀ ਰਣਜੀਤ ਕੌਰ ਕੋਟਲਾ ਨੌਧ ਸਿੰਘ, ਹਲਕਾ ਫਿਲੌਰ (ਐਸ.ਸੀ) ਬੀਬੀ ਰਣਜੀਤ ਕੌਰ ਰੁੜਕਾ ਖੁਰਦ, ਹਲਕਾ ਜਲੰਧਰ ਨੌਰਥ ਤੋਂ ਬੀਬੀ ਸਤਨਾਮ ਕੌਰ ਭੁੱਲਰ, ਹਲਕਾ ਜਲੰਧਰ ਪੱਛਮੀ (ਐਸ.ਸੀ) ਬੀਬੀ ਪੂਜਾ ਛਾਬੜਾ, ਹਲਕਾ ਜਲੰਧਰ ਸੈਂਟਰਲ ਬੀਬੀ ਰੀਟਾ ਰਾਣੀ, ਹਲਕਾ ਜਲੰਧਰ ਕੈਂਟ ਬੀਬੀ ਰਾਜਬੀਰ ਕੌਰ ਉਲੰਪੀਅਨ, ਹਲਕਾ ਕਪੂਰਥਲਾ ਬੀਬੀ ਬਲਬੀਰ ਕੌਰ ਸਿਧਵਾਂ, ਹਲਕਾ ਫਗਵਾੜਾ ਦਿਹਾਤੀ (ਐਸ.ਸੀ) ਬੀਬੀ ਵੀਨਾ ਰਾਣੀ ਰਾਵਲਪਿੰਡੀ ਅਤੇ ਫਗਵਾੜਾ ਸ਼ਹਿਰੀ ਤੋਂ ਬੀਬੀ ਸਰਬਜੀਤ ਕੌਰ ਸਾਬਕਾ ਐਮ.ਸੀ ਭਗਤਪੁਰਾ, ਹਲਕਾ ਗਿੱਲ (ਐਸ.ਸੀ) ਬੀਬੀ ਗੁਰਦੀਪ ਕੌਰ ਜੱਸੋਵਾਲ, ਹਲਕਾ ਦਾਖਾ ਬੀਬੀ ਸੁਖਮਿੰਦਰ ਕੌਰ ਗੁੱਜਰਵਾਲ, ਹਲਕਾ ਆਤਮ ਨਗਰ ਬੀਬੀ ਗੁਰਪ੍ਰੀਤ ਕੌਰ ਅਰੋੜਾ, ਹਲਕਾ ਪਾਇਲ (ਐਸ.ਸੀ) ਬੀਬੀ ਕਰਮਜੀਤ ਕੌਰ ਕੱਦੋਂ, ਹਲਕਾ ਲੁਧਿਆਣਾ ਦੱਖਣੀ ਬੀਬੀ ਨੀਨਾ ਵਰਮਾ ਪ੍ਰਭਾਤ ਨਗਰ ਨੂੰ ਹਲਕਾ ਪ੍ਰਧਾਨ ਲਾਇਆ ਗਿਆ ਹੈ। ਹਲਕਾ ਲੁਧਿਆਣਾ ਸੈਂਟਰਲ ਤੋਂ ਬੀਬੀ ਗੁਰਪ੍ਰੀਤ ਕੌਰ ਸੀਬੀਆ, ਹਲਕਾ ਲੁਧਿਆਣਾ ਵੈਸਟ ਸ਼?ਰੀਮਤੀ ਰਜਿੰਦਰ ਕੌਰ ਸੰਧੂ, ਹਲਕਾ ਬਾਘਾਪੁਰਾਣਾ ਬੀਬੀ ਖੁਸ਼ਵਿੰਦਰ ਕੌਰ ਬੰਬੀਹਾ, ਹਲਕਾ ਨਿਹਾਲ ਸਿੰਘ ਵਾਲਾ (ਐਸ.ਸੀ) ਬੀਬੀ ਸੁਖਦੀਪ ਕੌਰ ਸੈਦੋਕੇ, ਹਲਕਾ ਮਾਨਸਾ ਬੀਬੀ ਕਰਮਜੀਤ ਕੌਰ ਸਮਾਓ, ਹਲਕਾ ਬੁੱਢਲਾਡਾ (ਐਸ.ਸੀ) ਬੀਬੀ ਸੁਖਵਿੰਦਰ ਕੌਰ ਸੁੱਖੀ, ਹਲਕਾ ਸਰਦੂਲਗੜ ਬੀਬੀ ਲਾਭ ਕੌਰ ਮੂਸਾ, ਹਲਕਾ ਲੰਬੀ ਬੀਬੀ ਰਜਿੰਦਰਪਾਲ ਕੌਰ ਬਾਦਲ, ਹਲਕਾ ਮਲੇਰਕੋਟਲਾ ਬੀਬੀ ਸੁਰੱਈਆ ਬੇਗਮ, ਹਲਕਾ ਬਲਾਚੌਰ ਬੀਬੀ ਸੁਰਿੰਦਰ ਕੌਰ ਆਸਰੋਂ, ਹਲਕਾ ਸੰਗਰੂਰ ਬੀਬੀ ਜਸਵਿੰਦਰ ਕੌਰ ਨਕਟੇ, ਹਲਕਾ ਧੂਰੀ ਬੀਬੀ ਮਨਜੀਤ ਕੌਰ ਔਲਖ, ਹਲਕਾ ਦਿੜਬਾ (ਐਸ.ਸੀ) ਬੀਬੀ ਹਰਜਿੰਦਰ ਕੌਰ ਨੰਗਲਾਂ, ਹਲਕਾ ਲਹਿਰਾਗਾਗਾ ਬੀਬੀ ਚਰਨਜੀਤ ਕੌਰ ਲਹਿਰਾ ਅਤੇ ਹਲਕਾ ਤਰਨਤਾਰਨ ਬੀਬੀ ਪਰਮਿੰਦਰ ਕੌਰ (ਐਮ. ਸੀ) ਦੇ ਨਾਮ ਸ਼ਾਮਲ ਹਨ।

## ਮਹਾਰਾਸ਼ਟਰ ਅਤੇ ਗੁਜਰਾਤ 'ਚ ਈ. ਡੀ. ਦਾ ਵੱਡਾ ਐਕਸ਼ਨ !

ਮੁੰਬਈ 4 ਜੂਨ। ਦਾਊਦ ਇਬਰਾਹਿਮ ਨਾਲ ਜੁੜੇ ਡਰੱਗਜ਼ ਰੈਕੇਟ ਮਾਮਲੇ 'ਚ ਇਨਫੋਰਸਮੈਂਟ ਡਾਇਰੈਕਟੋਰੇਟ (ਈ. ਡੀ.) ਨੇ ਮਹਾਰਾਸ਼ਟਰ ਅਤੇ ਗੁਜਰਾਤ 'ਚ ਕਈ ਥਾਵਾਂ 'ਤੇ ਛਾਪੇਮਾਰੀ ਕੀਤੀ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਹ ਛਾਪੇਮਾਰੀ ਹਾਲ ਹੀ 'ਚ ਤੁਰਕੀ ਤੋਂ ਵਾਪਸ ਭਾਰਤ ਲਿਆਂਦੇ ਗਏ ਨਸ਼ੀਲੇ ਪਦਾਰਥਾਂ ਦੇ ਸਮੱਗਲਰ ਤੇ ਦਾਊਦ ਦੇ ਕਰੀਬੀ ਮੁਹੰਮਦ ਸਲੀਮ ਡੋਲਾ ਖ਼?ਲਾਫ਼ ਮਨੀ ਲਾਂਡਰਿੰਗ ਮਾਮਲੇ ਦੀ ਜਾਂਚ ਤਹਿਤ ਕੀਤੀ ਗਈ। ਅਧਿਕਾਰੀਆਂ ਨੇ ਦੱਸਿਆ ਕਿ ਕੇਂਦਰੀ ਏਜੰਸੀ ਵੱਲੋਂ ਮਨੀ ਲਾਂਡਰਿੰਗ ਰੋਕੂ ਐਕਟ (ਪੀ. ਐੱਮ. ਐੱਲ. ਏ.) ਤਹਿਤ ਮਾਮਲਾ ਦਰਜ ਕੀਤੇ ਜਾਣ ਤੋਂ ਬਾਅਦ ਮੁੰਬਈ ਅਤੇ ਗੁਜਰਾਤ ਦੇ ਸੂਰਤ ਤੇ ਅੰਕਲੇਸ਼ਵਰ (ਭਰੂਚ ਜ਼ਿਲਾ) ਸਮੇਤ ਲੱਗਭਗ 20 ਥਾਵਾਂ 'ਤੇ ਛਾਪੇਮਾਰੀ ਕੀਤੀ ਗਈ। ਡੋਲਾ ਉਰਫ਼ ਸਲੀਮ ਇਸਮਾਈਲ ਡੋਲਾ ਨੂੰ ਗਲੋਬਲ ਪੱਧਰ 'ਤੇ ਲੋੜੀਂਦੇ ਅੱਤਵਾਦੀ ਦਾਊਦ ਇਬਰਾਹਿਮ ਦਾ ਕਰੀਬੀ ਸਹਿਯੋਗੀ ਦੱਸਿਆ ਜਾਂਦਾ ਹੈ ਅਤੇ ਨਸ਼ੀਲੇ ਪਦਾਰਥ ਵਿਰੋਧੀ ਏਜੰਸੀਆਂ ਨੇ ਉਸ ਖਿਲਾਫ ਅੰਤਰਰਾਸ਼ਟਰੀ ਨਸ਼ੀਲੇ ਪਦਾਰਥ ਸਮੱਗਲਿੰਗ ਦਾ ਗਿਰੋਹ ਚਲਾਉਣ ਦੇ ਦੋਸ਼ ਹੇਠ ਮਾਮਲਾ ਦਰਜ ਕੀਤਾ ਹੈ।

# ਹਸਪਤਾਲ ਵਿਚ ਹੋਈ ਜ਼ਬਰਦਸਤ ਖ਼ੂਨੀ ਝੜਪ ਦੇ ਮਾਮਲੇ ਵਿਚ ਵੱਡੀ ਕਾਰਵਾਈ

**ਕੌਮੀ ਪਤ੍ਰਿਕਾ**

ਡੇਰਾਬਸੀ 4 ਜੂਨ। ਸਿਵਲ ਹਸਪਤਾਲ ’ਚ ਸ਼ੁੱਕਰਵਾਰ ਰਾਤ ਹੋਈ ਖ਼ੂਨੀ ਝੜਪ ਦੇ ਮਾਮਲੇ ’ਚ ਪੁਲਸ ਨੇ ਸੱਤਾਧਾਰੀ ਸਰਪੰਚ ਦੇ ਪਤੀ ਰਣਜੀਤ ਸਿੰਘ ਮਿੰਟਾ ਗੁੱਜਰ ਦੀ ਸ਼ਿਕਾਇਤ ’ਤੇ ਕਾਂਗਰਸੀ ਧਿਰ ਦੇ 17 ਮੁਲਜ਼ਮਾਂ ਖ਼ਿਲਾਫ਼ ਪਰਚਾ ਦਰਜ ਕਰ ਲਿਆ। ਨਾਲ ਹੀ ਛੇ ਮੁਲਜ਼ਮਾਂ ਨੂੰ ਐਤਵਾਰ ਨੂੰ ਅਦਾਲਤ ’ਚ ਪੇਸ਼ ਕਰਕੇ 3 ਦਿਨ ਦਾ ਰਿਮਾਂਡ ਹਾਸਲ ਕੀਤਾ। ਗ੍ਰਿਫ਼ਤਾਰ ਮੁਲਜ਼ਮਾਂ ’ਚ ਜ਼ਿਆਦਾਤਰ ਜ਼ਖ਼ਮੀ ਸ਼ਾਮਲ ਸਨ, ਜਿਨ੍ਹਾਂ ਨੂੰ ਪੁਲਸ ਨੇ ਹਸਪਤਾਲ ਤੋਂ ਹਿਰਾਸਤ ’ਚ ਲੈ ਲਿਆ। ਪੁਲਸ ਨੇ ਮੌਕੇ ’ਤੇ ਹਾਜ਼ਰ ਕਾਂਗਰਸ ਹਲਕਾ ਇੰਚਾਰਜ ਦੀਪਇੰਦਰ ਸਿੰਘ ਢਿੱਲੋਂ ਦੇ ਬੇਟੇ ਉਦੈਵੀਰ ਸਿੰਘ ਢਿੱਲੋਂ ਦਾ ਨਾਂ ਵੀ ਜਾਂਚ ਲਈ ਸ਼ਾਮਲ ਕੀਤਾ ਹੈ। ਪੁਲਸ ਨੇ ਦੱਸਿਆ ਕਿ ਸ਼ਿਕਾਇਤਕਰਤਾ ਰਣਜੀਤ ਸਿੰਘ ਉਰਫ਼ ਮਿੰਟਾ ਗੁੱਜਰ ਨੇ ਦੋਸ਼ ਲਾਇਆ ਕਿ ਸਿਵਲ ਹਸਪਤਾਲ ’ਚ ਹਮਲਾ ਉਦੈਵੀਰ ਸਿੰਘ ਢਿੱਲੋਂ ਦੀ ਸ਼ਹਿ ’ਤੇ ਹੋਇਆ ਤੇ ਉਹ ਮੌਕੇ ’ਤੇ ਮੌਜੂਦ ਸੀ, ਜਿਸ ਦੀ ਜਾਂਚ ਕੀਤੀ ਜਾਵੇਗੀ। ਮੁਲਜ਼ਮਾਂ ’ਚ ਅਨਿਲ ਕੁਮਾਰ ਉਰਫ਼ ਹਨੀ ਪਡੰਤ, ਅੰਗਰੇਜ਼ ਸਿੰਘ, ਮਹੀਪਾਲ, ਨਰੇਸ਼ ਕੁਮਾਰ, ਮਨੀਸ਼ ਕੁਮਾਰ ਮੰਗੂ, ਕਰਮਪਾਲ, ਅਸ਼ੋਕ ਕੁਮਾਰ, ਰਾਜੇਸ਼ ਕੁਮਾਰ, ਰਾਜ ਕੁਮਾਰ, ਅਮਰ ਸਿੰਘ, ਮੋਹਿਤ, ਗੁਰਪ੍ਰੀਤ ਸਿੰਘ, ਗੁਰਜੰਟ, ਗੁਰਮੀਤ ਸਿੰਘ, ਨਾਇਬ ਸਿੰਘ, ਮਯੰਕ ਤੇ ਸੰਜੀਵ ਕੁਮਾਰ ਸ਼ਾਮਲ ਹਨ। ਪੁਲਸ ਸ਼ਿਕਾਇਤ ’ਚ ਰਣਜੀਤ ਸਿੰਘ ਉਰਫ਼ ਮਿੰਟਾ ਗੁੱਜਰ ਨੇ ਦੋਸ਼ ਲਾਇਆ ਕਿ ਹਨੀ ਪੰਡਤ ਸ਼ੁੱਕਰਵਾਰ ਨੂੰ ਸਾਥੀਆਂ ਨਾਲ ਗੌਰਵ ਦੇ ਘਰ ਵੜ ਕੇ ਕੁੱਟਮਾਰ ਕਰ ਰਿਹਾ ਸੀ। ਉਹ ਸਾਥੀਆਂ ਨਾਲ ਉਸ ਨੂੰ ਬਚਾਉਣ ਲਈ ਗਿਆ ਤਾਂ ਉਨ੍ਹਾਂ ਨੇ ਉਸ ਦੀ ਤੇ ਸਾਥੀਆਂ ਦੀ ਕੁੱਟਮਾਰ ਕੀਤੀ। ਉਹ ਇਲਾਜ ਕਰਵਾਉਣ ਲਈ ਸਿਵਲ ਹਸਪਤਾਲ ਪਹੁੰਚੇ ਤਾਂ ਐਮਰਜੰਸੀ ’ਚ ਪਹਿਲਾਂ ਹੀ ਹਨੀ ਪਡੰਤ, ਸਾਥੀ ਤੇ ਕਾਂਗਰਸੀ ਆਗੂ ਉਦੈਵੀਰ ਸਿੰਘ ਢਿੱਲੋਂ ਵੀ ਹਾਜ਼ਰ ਸਨ। ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਢਿੱਲੋਂ ਨੇ ਹਨੀ ਪਡੰਤ ਤੇ ਹੋਰਨਾਂ ਨੂੰ ਕਿਹਾ ਕਿ ਇਨ੍ਹਾਂ ਨੂੰ ਫੜ ਲਓ ਤੇ ਅੱਜ ਇਹ ਬਚਣੇ ਨਹੀਂ ਚਾਹੀਦੇ। ਇਸ ਮਗਰੋਂ ਹਨੀ ਤੇ ਸਾਥੀਆਂ ਨੇ ਹਸਪਤਾਲ ’ਚ ਪਏ ਗਮਲੇ, ਬੈਰੀਕੇਡ, ਅੱਗ ਬੁਝਾਊ ਸਿਲੰਡਰ, ਕੈਂਚੀਆਂ, ਪੇਚਕਸ, ਸਟੂਲ ਸਣੇ ਹੋਰਨਾਂ ਸਾਮਾਨ ਨਾਲ ਉਨ੍ਹਾਂ ਦੀ ਬੁਰੀ ਤਰਾਂ ਮਾਰਕੁੱਟ ਕੀਤੀ। ਦੂਜੇ ਪਾਸੇ ਕਾਂਗਰਸ ਹਲਕਾ ਇੰਚਾਰਜ ਦੀਪਇੰਦਰ ਸਿੰਘ ਢਿੱਲੋਂ ਨੇ ਦੋਸ਼ ਲਾਇਆ ਕਿ ਪੁਲਸ ਨੇ ਸਿਆਸੀ ਦਬਾਅ ਹੇਠ ਇਕ ਤਰਫ਼ਾ ਕਾਰਵਾਈ ਕੀਤੀ ਹੈ ਜਦਕਿ ਮਾਰਕੁੱਟ ਕਰਨ ਵਾਲੀ ਸੱਤਾਧਾਰੀ ਧਿਰ ’ਤੇ ਕਾਰਵਾਈ ਨਹੀਂ ਕੀਤੀ। ਪਿੰਡ ’ਚ ਨਾਜਾਇਜ਼ ਮਾਈਨਿੰਗ ਹੋ ਰਹੀ ਹੈ। ਇਸ ਸਬੰਧ ’ਚ ਪਿੰਡ ਦੇ ਵਸਨੀਕ ਕਈਂ ਦਿਨਾਂ ਤੋਂ ਸ਼ਿਕਾਇਤ ਕਰ ਰਹੇ ਸੀ ਪਰ ਕੋਈ ਕਾਰਵਾਈ ਨਹੀਂ ਹੋ ਰਹੀ ਸੀ। ਇਸ ਨੂੰ ਲੈ ਕੇ ਸ਼ੁੱਕਰਵਾਰ ਨੂੰ ਉਨ੍ਹਾਂ ਦਾ ਬੇਟਾ ਉਦੈਵੀਰ ਪਿੰਡ ਮੁਕੰਦਪੁਰ ਗਿਆ ਤੇ ਨਾਜਾਇਜ਼ ਮਾਈਨਿੰਗ ਦੀ ਵੀਡਿਓ ਬਣਾ ਕੇ ਉਸ ਨੇ ਡੀ.ਸੀ. ਮੋਹਾਲੀ ਨੂੰ ਭੇਜ ਮੁਲਜ਼ਮਾਂ ਖ਼ਿਲਾਫ਼ ਕਾਰਵਾਈ ਦੀ ਮੰਗ ਕੀਤੀ ਸੀ। ਉਨ੍ਹਾਂ ਕਿਹਾ ਕਿ ਰੰਜਿਸ਼ ਤਹਿਤ ਸੱਤਾਧਾਰੀ ਧਿਰ ਨੇ ਸ਼ਿਕਾਇਤਕਰਤਾ ਧਿਰ ਹਨੀ ਪਡੰਤ ’ਤੇ ਹਮਲਾ ਕਰ ਦਿੱਤਾ। ਇਸ ’ਚ ਗੰਭੀਰ ਜ਼ਖ਼ਮੀ ਹੋ ਗਏ। ਜਦ ਉਹ ਪੁਲਸ ਕਾਰਵਾਈ ਕਰਵਾਉਣ ਲਈ ਸਿਵਲ ਹਸਪਤਾਲ ’ਚ ਦਾਖ਼ਲ ਹੋਏ, ਜਿੱਥੇ ਉਨ੍ਹਾਂ ਦਾ ਹਾਲਚਾਲ ਪੁੱਛਣ ਲਈ ਉਦੈਵੀਰ ਮੌਕੇ ’ਤੇ ਪਹੁੰਚੇ ਤਾਂ ਮਿੰਟਾ ਗੁੱਜਰ ਗਰੁੱਪ ਨੇ ਮੁੜ ਤੋਂ ਹਸਪਤਾਲ ’ਚ ਉਨ੍ਹਾਂ ’ਤੇ ਹਮਲਾ ਕਰ ਦਿੱਤਾ। ਉਨ੍ਹਾਂ ਨੇ ਦੋਸ਼ ਲਾਇਆ ਕਿ ਮਿੰਟਾ ਗੁੱਜਰ ਗੈਂਗਸਟਰ ਕਿਸਮ ਦਾ ਹੈ। ਉਸ ਖ਼ਿਲਾਫ਼ ਕਰੀਬ ਦਸ ਪਰਚੇ ਦਰਜ ਹਨ। ਉੱਧਰ, ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਚੇਤਾਵਨੀ ਦਿੱਤੀ ਕਿ ਇਹ ਹਲਕਾ ਉਨ੍ਹਾਂ ਦਾਘਰ ਹੈ, ਇੱਥੇ ਗੰਦੀ ਰਾਜਨੀਤੀ ਨਾ ਕਰੋ। ਮਾਵਾਂ ਦੇ ਪੁੱਤ ਨੂੰ ਨਾ ਮਰਵਾਓ। ਉਨ੍ਹਾਂ ਵਿਰੋਧੀਆਂ ਨੂੰ ਕਿਹਾ ਕਿ ਰਾਜਨੀਤੀ ਚਮਕਾਉਣ ਕਰ ਕੇ ਹਲਕੇ ਦੇ ਪਿੰਡਾਂ ’ਚ ਅੱਗ ਨਾ ਲਾਓ ਕਿਉਂਕਿ ਅਕਸਰ ਅੱਗ ਲਾਉਣ ਵਾਲੇ ਤੱਕ ਵੀ ਅੱਗ ਦਾ ਤਾਪ ਜ਼ਰੂਰ ਪਹੁੰਚਦਾ ਹੈ। ਨਥਾਣਾ ਮੁਖੀ ਮਨਦੀਪ ਸਿੰਘ ਨੇ ਕਿਹਾ ਕਿ ਜ਼ਖ਼ਮੀ ਦੇ ਬਿਆਨ ਦੇ ਆਧਾਰ ’ਤੇ ਕਾਰਵਾਈ ਕੀਤੀ ਹੈ। ਉਨ੍ਹਾਂ ਕਿਹਾ ਕਿ ਉਦੈਵੀਰ ਸਿੰਘ ਢਿੱਲੋਂ ਨੂੰ ਜਾਂਚ ਲਈ ਐੱਫ.ਆਈ.ਆਰ. ’ਚ ਸ਼ਾਮਲ ਕੀਤਾ ਗਿਆ ਹੈ, ਜੇਕਰ ਜਾਂਚ ’ਚ ਉਨ੍ਹਾਂ ਦੀ ਕੋਈ ਭੂਮਿਕਾ ਪਾਈ ਗਈ ਤਾਂ ਅਗਲੀ ਕਾਰਵਾਈ ਕੀਤੀ ਜਾਏਗੀ। ਉਨ੍ਹਾਂ ਨੇ ਸਿਆਸੀ ਦਬਾਅ ਦੀ ਗੱਲ ਨੂੰ ਸਿਰੇ ਤੋਂ ਨਕਾਰ ਦਿੱਤਾ।

## ਮਿਹਨਤਕਸ਼ ਲੱਡੂ ਵੇਚਣ ਵਾਲੇ ਨਾਲ ਕੁੱਟਮਾਰ ਕਰਕੇ ਮੋਬਾਇਲ ਤੇ ਨਕਦੀ ਲੁੱਟੀ

ਸੁਲਤਾਨਪੁਰ ਲੋਧੀ 4 ਜੂਨ। ਇਲਾਕੇ ਵਿਚ ਲੁੱਟਾਂਖੋਹਾਂ ਦੀਆਂ ਘਟਨਾਵਾਂ ਰੁਕਣ ਦਾ ਨਾਮ ਨਹੀਂ ਲੈ ਰਹੀਆਂ, ਜਿਸ ਕਾਰਨ ਆਮ ਲੋਕਾਂ ਵਿਚ ਡਰ ਅਤੇ ਅਸੁਰੱਖਿਆ ਦਾ ਮਾਹੌਲ ਬਣਦਾ ਜਾ ਰਿਹਾ ਹੈ। ਤਾਜ਼ਾ ਮਾਮਲੇ ਵਿਚ ਪ੍ਰਾਪਤ ਜਾਣਕਾਰੀ ਅਨੁਸਾਰ ਮਿਹਨਤ ਮਜ਼ਦੂਰੀ ਕਰਕੇ ਆਪਣੇ ਪਰਿਵਾਰ ਦਾ ਗੁਜ਼ਾਰਾ ਕਰਨ ਵਾਲੇ ਲੱਡੂ ਵੇਚਣ ਵਾਲੇ ਸ਼ਿਵ ਸ਼ੰਕਰ ਪਾਂਡੇ ਪੁੱਤਰ ਲਾਲ ਬਹਾਦਰ ਪਾਂਡੇ, ਨਿਵਾਸੀ ਪਿੰਡ ਪਕੜੀ ਕਲਾਂ, ਜ਼ਿਲ੍ਹਾ ਬਹਿਰਾਇਚ (ਉੱਤਰ ਪ੍ਰਦੇਸ਼), ਜੋ ਇਸ ਸਮੇਂ ਵਾਰਡ ਨੰਬਰ 1 ਮਨਜੀਤ ਨਗਰ, ਲੋਹੀਆਂ ਖਾਸ (ਜਲੰਧਰ) ਵਿਚ ਰਹਿ ਰਹੇ ਹਨ, ਲੁਟੇਰਿਆਂ ਦਾ ਸ਼ਿਕਾਰ ਬਣ ਗਿਆ। ਗੱਲਬਾਤ ਕਰਦੇ ਹੋਏ ਸ਼ਿਵ ਸ਼ੰਕਰ ਪਾਂਡੇ ਨੇ ਦੱਸਿਆ ਕਿ ਪੀੜਤ ਘਟਨਾ ਬੀਤੇ ਦਿਨੀ ਸ਼ਾਮ ਕਰੀਬ ਸਵਾ 6 ਵਜੇ ਦੀ ਹੈ, ਜਦੋਂ ਉਹ ਮੁਹੱਲਾ ਅਰੋੜਾ ਰਸਤਾ, ਸੁਲਤਾਨਪੁਰ ਲੋਧੀ ਵਿਚ ਆਪਣੇ ਰੋਜ਼ਾਨਾ ਕੰਮ ਤੋਂ ਵਾਪਸ ਆ ਰਹੇ ਸਨ। ਇਸ ਦੌਰਾਨ ਮੋਟਰਸਾਈਕਲ ’ਤੇ ਸਵਾਰ ਹੋ ਕੇ ਆਏ 3 ਅਣਪਛਾਤੇ ਲੁੱਟੇਰਿਆਂ ਨੇ ਉਸਨੂੰ ਨਿਸ਼ਾਨਾ ਬਣਾਉਂਦਿਆਂ ਪਹਿਲਾਂ ਘੇਰ ਕੇ ਉਸ ਦੀ ਕੁੱਟਮਾਰ ਕੀਤੀ ਅਤੇ ਫਿਰ ਉਸ ਕੋਲੋਂ ਵੀਵੋ ਕੰਪਨੀ ਦਾ ਮੋਬਾਇਲ ਫੋਨ ਅਤੇ ਕਰੀਬ 1000 ਰੁਪਏ ਦੀ ਨਕਦੀ ਖੋਹ ਕੇ ਫ਼ਰਾਰ ਹੋ ਗਏ। ਪੀੜਤ ਸ਼ਿਵ ਸ਼ੰਕਰ ਪਾਂਡੇ ਨੇ ਦੱਸਿਆ ਕਿ ਉਸ ਵੱਲੋਂ ਤੁਰੰਤ ਇਸ ਸਬੰਧੀ ਥਾਣਾ ਸੁਲਤਾਨਪੁਰ ਲੋਧੀ ਦੀ ਪੁਲਸ ਨੂੰ ਸੂਚਿਤ ਕਰ ਦਿੱਤਾ ਗਿਆ ਹੈ। ਇਸ ਘਟਨਾ ਤੋਂ ਬਾਅਦ ਇਲਾਕੇ ਦੇ ਵਸਨੀਕਾਂ ਵਿਚ ਗੁੱਸਾ ਹੈ

# ਨੌਜਵਾਨ ਦੀ ਨਹਿਰ ’ਚੋਂ ਮਿਲੀ ਲਾਸ਼, ਪਰਿਵਾਰ ’ਚ ਛਾਇਆ ਸੋਗ

**ਕੌਮੀ ਪਤ੍ਰਿਕਾ**

ਤਲਵਾੜਾ 4 ਜੂਨ। ਸੀ-ਪਾਇਟ ਤਲਵਾੜਾ ਦੇ ਨਹਿਰ ’ਚ ਨਹਾਉਣ ਗਏ ਡੁੱਬੇ ਟ?ਰੇਨੀ ਨੌਜਵਾਨ ਦੀ ਲਾਸ਼ ਨਹਿਰ ’ਚੋਂ ਬਰਾਮਦ ਕੀਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐੱਸ. ਐੱਚ. ਓ. ਤਲਵਾੜਾ ਸਤਪਾਲ ਸਿੰਘ ਨੇ ਦੱਸਿਆ ਹੈ ਕਿ ਤਲਵਾੜਾ ਪੁਲਸ ਨੂੰ ਦਿੱਤੇ ਬਿਆਨ ’ਚ ਸੁਖਵਿੰਦਰ ਸਿੰਘ ਪੁੱਤਰ ਸਿੰਗਾਰਾ ਸਿੰਘ ਵਾਸੀ ਪਿੰਡ ਟੁੰਡ ਥਾਣਾ ਗੜ੍ਹਦੀਵਾਲਾ ਨੇ ਦੱਸਿਆ ਹੈ ਕਿ ਮੇਰਾ ਲੜਕਾ ਗੁਰਪ੍ਰੀਤ ਸਿੰਘ (19) ਜੋ ਸੀ-ਪਾਇਟ ਕੈਂਪ ਤਲਵਾੜਾ ਵਿਖੇ ਆਰਮੀ ਦੀ ਭਰਤੀ ਲਈ ਕਰੀਬ 4-5 ਮਹੀਨਿਆਂ ਤੋਂ ਟਰੇਨਿੰਗ ਲੈ ਰਿਹਾ ਸੀ, 26 ਮਾਰਚ ਨੂੰ ਕਰੀਬ 5 ਵਜੇ ਸ਼ਾਮ ਮੈਨੂੰ ਸੀ-ਪਾਇਟ ਅਕੈਡਮੀ ਤਲਵਾੜਾ ਤੋਂ ਫੋਨ ਆਇਆ ਕਿ ਤੁਹਾਡਾ ਲੜਕਾ ਗੁਰਪ੍ਰੀਤ ਸਿੰਘ ਸ਼ਾਹ ਨਹਿਰ ਤਲਵਾੜਾ ਵਿੱਚ ਡੁੱਬ ਗਿਆ ਹੈ। ਇਸ ਦੇ ਬਾਅਦ ਮੈਂ ਆਪਣੇ ਪਰਿਵਾਰ ਨਾਲ ਤਲਵਾੜਾ ਵਿਖੇ ਪੁੱਜਿਆ ਅਤੇ ਫਿਰ ਸ਼ਾਹ ਨਹਿਰ ਦੇ ਆਸ ਪਾਸ ਆਪਣੇ ਲੜਕੇ ਗੁਰਪ੍ਰੀਤ ਸਿੰਘ ਦੀ ਭਾਲ ਕੀਤੀ ਜੋ ਨਹੀਂ ਮਿਲਿਆ। ਅੱਜ ਸਵੇਰੇ ਮੈਂ ਸਮੇਤ ਆਪਣੇ ਰਿਸਤੇਦਾਰਾਂ ਦੇ, ਪਰਿਵਾਰਕ ਮੈਂਬਰਾਂ ਦੇ ਅਤੇ ਪਿੰਡ ਵਾਸੀਆਂ ਨਾਲ ਆਪਣੇ ਲੜਕੇ ਗੁਰਪ੍ਰੀਤ ਸਿੰਘ ਦੀ ਬਾਬਾ ਦੀਪ ਸਿੰਘ ਸੇਵਾ ਦੱਲ ਦੇ ਸੇਵਾਦਾਰ ਗੋਤਾਖੋਰਾਂ ਦੀ ਮਦਦ ਨਾਲ ਮੇਰੇ ਲੜਕੇ ਗੁਰਪ੍ਰੀਤ ਸਿੰਘ ਦੀ ਲਾਸ਼ ਨਹਿਰ ਵਿਚੋਂ ਬਾਹਰ ਕੱਢੀ। ਜਿਸ ਸਬੰਧੀ ਮੈਨੂੰ ਸੀ-ਪਾਇਟ ਅਕੈਡਮੀ ਤਲਵਾੜਾ ਅਤੇ ਗੁਰਪ੍ਰੀਤ ਸਿੰਘ ਦੇ ਹੋਰ ਸਾਥੀ ਬੱਚਿਆ ਪਾਸੋਂ ਚੰਗੀ ਤਰਾਂ ਨਾਲ ਪੁੱਛਗਿੱਛ ਕੀਤੀ ਤਾਂ ਮੈਨੂੰ ਪਤਾ ਲੱਗਾ ਹੈ ਕਿ 26 ਮਾਰਚ ਨੂੰ ਵਕਤ



ਕਰੀਬ 3 ਵਜੇ ਸ਼ਾਮ ਗੁਰਪ੍ਰੀਤ ਸਿੰਘ ਨਹਾਉਣ ਲਈ ਨਹਿਰ ’ਤੇ ਗਿਆ ਸੀ, ਜਿੱਥੇ ਉਸ ਦਾ ਪੈਰ ਫਿਸਲਣ ਕਰਕੇ ਉਹ ਨਹਿਰ ਦੇ ਡੂੰਘੇ ਪਾਣੀ ਵਿੱਚ ਡਿੱਗ ਪਿਆ। ਤਲਵਾੜਾ ਪੁਲਸ ਨੇ ਗੁਰਪ੍ਰੀਤ ਸਿੰਘ ਦੇ ਪਿਤਾ ਸੁਖਵਿੰਦਰ ਸਿੰਘ ਦੇ ਬਿਆਨਾਂ ’ਤੇ ਕਾਰਵਾਈ ਕਰਦੇ ਹੋਏ ਲਾਸ਼ ਨੂੰ ਕਬਜੇ ’ਚ ਲੈ ਕੇ ਤਲਵਾੜਾ ਦੇ ਬੀ. ਬੀ. ਐੱਮ. ਬੀ. ਹਸਪਤਾਲ ਵਿਖੇ ਪੋਸਟਮਾਰਟਮ ਲਈ ਭੇਜ ਦਿੱਤੀ ਹੈ।

## ਸਕੂਲ ਮਾਲਕ ਨੂੰ ਗ੍ਰਿਫ਼ਤਾਰ ਕਰਨ ਨੂੰ ਲੈ ਕੇ ’ਆਪ’ ਸਰਕਾਰ ਵਿਵਾਦਾਂ ’ਚ ਘਿਰੀ

ਜਲੰਧਰ 4 ਜੂਨ। ਜਲੰਧਰ ’ਚ ਇਕ ਸਕੂਲ ਮਾਲਕ ਦੇ ਘਰ ’ਤੇ ਪੁਲਸ ਦੀ ਰੇਡ ਅਤੇ ਉਸ ਤੋਂ ਬਾਅਦ ਸਕੂਲ ਮਾਲਕ ਨੂੰ ਹਿਰਾਸਤ ’ਚ ਲੈਣ ਨੂੰ ਲੈ ਕੇ ਆਮ ਆਦਮੀ ਪਾਰਟੀ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਇਕ ਵਾਰ ਫਿਰ ਵਿਵਾਦ ਵਿੱਚ ਘਿਰ ਗਏ ਹਨ। ਜਾਣਕਾਰੀ ਮੁਤਾਬਕ ਪੁਲਸ ਨੇ ਸਵੇਰੇ 5 ਵਜੇ ਦੇ ਕਰੀਬ ਡਿਪਸ ਸਕੂਲ ਦੇ ਮਾਲਕ ਤਰਵਿੰਦਰ ਰਾਜੂ ਦੇ ਘਰ ਛਾਪਾ ਮਾਰਿਆ ਅਤੇ ਉਸ ਨੂੰ ਪੁਲਸ ਨਾਲ ਲੈ ਗਈ। ਪਤਾ ਲੱਗਾ ਹੈ ਕਿ ਜਲਾਲਾਬਾਦ ’ਚ ਕਿਸੇ ਜ਼ਮੀਨ ਨੂੰ ਲੈ ਕੇ ਕੋਈ ਵਿਵਾਦ ਸੀ, ਜਿਸ ਕਾਰਨ



ਤਰਵਿੰਦਰ ਰਾਜੂ ਦੇ ਘਰ ਪੁਲਸ ਪਹੁੰਚੀ ਸੀ। ਇਹ ਹੈਰਾਨੀ ਵਾਲੀ ਗੱਲ ਹੈ ਕਿ ਆਮ ਆਦਮੀ ਪਾਰਟੀ ਦੇ ਇਕ ਵਿਧਾਇਕ ਦੇ ਕਥਿਤ ਤੌਰ ’ਤੇ ਉਸ ਜ਼ਮੀਨ ਵਿਵਾਦ ’ਚ ਸ਼ਾਮਲ ਹੋਣ ਦੀ ਗੱਲ ਕਹੀ ਜਾ ਰਹੀ ਹੈ, ਜਿਸ ’ਤੇ ਇਹ ਮਾਮਲਾ ਦਰਜ ਕੀਤਾ ਗਿਆ ਸੀ। ਸੂਤਰਾਂ ਤੋਂ ਮਿਲੀ ਜਾਣਕਾਰੀ ਮੁਤਾਬਕ ਜਲਾਲਾਬਾਦ ’ਚ ਉਸ ਜ਼ਮੀਨ ਬਾਰੇ ਪਹਿਲਾਂ ਹੀ ਇਕ ਸ਼ਿਕਾਇਤ ਦਰਜ ਕੀਤੀ ਗਈ ਸੀ, ਜਿਸ ’ਤੇ ਇਹ ਪੂਰਾ ਮਾਮਲਾ ਦਰਜ ਕੀਤਾ ਗਿਆ ਹੈ। ਹਾਲਾਂਕਿ ਇਸ ਮਾਮਲੇ ਵਿੱਚ ਦੋ ਵਾਰ ਜਾਂਚ ਕੀਤੀ ਗਈ ਸੀ, ਜਿਸ ’ਚ ਤਰਵਿੰਦਰ ਰਾਜੂ ਨੂੰ ਕਲੀਨ ਚਿੱਟ ਦਿੱਤੀ ਗਈ ਸੀ। ਮਨੁੱਖਤਾ ਅਦਾਲਤ ਦੁਆਰਾ ਪਹਿਲਾਂ ਹੀ ਇਕ ਫ਼ੈਸਲਾ ਜਾਰੀ ਕੀਤਾ ਜਾ ਚੁੱਕਾ ਹੈ। ਜੇਕਰ ਕਿਸੇ ਮਾਮਲੇ ਦੀ ਦੋ ਵਾਰ ਜਾਂਚ ਕੀਤੀ ਗਈ ਹੈ ਤਾਂ ਇਸ ਦੀ ਦੋਬਾਰਾ ਜਾਂਚ ਨਹੀਂ ਕੀਤੀ ਜਾ ਸਕਦੀ। ਇਸੇ ਮਾਮਲੇ ਨੂੰ ਲੈ ਕੇ ਕਥਿਤ ਤੌਰ ’ਤੇ ਦੋਬਾਰਾ ਇਹ ਨਵਾਂ ਵਿਵਾਦ ਛੇੜਿਆ ਗਿਆ ਹੈ। ਸੂਤਰਾਂ ਦਾ ਕਹਿਣਾ ਹੈ ਕਿ ਵਿਵਾਦ ਨੂੰ ਜਾਣ-ਬੁੱਝ ਕੇ ਚੁੱਕਿਆ ਗਿਆ ਹੈ ਕਿਉਂਕਿ ਉਕਤ ਜ਼ਮੀਨ ’ਤੇ ਹੁਣ ਆਮ ਆਦਮੀ ਪਾਰਟੀ ਦੇ ਇਕ ਵਿਧਾਇਕ ਦੀ ਨਜ਼ਰ ਹੈ। ਇਸ ਪੂਰੇ ਵਿਵਾਦ ਵਿਚ ਵਿਧਾਇਕ ਅਤੇ ਸਰਕਾਰ ਦੀ ਸ਼ਹਿ ’ਤੇ ਦੋਬਾਰਾ ਤੋਂ ਤਰਵਿੰਦਰ ਰਾਜੂ ਨੂੰ ਘੇਰਣ ਦੀ ਕੋਸ਼ਿਸ਼ ਕੀਤੀ ਗਈ ਹੈ।

## ਲੁਧਿਆਣਾ ’ਚ ਚੋਰੀ ! ਹੌਰਸ ਸ਼ੂ ਕੈਫੇ ਦੇ ਘੋੜਾ ਫਾਰਮ ਹਾਊਸ ’ਤੇ 7-8 ਬਦਮਾਸ਼ਾਂ ਨੇ ਕੀਤਾ ਹੱਥ ਸਾਫ

ਲੁਧਿਆਣਾ 4 ਜੂਨ। ਨੂਰਪੁਰ ਬੇਟ ਵਿਚ ਸਥਿਤ ਇਕ ਨਾਮੀ ਘੋੜਾ ਫਾਰਮ ਹਾਊਸ ’ਹੌਰਸ ਸ਼ੂ ਕੈਫੇ’ ਵਿਚ ਬਦਮਾਸ਼ਾਂ ਨੇ ਚੋਰੀ ਕਰ ਲਈ। ਕਰੀਬ 7 ਤੋਂ 8 ਨਕਾਬਪੋਸ਼ ਲੁਟੇਰਿਆਂ ਨੇ ਫਾਰਮ ਹਾਊਸ ਦੇ ਅੰਦਰ ਦਾਖ਼ਲ ਹੋ ਕੇ ਨਾ ਸਿਰਫ਼ ਕੀਮਤੀ ਸਾਮਾਨ ’ਤੇ ਹੱਥ ਸਾਫ਼ ਕੀਤਾ, ਸਗੋਂ ਆਪਣੀ ਪਛਾਣ ਛੁਪਾਉਣ ਲਈ ਬੜੀ ਚਲਾਕੀ ਨਾਲ ਸੀ.ਸੀ.ਟੀ.ਵੀ. ਕੈਮਰਿਆਂ ਦੀ ਰਿਕਾਰਡਿੰਗ ਵਾਲਾ ਡੀ.ਵੀ.ਆਰ. ਵੀ ਨਾਲ ਲੈ ਗਏ। ਫਿਲਹਾਲ ਥਾਣਾ ਲਾਡੋਵਾਲ ਦੀ ਪੁਲਸ ਨੇ ਅਣਪਛਾਤੇ 7-8 ਹਮਲਾਵਰਾਂ ਦੇ ਖ਼?ਲਾਫ਼ ਮਾਮਲਾ ਦਰਜ ਕਰ ਲਿਆ ਹੈ ਅਤੇ ਇਲਾਕੇ ਵਿਚ ਲੱਗੇ ਹੋਰ ਰਸਤਿਆਂ ਦੇ ਕੈਮਰਿਆਂ ਦੀ ਫੁਟੇਜ ਖੰਗਾਲਣੀ ਸ਼ੁਰੂ ਕਰ ਦਿੱਤੀ ਹੈ ਤਾਂ ਜੋ ਇਨ੍ਹਾਂ ਸ਼ਾਤਰ ਅਪਰਾਧੀਆਂ ਤੱਕ ਪਹੁੰਚਿਆ ਜਾ ਸਕੇ। ਫਾਰਮ ਹਾਊਸ ਮਾਲਕ ਜੈਨਿੰਦਰ ਸਿੰਘ ਨੇ ਪੁਲਸ ਨੂੰ ਦਿੱਤੇ ਆਪਣੇ ਬਿਆਨਾਂ ਵਿਚ ਦੱਸਿਆ ਕਿ ਘਟਨਾ 19




ਮਾਰਚ ਦੀ ਹੈ। ਸ਼ਾਤਰ ਲੁਟੇਰਿਆਂ ਦਾ ਇਕ ਪੂਰਾ ਗਿਰੋਹ ਫਾਰਮ ਹਾਊਸ ਦੀ ਕੰਧ ਟੱਪ ਕੇ ਅੰਦਰ ਦਾਖ਼ਲ ਹੋਇਆ। ਬਦਮਾਸ਼ਾਂ ਨੇ ਉੱਥੇ ਖੜ੍ਹੇ ਟਰੈਕਟਰਾਂ ਦੀਆਂ ਬੈਟਰੀਆਂ, ਭਾਰੀ-ਭਰਕਮ ਜਨਰੇਟਰ ਦੀਆਂ ਬੈਟਰੀਆਂ ਅਤੇ ਇਨਵਰਟਰ ਸਮੇਤ ਬੈਟਰੀਆਂ ਪੁੱਟ ਲਈਆਂ। ਲੁਟੇਰਿਆਂ ਦੀ ਨਜ਼ਰ ਫਾਰਮ ਹਾਊਸ ਦੇ ਬਿਜਲੀ ਸਿਸਟਮ ’ਤੇ ਵੀ ਸੀ, ਜਿੱਥੋਂ ਉਹ ਮੇਨ ਮੀਟਰ ਦੀ ਕੇਬਲ ਦੇ ਭਾਰੀ-ਭਰਕਮ ਰੋਲ ਵੀ ਸਮੇਟ ਲੈ ਗਏ। ਇੰਨਾ ਹੀ ਨਹੀਂ, ਜਾਂਦੇ-ਜਾਂਦੇ ਲੁਟੇਰੇ ਘਰ ਦੇ ਅੰਦਰ ਰੱਖਿਆ ਕੁਝ ਕੀਮਤੀ ਘਰੇਲੂ ਸਾਮਾਨ ਵੀ ਬਟੋਰ ਲੈ ਗਏ। ਵਾਰਦਾਤ ਨੂੰ ਇੰਨੇ ਯੋਜਨਾਬੱਧ ਤਰੀਕੇ ਨਾਲ ਅੰਜਾਮ ਦਿੱਤਾ ਗਿਆ ਕਿ ਪੁਲਸ ਦੇ ਹੱਥ ਕੋਈ ਡਿਜੀਟਲ ਸੁਰਾਗ ਨਾ ਲੱਗੇ, ਇਸ ਦੇ ਲਈ ਬਦਮਾਸ਼ਾਂ ਨੇ ਸੀ.ਸੀ.ਟੀ.ਵੀ. ਕੈਮਰਿਆਂ ਨਾਲ ਛੇੜਛਾੜ ਕੀਤੀ ਅਤੇ ਡੀ.ਵੀ.ਆਰ. ਪੁੱਟ ਕੇ ਆਪਣੇ ਨਾਲ ਲੈ ਗਏ। ਸਵੇਰੇ ਜਦੋਂ ਕਰਮਚਾਰੀਆਂ ਨੇ ਫਾਰਮ ਹਾਊਸ ਦਾ ਨਜ਼ਾਰਾ ਦੇਖਿਆ ਤਾਂ ਉਨ੍ਹਾਂ ਦੇ ਹੋਸ਼ ਉੱਡ ਗਏ।

## ਲੁਧਿਆਣਾ ’ਚ ਸਿਹਤ ਵਿਭਾਗ ਦਾ ਵੱਡਾ ਐਕਸ਼ਨ

ਲੁਧਿਆਣਾ 4 ਜੂਨ। ਜ਼ਿਲ੍ਹਾ ਸਿਹਤ ਵਿਭਾਗ ਦੀ ਫੂਡ ਸੇਫਟੀ ਟੀਮ ਵੱਲੋਂ ਢੰਡਾਰੀ, ਮਾਡਲ ਟਾਊਨ, ਦੁੱਗਰੀ, ਜੋਧਾਂ, ਸ਼ੇਰਪੁਰ ਚੌਕ ਦੇ ਇਲਾਕੇ ਵਿਚ ਵੱਖ ਵੱਖ ਫਾਸਟ ਫੂਡ ਆਊਟਲੇਟ ਅਤੇ ਰੈਸਟੋਰੈਂਟ, ਬੇਕਰੀ, ਮਠਿਆਈ ਦੀਆਂ ਦੁਕਾਨਾਂ, ਡੇਅਰੀਆਂ ਅਤੇ ਇਲਾਕੇ ਵਿਚ ਪੈਣ ਵਾਲੇ ਹਸਪਤਾਲਾਂ ਦੀ ਇੰਸਪੈਕਸ਼ਨ ਕੀਤੀ ਹੈ। ਇਸ ਦੌਰਾਨ ਟੀਮ ਨੇ ਵੱਖ ਵੱਖ ਥਾਵਾਂ ਤੋਂ 21 ਫੂਡ ਸੈਂਪਲ ਇਕੱਠੇ ਕੀਤੇ। ਟੀਮ ਨੇ ਸ਼ੱਕਰ, ਪਿਸਤਾ, ਵਰਤਿਆ ਹੋਇਆ ਕੁਕਿੰਗ ਆਇਲ, ਦਾਲ ਮੱਖਣੀ, ਪਨੀਰ ਦੇ ਦੋ ਸੈਂਪਲ ਅਤੇ ਗੁੜ ਦੇ ਸੈਂਪਲਾਂ ਸਮੇਤ ਸਿਹਤ ਅਧਿਕਾਰੀਆਂ ਦੇ ਮੁਤਾਬਕ ਇਨ੍ਹਾਂ ਸੈਂਪਲਾਂ ਵਿਚ ਉਪਰੋਕਤ ਤੋਂ ਇਲਾਵਾ, ਮੈਂਗੋ, ਬੰਟਾ ਬੋਤਲ ਡ੍ਰਿੰਕ, ਤਿਆਰ ਦਾਲ, ਆਟਾ, ਤਿਆਰ ਸਬਜ਼ੀ, ਕਾਲੇ ਛੋਲੇ, ਮੈਦਾ, ਗੁਜੀਆ ਅਤੇ ਡੋਡਾ ਦੇ ਸੈਂਪਲ ਸ਼ਾਮਲ ਹਨ।

## ਮੋਟਰਸਾਈਕਲ ਸਵਾਰ ਦੋ ਵਿਅਕਤੀ ਗੰਭੀਰ ਜ਼ਖ਼ਮੀ

ਭਵਾਨੀਗੜ੍ਹ 5 ਅਪ੍ਰੈਲ। ਸਥਾਨਕ ਇਲਾਕੇ ’ਚੋਂ ਲੰਘਦੇ ਬਠਿੰਡਾ ਜ਼ੀਰਕਪੁਰ ਨੈਸ਼ਨਲ ਹਾਈਵੇ ਉੱਪਰ ਪਿੰਡ ਘਾਬਦਾਂ ਨੇੜੇ ਸਥਿਤ ਪੀ.ਜੀ.ਆਈ. ਹਸਪਤਾਲ ਕੋਲ ਇਕ ਸੜਕ ਹਾਦਸਾ ਵਾਪਰ ਗਿਆ। ਜਾਣਕਾਰੀ ਅਨੁਸਾਰ ਇਕ ਤੇਜ਼ ਰਫਤਾਰ ਕਾਰ ਨੇ ਮੋਟਰਸਾਈਕਲ ’ਤੇ ਸਵਾਰ ਦੋ ਵਿਅਕਤੀਆਂ ਨੂੰ ਜ਼ਬਰਦਸਤ ਟੱਕਰ ਮਾਰ ਦਿੱਤੀ, ਜਿਸ ਨਾਲ ਦੋਵੇਂ ਗੰਭੀਰ ਰੂਪ ’ਚ ਜ਼ਖ਼ਮੀ ਹੋ ਗਏ। ਸੜਕ ਸੁਰੱਖਿਆ ਫੋਰਸ ਦੇ ਇੰਚਾਰਜ ਸਹਾਇਕ ਸਬ-ਇੰਸਪੈਕਟਰ ਹਰਬੰਸ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਛੱਤਰ ਸਿੰਘ ਪੁੱਤਰ ਨੱਥੂ ਸਿੰਘ ਅਤੇ ਜਰਨੈਲ ਸਿੰਘ ਪੁੱਤਰ ਖੜਕ ਸਿੰਘ ਦੋਵੇਂ ਵਾਸੀ ਪਿੰਡ ਜਖੇਪਲ ਮੋਟਰਸਾਈਕਲ ’ਤੇ ਜਾ ਰਹੇ ਸਨ। ਜਿਵੇਂ ਹੀ ਉਹ ਘਾਬਦਾਂ ਨੇੜੇ ਸੜਕ ਦੇ ਕੱਟ ਤੋਂ ਮੁੜਨ ਲੱਗੇ ਤਾਂ ਪਿੱਛੋਂ ਆ ਰਹੀ ਤੇਜ਼ ਰਫ਼ਤਾਰ ਕਾਰ ਨੇ ਉਨ੍ਹਾਂ ਨੂੰ ਟੱਕਰ ਮਾਰ ਦਿੱਤੀ। ਟੱਕਰ ਇੰਨੀ ਭਿਆਨਕ ਸੀ ਕਿ ਦੋਵੇਂ ਵਿਅਕਤੀ ਸੜਕ ’ਤੇ ਡਿੱਗ ਪਏ ਅਤੇ ਗੰਭੀਰ ਜ਼ਖ਼ਮੀ ਹੋ ਗਏ। ਹਾਦਸੇ ਦੀ ਸੂਚਨਾ ਮਿਲਦਿਆਂ ਹੀ ਸੜਕ ਸੁਰੱਖਿਆ ਫੋਰਸ ਦੀ ਟੀਮ ਮੌਕੇ ’ਤੇ ਪਹੁੰਚੀ ਅਤੇ ਤੁਰੰਤ ਕਾਰਵਾਈ ਕਰਦਿਆਂ ਜ਼ਖ਼ਮੀਆਂ ਨੂੰ ਸਿਵਲ ਹਸਪਤਾਲ ਸੰਗਰੂਰ ਪਹੁੰਚਾਇਆ। ਡਾਕਟਰਾਂ ਵੱਲੋਂ ਹਾਲਤ ਨਾਜ਼ੁਕ ਦੇਖਦਿਆਂ ਨਛੱਤਰ ਸਿੰਘ ਨੂੰ ਸੁਨਾਮ ਦੇ ਇਕ ਨਿੱਜੀ ਹਸਪਤਾਲ ਅਤੇ ਜਰਨੈਲ ਸਿੰਘ ਨੂੰ ਪਟਿਆਲਾ ਦੇ ਨਿੱਜੀ ਹਸਪਤਾਲ ਰੈਫਰ ਕਰ ਦਿੱਤਾ ਗਿਆ ਹੈ। ਪੁਲਸ ਵੱਲੋਂ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਹਾਦਸੇ ਦੇ ਕਾਰਨਾਂ ਦੀ ਪੜਤਾਲ ਕੀਤੀ ਜਾ ਰਹੀ ਹੈ।

# ਜਲੰਧਰ ’ਚ ਹੰਗਾਮਾ ! ਮਹਿਲਾ ਨੇ ਪਤੀ ਤੇ ਸੱਸ ’ਤੇ ਲਾਏ ਕੁੱਟਮਾਰ ਦੇ ਗੰਭੀਰ ਦੋਸ਼

**ਕੌਮੀ ਪਤ੍ਰਿਕਾ**

ਜਲੰਧਰ 4 ਜੂਨ। ਜਲੰਧਰ ਸ਼ਹਿਰ ਦੇ ਤੇਜ ਮੋਹਨ ਨਗਰ ਬਸਤੀ ਸ਼ੇਖ ਵਿੱਚ ਇਕ ਔਰਤ ਨੇ ਆਪਣੇ ਪਤੀ ਅਤੇ ਸੱਸ ’ਤੇ ਘਰੇਲੂ ਝਗੜੇ ਦੇ ਚਲਦਿਆਂ ਹਮਲਾ ਕਰਨ ਦਾ ਦੋਸ਼ ਲਗਾਇਆ ਹੈ। ਉਸ ਨੇ ਪੁਲਸ ਸਟੇਸ਼ਨ 5 ’ਚ ਸ਼ਿਕਾਇਤ ਦਰਜ ਕਰਵਾਈ ਪਰ ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ ਹੈ। ਮਾਮਲੇ ਦੀ ਜਾਣਕਾਰੀ ਦਿੰਦੇ ਹੋਏ ਪੀੜਤ ਸ਼ਾਨੂ ਭੱਟੀ ਨੇ ਦੱਸਿਆ ਕਿ ਉਸ ਦਾ ਪਤੀ ਸਚਿਨ ਭੱਟੀ ਨਸ਼ੇ ਦਾ ਆਦੀ ਹੈ। ਔਰਤ ਮੁਤਾਬਕ ਉਸ ਦੇ ਵਿਆਹ ਨੂੰ 16 ਸਾਲ ਹੋ ਗਏ ਹਨ ਪਰ ਉਸ ਨੂੰ ਘਰ ਵਿੱਚ ਰਹਿਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਰਹੀ ਹੈ। ਤਿੰਨ ਮਹੀਨੇ ਪਹਿਲਾਂ ਉਹ ਦਿੱਲੀ ਵਿੱਚ ਆਪਣੇ ਮਾਪਿਆਂ ਦੇ ਘਰ ਰਹਿ ਕੇ ਆਈ ਹੈ। ਮਹਿਲਾ ਨੇ ਆਪਣੀ ਸੱਸ ’ਤੇ ਨਸ਼ੇ ਵੇਚਣ ਦਾ ਦੋਸ਼ ਲਗਾਇਆ ਹੈ ਅਤੇ ਦਾਅਵਾ ਕੀਤਾ ਹੈ ਕਿ ਉਸ ਦੇ ਕੋਲ ਸਬੂਤ ਹਨ। ਪੀੜਤ ਮੁਤਾਬਕ ਉਸ ਨੇ ਨਸ਼ਾ ਮੁਕਤੀ ਕੇਂਦਰ ਵਿਚ ਦਾਖ਼ਲ ਕਰਵਾ ਕੇ ਪਿਛਲੇ 7 ਸਾਲਾਂ ਤੋਂ ਨਸ਼ਾ ਛੁਡਵਾ ਦਿੱਤਾ ਸੀ। ਦੋਸ਼ ਹੈ ਕਿ ਉਸ ਦੀ ਸੱਸ ਪਹਿਲਾਂ ਨਸ਼ੀਲੇ ਪਦਾਰਥ ਵੇਚਦੀ ਸੀ ਅਤੇ ਹੁਣ ਵਾਪਸ ਆ ਕੇ ਮਾਂ-ਪੁੱਤ ਉਸ ਦੇ ਨਾਲ ਕੁੱਟਮਾਰ ਕਰ ਰਹੇ ਹਨ। ਮਹਿਲਾ ਨੂੰ ਘਰੋਂ ਕੱਢਣ ਦੀ ਧਮਕੀ ਦਿੱਤੀ ਜਾ ਰਹੀ ਹੈ। ਦੱਸਿਆ ਕਿ ਉਸ ਦਾ ਪਤੀ ਚਾਰ ਸਾਲਾਂ ਤੋਂ ਕੰਮ ਨਹੀਂ ਕਰ ਰਿਹਾ ਹੈ। ਅਜਿਹੇ ਵਿਚ ਉਹ ਖ਼ੁਦ ਕੰਮਕਾਜ ਕਰਕੇ ਪਰਿਵਾਰ ਦਾ ਪਾਲਣ-ਪੋਸ਼ਣ ਕਰ



ਰਹੀ ਹੈ। ਉਸ ਦਾ ਦੋਸ਼ ਹੈ ਕਿ ਮਾਂ-ਪੁੱਤ ਦੋਵੇਂ ਨਸ਼ੇ ਦੇ ਆਦੀ ਹਨ ਅਤੇ ਮਾਂ ਨਸ਼ਾ ਵੇਚਣ ਦਾ ਕੰਮ ਵੀ ਕਰਦੀ ਹੈ। ਪੀੜਤਾ ਮੁਤਾਬਕ ਉਹ ਸ਼ਾਮ 5 ਵਜੇ ਪੁਲਸ ਸਟੇਸ਼ਨ ਗਈ ਅਤੇ ਕੁਲਵਿੰਦਰ ਮੈਡਮ ਕੋਲ ਸ਼ਿਕਾਇਤ ਦਰਜ ਕਰਵਾਈ ਪਰ ਕੋਈ ਕਾਰਵਾਈ ਨਹੀਂ ਕੀਤੀ ਗਈ। ਉਹ ਦੋਬਾਰਾ ਸ਼ਿਕਾਇਤ ਦਰਜ ਕਰਵਾਉਣ ਲਈ ਥਾਣੇ ਆਈ ਪਰ ਉਸ ਨੂੰ ਅਧਿਕਾਰੀ ਨਾਲ ਮਿਲਣ ਨਹੀਂ ਦਿੱਤਾ ਜਾ ਰਿਹਾ। ਪੀੜਤਾ ਨੇ ਇਨਸਾਫ਼ ਦੀ ਗੁਹਾਰ ਲਗਾਈ ਹੈ। ਮਾਮਲਾ ਜਾਂਚ ਅਧਿਕਾਰੀ ਕੋਲ ਹੈ ਅਤੇ ਮੀਡੀਆ ਵਿੱਚ ਮਾਮਲਾ ਸਾਹਮਣੇ ਆਉਣ ਤੋਂ ਬਾਅਦ ਪੁਲਸ ਨੇ ਕਾਰਵਾਈ ਦਾ ਭਰੋਸਾ ਦਿੱਤਾ। ਦੋਸ਼ ਹੈ ਕਿ ਸੱਸ ਜਦੋਂ ਤੋਂ ਵਾਪਸ ਆਈ ਹੈ ਘਰ ਵਿੱਚ ਲੜ ਰਹੀ ਹੈ। ਪੀੜਤਾ ਨੇ ਦੱਸਿਆ ਕਿ ਕਾਰਵਾਈ ਨਾ ਹੋਣ ਕਾਰਨ ਉਸ ਨੇ ਕਈ ਵਾਰ ਖ਼ੁਦਕੁਸ਼ੀ ਦੀ ਕੋਸ਼ਿਸ਼ ਕੀਤੀ ਸੀ, ਜਿਸ ਤੋਂ ਬਾਅਦ ਹਸਪਤਾਲ ਵਿਚ ਉਸ ਦਾ ਇਲਾਜ ਕਰਵਾਇਆ ਗਿਆ। ਪਤੀ ਨੇ ਪੁਲਸ ਨੂੰ ਲਿਖਤੀ ਤੌਰ ’ਤੇ ਆਪਣੀ ਗਲਤੀ ਮੰਨ ਲਈ ਅਤੇ ਉਸ ਦਾ ਇਲਾਜ ਕਰਵਾਉਣ ਦਾ ਵਾਅਦਾ ਕੀਤਾ। ਹਾਲਾਂਕਿ, ਉਹ ਹੁਣ ਸਿਲੰਡਰ ਸਮੇਤ ਹੋਰ ਸਮਾਨ ਚੋਰੀ ਕਰ ਰਿਹਾ ਹੈ ਅਤੇ ਵੇਚ ਰਿਹਾ ਹੈ। ਦੂਜੇ ਪਾਸੇ ਇਕ ਪੁਲਿਸ ਅਧਿਕਾਰੀ ਨੇ ਦੱਸਿਆ ਕਿ ਸ਼ਾਲੂ ਭੱਟੀ ਨੇ ਆਪਣੇ ਪਤੀ ਅਤੇ ਸੱਸ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਔਰਤ ਨੇ ਆਪਣੇ ਪਤੀ ਨੂੰ ਉਸ ਦੀ ਨਸ਼ੇ ਦੀ ਆਦਤ ਬਾਰੇ ਦੱਸਿਆ। ਇਸ ਤੋਂ ਬਾਅਦ ਪੁਲਸ ਨੇ ਉਸ ਨੂੰ ਭਰੋਸਾ ਦਿੱਤਾ ਹੈ ਕਿ ਉਸ ਨੂੰ ਨਸ਼ਾ ਛੁਡਾਊ ਕੇਂਦਰ ਵਿੱਚ ਦਾਖ਼ਲ ਕਰਵਾਇਆ ਜਾਵੇਗਾ।

# ਅਚਾਨਕ ਮੂਧੇ ਮੂੰਹ ਡਿੱਗੀਆਂ ਸੋਨੇ-ਚਾਂਦੀ ਦੀਆਂ ਕੀਮਤਾਂ ! ਬਾਜ਼ਾਰ ’ਚ ਮਚੀ ਹਫੜਾ-ਦਫੜੀ

**ਕੌਮੀ ਪਤ੍ਰਿਕਾ**

ਬਿਜ਼ਨੈੱਸ ਡੈਸਕ 4 ਜੂਨ। ਰਾਮ ਨੌਮੀ ਕਾਰਨ ਭਾਰਤੀ ਸ਼ੇਅਰ ਬਾਜ਼ਾਰ ਬੰਦ ਹੋਣ ਦੇ ਬਾਵਜੂਦ, ਸ਼ਾਮ 5 ਵਜੇ ਜਿਵੇਂ ਹੀ ਮਲਟੀ ਕਮੋਡਿਟੀ ਮਾਰਕੀਟ ਖੁੱਲ੍ਹਿਆ, ਕੀਮਤਾਂ ਤੇਜ਼ੀ ਨਾਲ ਹੇਠਾਂ ਡਿੱਗ ਗਈਆਂ। ਕਮੋਡਿਟੀ ਮਾਰਕੀਟ ਵਿੱਚ ਅੱਜ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਵਿੱਚ ਇੱਕਦਮ ਵੱਡੀ ਗਿਰਾਵਟ ਦੇਖਣ ਨੂੰ ਮਿਲੀ ਹੈ। ਰਿਪੋਰਟਾਂ ਅਨੁਸਾਰ, ਚਾਂਦੀ ਦੀਆਂ ਕੀਮਤਾਂ ਵਿੱਚ ਦੇਖਦੇ ਹੀ ਦੇਖਦੇ 15,000 ਰੁਪਏ ਪ੍ਰਤੀ ਕਿਲੋ ਦੀ ਗਿਰਾਵਟ ਆਈ ਅਤੇ ਇਹ 2.20 ਲੱਖ ਰੁਪਏ ਪ੍ਰਤੀ ਕਿਲੋ ਦੇ ਪੱਧਰ ਤੋਂ ਹੇਠਾਂ ਆ ਗਈ। ਇਸੇ ਤਰ੍ਹਾਂ ਸੋਨੇ ਦੇ ਭਾਅ ਵੀ 3,000 ਰੁਪਏ ਤੋਂ ਜ਼ਿਆਦਾ ਡਿੱਗ ਕੇ 1.40 ਲੱਖ ਰੁਪਏ ਪ੍ਰਤੀ 10 ਗ੍ਰਾਮ ’ਤੇ ਆ ਗਏ, ਜੋ ਕਿ ਪਿਛਲੇ ਦਿਨ ਦੇ ਮੁਕਾਬਲੇ 2 ਫੀਸਦੀ ਤੋਂ ਵੱਧ ਦੀ ਗਿਰਾਵਟ ਹੈ। ਬਾਜ਼ਾਰ ਮਾਹਿਰਾਂ ਅਨੁਸਾਰ ਇਸ ਗਿਰਾਵਟ ਦੇ ਪਿੱਛੇ ਮੁੱਖ ਤੌਰ ’ਤੇ ਅਮਰੀਕਾ ਅਤੇ ਈਰਾਨ ਵਿਚਕਾਰ ਵਧ



ਰਿਹਾ ਤਣਾਅ ਅਤੇ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਵਾਧਾ ਹੈ। ਅਮਰੀਕਾ ਨੇ ਈਰਾਨ ਨੂੰ ਜੰਗ ਖਤਮ ਕਰਨ ਲਈ 15 ਸ਼ਰਤਾਂ ਵਾਲਾ ਪ੍ਰਸਤਾਵ ਦਿੱਤਾ ਸੀ, ਜਿਸ ਨੂੰ ਈਰਾਨ ਵੱਲੋਂ ਖਾਰਜ ਕੀਤੇ ਜਾਣ ਤੋਂ ਬਾਅਦ ਟਰੰਪ ਨੇ ਸਖ਼ਤ ਚੇਤਾਵਨੀ ਦਿੱਤੀ ਹੈ। ਈਰਾਨ ਵੱਲੋਂ ਸਪਲਾਈ ਰੂਟ (ਹੋਰਮੁਜ਼ ਅਤੇ ਬਾਬ ਅਲ ਮੰਡਾਬ) ਬੰਦ ਕਰਨ ਦੀ ਧਮਕੀ ਕਾਰਨ ਬ੍ਰੈਂਟ ਕਰੂਡ ਦੀ ਕੀਮਤ 101 ਡਾਲਰ ਪ੍ਰਤੀ ਬੈਰਲ ਤੋਂ ਪਾਰ ਹੋ ਗਈ ਹੈ। ਤੇਲ ਦੀਆਂ ਕੀਮਤਾਂ ਵਧਣ ਕਾਰਨ ਡਾਲਰ ਮਜ਼ਬੂਤ ਹੋਇਆ ਹੈ, ਜਿਸ ਦਾ ਸਿੱਧਾ ਅਸਰ ਸੋਨੇ-ਚਾਂਦੀ ਦੀਆਂ ਕੀਮਤਾਂ ’ਤੇ ਪਿਆ ਹੈ। ਜ਼ਿਕਰਯੋਗ ਹੈ ਕਿ ਇਸ ਸਾਲ ਜਨਵਰੀ ਵਿੱਚ ਸੋਨਾ ਆਪਣੇ ਰਿਕਾਰਡ ਪੱਧਰ 1.93 ਲੱਖ ਰੁਪਏ ਪ੍ਰਤੀ 10 ਗ੍ਰਾਮ ’ਤੇ ਪਹੁੰਚ ਗਿਆ ਸੀ, ਜੋ ਹੁਣ 53 ਹਜ਼ਾਰ ਰੁਪਏ ਸਸਤਾ ਹੋ ਕੇ 1.40 ਲੱਖ ’ਤੇ ਕਾਰੋਬਾਰ ਕਰ ਰਿਹਾ ਹੈ। ਉੱਥੇ ਹੀ ਚਾਂਦੀ ਵੀ ਜਨਵਰੀ ਦੇ 4.20 ਲੱਖ ਰੁਪਏ ਦੇ ਰਿਕਾਰਡ ਪੱਧਰ ਤੋਂ 2 ਲੱਖ ਰੁਪਏ ਪ੍ਰਤੀ ਕਿਲੋ ਸਸਤੀ ਹੋ ਚੁੱਕੀ ਹੈ।

## ਵਿਦੇਸ਼ ਭੇਜਣ ਦੇ ਨਾਮ ’ਤੇ ਸਾਢੇ 9 ਲੱਖ ਦੀ ਠੱਗੀ ਮਾਰਨ ਵਾਲੇ ਪਤੀ-ਪਤਨੀ ਸਣੇ 3 ਨਾਮਜ਼ਦ

ਤਰਨਤਾਰਨ 4 ਜੂਨ। ਵਿਦੇਸ਼ ਭੇਜਣ ਦੇ ਨਾਮ ’ਤੇ 9:30 ਲੱਖ ਰੁਪਏ ਦੀ ਠੱਗੀ ਮਾਰਨ ਦੇ ਮਾਮਲੇ ’ਚ ਥਾਣਾ ਭਿੱਖੀਵਿੰਡ ਦੀ ਪੁਲਸ ਨੇ ਪਤੀ-ਪਤਨੀ ਸਮੇਤ ਤਿੰਨ ਖਿਲਾਫ ਪਰਚਾ ਦਰਜ ਕਰਦੇ ਹੋਏ ਗ੍ਰਿਫਤਾਰੀ ਦੀ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਜਗਜੀਤ ਸਿੰਘ ਪੁੱਤਰ ਬਲੀ ਸਿੰਘ ਵਾਸੀ ਪੱਟੀ ਰੋਡ ਭਿੱਖੀਵਿੰਡ ਵੱਲੋਂ ਜ਼ਿਲੇ ਦੇ ਐੱਸ.ਐੱਸ.ਪੀ ਨੂੰ ਬੀਤੇ ਮਈ ਮਹੀਨੇ ਦੌਰਾਨ ਇਕ ਸ਼ਿਕਾਇਤ ਦਿੱਤੀ ਗਈ ਸੀ ਕਿ ਉਸ ਦੇ ਸਾਲੇ ਨੂੰ ਵਿਦੇਸ਼ ਭੇਜਣ ਦੇ ਨਾਮ ਉਪਰ ਲੱਖਾਂ ਰੁਪਏ ਦੀ ਠੱਗੀ ਮਾਰੀ ਗਈ ਹੈ। ਜਿਸ ਤੋਂ ਬਾਅਦ ਐੱਸ.ਐੱਸ.ਪੀ ਵੱਲੋਂ ਡੀ.ਐੱਸ.ਪੀ ਭਿੱਖੀਵਿੰਡ ਨੂੰ ਇਸ ਮਾਮਲੇ ਦੀ ਜਾਂਚ ਕਰਨ ਸਬੰਧੀ ਆਦੇਸ਼ ਜਾਰੀ ਕੀਤੇ ਗਏ। ਡੀ.ਐੱਸ.ਪੀ ਭਿੱਖੀਵਿੰਡ ਪ੍ਰੀਤ ਇੰਦਰ ਸਿੰਘ ਵੱਲੋਂ ਇਸ ਸ਼ਿਕਾਇਤ ਦੀ ਬਰੀਕੀ ਨਾਲ ਜਾਂਚ-ਪੜਤਾਲ ਕਰਨ ਤੋਂ ਬਾਅਦ ਇਹ ਗੱਲ ਸਾਹਮਣੇ ਆਈ ਕਿ ਜਗਜੀਤ ਸਿੰਘ ਦੇ ਸਾਲੇ ਨੂੰ ਵਿਦੇਸ਼ ਭੇਜਣ ਦੇ ਨਾਮ ਉਪਰ 9.30 ਲੱਖ ਰੁਪਏ ਦੀ ਠੱਗੀ ਵਿਕਾਸ ਚੌਧਰੀ ਅਤੇ ਉਸਦੀ ਪਤਨੀ ਵੱਲੋਂ ਮਾਰੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡੀ.ਐੱਸ.ਪੀ ਭਿੱਖੀਵਿੰਡ ਪ੍ਰੀਤ ਇੰਦਰ ਸਿੰਘ ਨੇ ਦੱਸਿਆ ਕਿ ਜਗਜੀਤ ਸਿੰਘ ਦੀ




ਸ਼ਿਕਾਇਤ ਨੂੰ ਜਾਂਚ ਕਰਨ ਤੋਂ ਬਾਅਦ ਥਾਣਾ ਭਿੱਖੀਵਿੰਡ ਵਿਖੇ ਵਿਕਾਸ ਚੌਧਰੀ ਉਰਫ ਵਿੱਕੀ, ਸੋਨਮ ਪਤਨੀ ਵਿਕਾਸ ਚੌਧਰੀ ਵਾਸੀ ਦਿਆਲਪੁਰ ਹਰਿਆਣਾ ਤੋਂ ਇਲਾਵਾ ਤਰਲੋਕ ਸਿੰਘ ਵਾਸੀ ਬੱਲਬਗੜ੍ਹ ਹਰਿਆਣਾ ਦੇ ਖਿਲਾਫ ਧੋਖਾਧੜੀ ਦਾ ਮਾਮਲਾ ਦਰਜ ਕਰ ਲਿਆ ਗਿਆ ਹੈ, ਜਿਸ ਦੀ ਅਗਲੇਰੀ ਜਾਂਚ ਏ.ਐੱਸ.ਆਈ ਸਲਵਿੰਦਰ ਸਿੰਘ ਵੱਲੋਂ ਸ਼ੁਰੂ ਕਰ ਦਿੱਤੀ ਗਈ ਹੈ।

## ਜ਼ੀਰਕਪੁਰ ਦੇ ਕਾਰੋਬਾਰੀ ਨੂੰ ਆਈ ਧਮਕੀ ਭਰੀ ਕਾਲ, ਮੰਗੀ ਇਕ ਕਰੋੜ ਰੁਪਏ ਦੀ ਫ਼?ਰੌਤੀ

ਜ਼ੀਰਕਪੁਰ 4 ਜੂਨ। ਬਲਟਾਣਾ ਖੇਤਰ ’ਚ ਇੱਕ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਇੱਕ ਪ੍ਰਾਪਰਟੀ ਡੀਲਰ ਨੂੰ ਖ਼ਤਰਨਾਕ ਗੈਂਗਸਟਰ ਦੇ ਨਾਂ ’ਤੇ ਫੋਨ ਕਰਕੇ ਇਕ ਕਰੋੜ ਰੁਪਏ ਦੀ ਫ਼?ਰੌਤੀ ਮੰਗੀ ਗਈ ਹੈ। ਰਕਮ ਨਾ ਦੇਣ ਦੀ ਸੂਰਤ ’ਚ ਡੀਲਰ ਨੂੰ ਜਾਨੋਂ ਮਾਰਨ ਦੀ ਧਮਕੀ ਦਿੱਤੀ ਗਈ ਹੈ, ਜਿਸ ਕਾਰਨ ਪੀੜਤ ਪਰਿਵਾਰ ਕਾਫੀ ਡਰਿਆ ਹੋਇਆ ਹੈ। ਪੀੜਤ ਮਨਮੋਹਨ ਸਿੰਘ ਉਰਫ਼ ਸੋਨੂੰ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ’ਚ ਦੱਸਿਆ ਕਿ ਉਹ ਪ੍ਰਾਪਰਟੀ ਡੀਲਿੰਗ ਦਾ ਕੰਮ ਕਰਦਾ ਹੈ। ਬੀਤੇ ਦਿਨੀਂ ਉਸ ਦੇ ਮੋਬਾਇਲ ’ਤੇ ਇੱਕ ਵਿਦੇਸ਼ੀ ਨੰਬਰ ਤੋਂ ਵਟਸਐਪ ਕਾਲ ਆਈ, ਜਿਸ ’ਚ ਫੋਨ ਕਰਨ ਵਾਲੇ ਨੇ ਉਸ ਨੂੰ ਉਸ ਦੇ ਘਰੇਲੂ ਨਾਂ ’ਸੋਨੂੰ’ ਨਾਲ ਸੰਬੋਧਿਤ ਕੀਤਾ, ਜਿਸ ਬਾਰੇ ਸਿਰਫ਼ ਉਸ ਦੇ ਨਜ਼ਦੀਕੀ ਹੀ ਜਾਣਦੇ ਹਨ। ਮੁਲਜ਼ਮ ਨੇ ਮਾਝੀ ਲਹਿਜੇ ’ਚ ਪੰਜਾਬੀ ’ਚ ਗੱਲ ਕੀਤੀ ਅਤੇ ਦੋ ਦਿਨਾਂ ਦੇ ਅੰਦਰ ਇਕ ਕਰੋੜ ਰੁਪਏ ਦੀ ਰੰਗਦਾਰੀ ਦੀ ਮੰਗ ਕੀਤੀ। ਪੀੜਤ ਅਨੁਸਾਰ ਦੋ ਦਿਨ ਬਾਅਦ ਉਸੇ ਨੰਬਰ ਤੋਂ ਦੁਬਾਰਾ ਫੋਨ ਆਇਆ ਅਤੇ ਕਾਲ ਕਰਨ ਵਾਲੇ ਨੇ ਖ਼ੁਦ ਨੂੰ ਗੈਂਗਸਟਰ ਡੋਨੀ ਬੱਲ ਦਾ ਛੋਟਾ ਭਰਾ ਦੱਸਿਆ। ਉਸ ਨੇ ਧਮਕਾਇਆ ਕਿ ਉਸ ਕੋਲ ਡੀਲਰ ਦੇ ਘਰ, ਦਫ਼ਤਰ ਅਤੇ ਗੱਡੀਆਂ ਦੀ ਪੂਰੀ ਜਾਣਕਾਰੀ ਹੈ। ਮੁਲਜ਼ਮ ਨੇ ਡਰਾਉਂਦਿਆਂ ਕਿਹਾ ਕਿ ਜੇਕਰ ਰਕਮ ਨਾ ਦਿੱਤੀ ਗਈ ਤਾਂ ਉਸ ਦਾ ਅੰਜਾਮ ਵੀ ਰਾਣਾ ਬਲਾਚੌਰੀਆ ਵਰਗਾ ਕਰ ਦਿੱਤਾ ਜਾਵੇਗਾ। ਇਸ ਮਾਮਲੇ ਦੀ ਸੂਚਨਾ ਪੁਲਸ ਨੂੰ ਦਿੱਤੀ ਗਈ ਹੈ। ਪੁਲਸ ਚੌਂਕੀ ਬਲਟਾਣਾ ਦੇ ਇੰਚਾਰਜ ਗੁਰਪ੍ਰੀਤ ਸਿੰਘ ਦੇ ਨਿਰਦੇਸ਼ਾਂ ’ਤੇ ਐੱਸ. ਆਈ. ਸੁਲੱਖਣ ਸਿੰਘ ਨੂੰ ਮਾਮਲੇ ਦੀ ਜਾਂਚ ਸੌਂਪੀ ਗਈ ਹੈ। ਪੁਲਸ ਨੇ ਸ਼ਿਕਾਇਤ ਦੇ ਆਧਾਰ ’ਤੇ ਅਣਪਛਾਤੇ ਵਿਅਕਤੀ ਖ਼?ਲਾਫ਼ ਮੁਕੱਦਮਾ ਦਰਜ ਕਰ ਲਿਆ ਹੈ। ਪੁਲਸ ਹੁਣ ਮੋਬਾਇਲ ਨੰਬਰ ਨੂੰ ਟਰੇਸ ਕਰਕੇ ਮੁਲਜ਼ਮ ਤੱਕ ਪਹੁੰਚਣ ਦੀ ਕੋਸ਼ਿਸ਼ ਕਰ ਰਹੀ ਹੈ।

## ਤੇਜ਼ ਰ.ਫਤਾਰ ’ਥਾਰ’ ਨੇ ਉਜਾੜਿਆ ਹੱਸਦਾ-ਖੇਡਦਾ ਪਰਿਵਾਰ

ਗੁਰੂਗ੍ਰਾਮ 4 ਜੂਨ। ਹਰਿਆਣਾ ਦੇ ਗੁਰੂਗ੍ਰਾਮ ਦੇ ਖੋੜ ਪਿੰਡ ’ਚ ਇਕ ਤੇਜ਼ ਰਫ਼ਤਾਰ ਥਾਰ ਕਾਰ ਨੇ 2 ਮੁੰਡਿਆਂ ਅਤੇ ਉਨ੍ਹਾਂ ਦੇ ਨਾਨਾ ਨੂੰ ਕੁਚਲ ਦਿੱਤਾ। ਪੁਲਸ ਨੇ ਸ਼ਨੀਵਾਰ ਨੂੰ ਇਹ ਜਾਣਕਾਰੀ ਦਿੱਤੀ। ਪੁਲਸ ਨੇ ਦੱਸਿਆ ਕਿ 8 ਅਤੇ ਸਾਲ ਦੇ ਜਾਇਦ ਖਾਨ ਅਤੇ ਈਸ਼ਾਂਤ ਦੀ ਮੌਕੇ ’ਤੇ ਹੀ ਮੌਤ ਹੋ ਗਈ, ਜਦੋਂ ਕਿ ਉਨ੍ਹਾਂ ਦੇ ਨਾਨਾ, 53 ਸਾਲਾ ਸੁਭਾਸ਼ ਨੇ ਹਸਪਤਾਲ ’ਚ ਦਮ ਤੋੜ ਦਿੱਤਾ। ਮ੍ਰਿਤਕ ਰਾਜਸਥਾਨ ਦੇ ਭਿਵਾੜੀ ਜ਼ਿਲ੍ਹੇ ਦੇ ਮਿਲਕਪੁਰ ਪਿੰਡ ਦੇ ਵਾਸੀ ਸਨ। ਪੁਲਸ ਅਨੁਸਾਰ, ਸੁਭਾਸ਼ ਆਪਣੇ 2 ਦੋਹਤਿਆਂ ਨਾਲ ਖੋੜ ਪਿੰਡ ਕੋਲ ਲੋਕਰਾ ਰੋਡ ’ਤੇ ਆਪਣੇ ਭਰਾਵਾਂ ਨੂੰ ਮਿਲਣ ਆਇਆ ਸੀ। ਪੁਲਸ ਨੇ ਦੱਸਿਆ ਕਿ ਸ਼ੁੱਕਰਵਾਰ ਦੀ ਰਾਤ ਕਰੀਬ 11 ਵਜੇ ਜਦੋਂ ਉਹ ਆਪਣੇ ਦੋਹਤਿਆਂ ਨਾਲ ਘਰ ਪਰਤ ਰਿਹਾ ਸੀ, ਉਦੋਂ ਇਕ ਮਹਿੰਦਰਾ ਥਾਰ ਨੇ ਉਨ੍ਹਾਂ ਨੂੰ ਪਿੱਛਿਓਂ ਟੱਕਰ ਮਾਰ ਦਿੱਤੀ, ਜਿਸ ਨਾਲ ਉਹ ਕਈ ਫੁੱਟ ਦੂਰ ਜਾ ਡਿੱਗੇ। ਪੁਲਸ ਨੇ ਕਾਰ ਜ਼ਬਤ ਕਰ ਲਈ ਹੈ, ਹਾਲਾਂਕਿ ਉਸ ਦਾ ਡਰਾਈਵਰ ਅਜੇ ਵੀ ਫਰਾਰ ਹੈ। ਇਕ ਪੁਲਸ ਅਧਿਕਾਰੀ ਨੇ ਕਿਹਾ,’’ਅਸੀਂ ਥਾਰ ਵਾਹਨ ਦੀ ਨੰਬਰ ਪਲੇਟ ਦੇ ਆਧਾਰ ’ਤੇ ਡਰਾਈਵਰ ਦੀ ਪਛਾਣ ਕਰ ਲਈ ਹੈ।

# ’ਡੰਕੀ ਰੂਟ’ ਰਾਹੀਂ ਅਮਰੀਕਾ ’ਚ ਗੈਰ-ਕਾਨੂੰਨੀ ਪ੍ਰਵੇਸ਼ ਕਰਵਾਉਣ ਦੇ ਦੋਸ਼ ’ਚ ਪੰਜਾਬ ਦਾ ਏਜੰਟ ਗ੍ਰਿਫ਼ਤਾਰ

**ਕੌਮੀ ਪਤ੍ਰਿਕਾ**

ਨਵੀਂ ਦਿੱਲੀ 4 ਜੂਨ। ਦਿੱਲੀ ਪੁਲਸ ਨੇ ਪੰਜਾਬ ਦੇ ਇਕ 36 ਸਾਲਾ ਏਜੰਟ ਨੂੰ ਗ੍ਰਿਫ਼ਤਾਰ ਕੀਤਾ ਹੈ ਜੋ ਕਥਿਤ ਤੌਰ ’ਤੇ ਜਾਅਲੀ ਯਾਤਰਾ ਦਸਤਾਵੇਜ਼ ਬਣਾਉਣ ਅਤੇ ’ਡੰਕੀ ਰੂਟ’ ਰਾਹੀਂ ਅਮਰੀਕਾ ’ਚ ਗੈਰ-ਕਾਨੂੰਨੀ ਪ੍ਰਵੇਸ਼ ਦੀ ਸਹੂਲਤ ਦੇਣ ’ਚ ਸ਼ਾਮਲ ਸੀ। ਇਹ ਜਾਣਕਾਰੀ ਸ਼ੁੱਕਰਵਾਰ ਨੂੰ ਇਕ ਅਧਿਕਾਰੀ ਨੇ ਦਿੱਤੀ। ’ਡੰਕੀ ਰੂਟ’ ਉਨ੍ਹਾਂ ਰਸਤਿਆਂ ਨੂੰ ਕਿਹਾ ਜਾਂਦਾ ਹੈ, ਜਿਸ ਦਾ ਇਸਤੇਮਾਲ ਪ੍ਰਵਾਸੀ ਬਿਨਾਂ ਉੱਚਿਤ ਦਸਤਾਵੇਜ਼ ਦੇ ਅਮਰੀਕਾ ਵਰਗੇ ਦੇਸ਼ਾਂ ’ਚ ਪ੍ਰਵੇਸ਼ ਕਰਨ ਲਈ ਕਰਦੇ ਹਨ। ਉਨ੍ਹਾਂ ਦੇ ਜੋਖਮ ਭਰੇ ਅਤੇ ਔਖੇ ਸਫ਼ਰ ਨੂੰ ਆਮ ਤੌਰ ’ਤੇ ਮਨੁੱਖੀ ਤਸਕਰੀ ਸਿੰਡੀਕੇਟਾਂ ਦੁਆਰਾ ਸੁਵਿਧਾਜਨਕ ਬਣਾਇਆ ਜਾਂਦਾ ਹੈ। ਅਧਿਕਾਰੀ ਨੇ ਦੱਸਿਆ ਕਿ ਦੋਸ਼ੀ ਦੀ ਪਛਾਣ ਨਰੇਸ਼ ਕੁਮਾਰ ਵਜੋਂ ਹੋਈ ਹੈ, ਜੋ ਕਿ ਪੰਜਾਬ ਦੇ ਪਟਿਆਲਾ ਦੇ ਪਿੰਡ ਮਟੌਲੀ ਦਾ ਰਹਿਣ ਵਾਲਾ ਹੈ ਅਤੇ ਇਕ ਭਾਰਤੀ ਯਾਤਰੀ ਨੂੰ ਅਮਰੀਕਾ ਤੋਂ ਦੇਸ਼ ਨਿਕਾਲਾ ਦਿੱਤੇ ਜਾਣ ਤੋਂ ਬਾਅਦ ਉਸ ਨੂੰ ਗ੍ਰਿਫਤਾਰ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਕੁਮਾਰ ਨੇ ਹੋਰ ਏਜੰਟਾਂ ਨਾਲ ਮਿਲ ਕੇ ਕਥਿਤ ਤੌਰ ’ਤੇ ਜਾਅਲੀ ’ਸ਼ੈਂਗੇਨ ਵੀਜ਼ਾ’ ਦਾ ਪ੍ਰਬੰਧ ਕੀਤਾ ਸੀ ਅਤੇ ਬਾਅਦ ’ਚ ਜਾਅਲਸਾਜ਼ੀ ਨੂੰ ਲੁਕਾਉਣ ਲਈ ਯਾਤਰੀ ਦੇ ਪਾਸਪੋਰਟ ਨਾਲ ਛੇੜਛਾੜ ਕੀਤੀ ਸੀ। ਇਹ ਮਾਮਲਾ 4 ਤੋਂ 5 ਅਪ੍ਰੈਲ ਦੀ ਦਰਮਿਆਨੀ ਰਾਤ ਨੂੰ ਉਦੋਂ ਸਾਹਮਣੇ ਆਇਆ, ਜਦੋਂ ਗੁਰਸਾਹਿਬ ਸਿੰਘ (39) ਅਮਰੀਕਾ ਤੋਂ ਆਈਜੀਆਈ ਏਅਰਪੋਰਟ ਪਹੁੰਚਿਆ। ਉਸ ਨੂੰ ਅਮਰੀਕਾ ਤੋਂ ਵਾਪਸ ਭੇਜ ਦਿੱਤਾ ਗਿਆ ਸੀ। ਉਸ ਦੇ ਯਾਤਰਾ ਦਸਤਾਵੇਜ਼ਾਂ ਦੀ ਜਾਂਚ ਦੌਰਾਨ ਇਮੀਗ੍ਰੇਸ਼ਨ ਅਧਿਕਾਰੀਆਂ ਨੇ ਉਸ ਦੇ ਪਾਸਪੋਰਟ ਦੇ ਇਕ ਪੰਨੇ ’ਤੇ ਗੂੰਦ ਦੇ ਨਿਸ਼ਾਨ ਦੇਖੇ, ਜਿਸ ਨਾਲ ਛੇੜਛਾੜ ਦਾ ਸੰਕੇਤ ਮਿਲਿਆ। ਪੁਲਸ ਦੇ ਇਕ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਪੰਜਾਬ ਦੇ ਤਰਨਤਾਰਨ ਜ਼ਿਲ੍ਹੇ ਦੇ ਵਾਸੀ ਸਿੰਘ ’ਤੇ ਬਾਅਦ ’ਚ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡਾ ਪੁਲਸ ਥਾਣੇ ’ਚ ਭਾਰਤੀ ਨਿਆਂ ਸੰਹਿਤਾ ਅਤੇ ਪਾਸਪੋਰਟ ਐਕਟ ਦੀਆਂ ਸੰਬੰਧਤ ਧਾਰਾਵਾਂ ਦੇ ਅਧੀਨ ਇਕ ਮਾਮਲਾ ਦਰਜ ਕੀਤਾ ਗਿਆ। ਅਧਿਕਾਰੀ ਨੇ ਦੱਸਿਆ ਕਿ ਸਿੰਘ ਨੂੰ ਗ੍ਰਿਫ਼ਤਾਰ ਕਰ ਕੇ ਪੁੱਛ-ਗਿੱਛ ਕੀਤੀ ਗਈ, ਜਿਸ ਦੌਰਾਨ ਉਸ ਨੇ ਇਸ ਬਾਰੇ ਪੂਰੀ ਜਾਣਕਾਰੀ ਦਿੱਤੀ। ਪੁਲਸ ਨੇ ਦੱਸਿਆ ਕਿ ਸਿੰਘ ਨੇ ਖੁਲਾਸਾ ਕੀਤਾ ਕਿ 2024 ’ਚ ਸਿੰਗਾਪੁਰ ਤੋਂ ਭਾਰਤ ਆਉਣ ਤੋਂ ਬਾਅਦ ਉਹ ਗੁਰਦੇਵ ਸਿੰਘ ਉਰਫ ’ਗੁਰੀ’ ਨਾਮੀ ਇਕ ਏਜੰਟ ਦੇ ਸੰਪਰਕ ’ਚ ਆਇਆ, ਜਿਸ ਨੇ 20 ਲੱਖ ਰੁਪਏ ਦੇ ਬਦਲੇ ਉਸ ਨੂੰ ਗੈਰ-ਕਾਨੂੰਨੀ ਢੰਗ ਨਾਲ ਅਮਰੀਕਾ ’ਚ ਪ੍ਰਵੇਸ਼ ਕਰਨ ’ਚ ਮਦਦ ਕਰਨ ਦਾ ਵਾਅਦਾ ਕੀਤਾ। ਸਿੰਘ ਨੇ 17 ਲੱਖ ਰੁਪਏ ਨਕਦ ਦਿੱਤੇ ਅਤੇ ਬਾਕੀ ਤਿੰਨ ਲੱਖ ਰੁਪਏ ਇਕ ਬੈਂਕ ਖਾਤੇ ’ਚ ਟਰਾਂਸਫਰ ਕੀਤੇ, ਜੋ ਬਾਅਦ ’ਚ ਨਰੇਸ਼ ਕੁਮਾਰ ਨਿਕਲਿਆ। ਪੁਲਸ ਨੇ ਦੱਸਿਆ ਕਿ ਸਾਜਿਸ਼ ਅਨੁਸਾਰ, ਸਿੰਘ ਨੂੰ ਬ੍ਰਿਟੇਨ, ਸਪੇਨ, ਗਵਾਟੇਮਾਲਾ, ਮੈਕਸੀਕੋ ਅਤੇ ਅੰਤ ’ਚ ਤਿਜੁਆਨਾ ਸਣੇ ਕਈ ਦੇਸ਼ਾਂ ’ਚੋਂ ਹੋ ਕੇ ਭੇਜਿਆ ਗਿਆ, ਜਿੱਥੋਂ ਉਹ ’ਡੰਕੀ ਰੂਟ’ ਰਾਹੀਂ ਗੈਰ-ਕਾਨੂੰਨੀ ਢੰਗ ਨਾਲ ਅਮਰੀਕਾ ’ਚ ਦਾਖ਼ਲ ਹੋ ਗਿਆ। ਪੁਲਸ ਅਨੁਸਾਰ ਅਮਰੀਕਾ ’ਚ ਪ੍ਰਵੇਸ਼ ਕਰਨ ਤੋਂ ਪਹਿਲਾਂ, ਏਜੰਟ ਦੇ ਇਕ ਸਹਿਯੋਗੀ ਨੇ ਜਾਅਲੀ ’ਸ਼ੈਂਗੇਨ ਵੀਜ਼ਾ’ ਹਾਸਲ ਕੀਤਾ ਅਤੇ ਉਸ ਨੂੰ ਸਿੰਘ ਦੇ ਪਾਸਪੋਰਟ ’ਤੇ ਚਿਪਕਾ ਦਿੱਤਾ, ਜਿਸ ’ਚ ਬਾਅਦ ’ਚ ਨਕਲੀ ਵੀਜ਼ਾ ਲੁਕਾਉਣ ਲਈ ਛੇੜਛਾੜ ਕੀਤੀ ਗਈ। ਪੁਲਸ ਅਨੁਸਾਰ ਹਾਲਾਂਕਿ ਸਿੰਘ ਨੂੰ ਅਮਰੀਕੀ ਅਧਿਕਾਰੀਆਂ ਨੇ ਹਿਰਾਸਤ ’ਚ ਲੈ ਲਿਆ ਅਤੇ ਤਿੰਨ ਮਹੀਨੇ ਹਿਰਾਸਤ ’ਚ ਰੱਖਣ ਤੋਂ ਬਾਅਦ ਉਸ ਨੂੰ ਭਾਰਤ ਭੇਜ ਦਿੱਤਾ ਗਿਆ। ਪੁਲਸ ਅਨੁਸਾਰ ਉਸ ਦੇ ਆਉਣ ’ਤੇ ਜਾਂਚ ਸ਼ੁਰੂ ਹੋਈ ਅਤੇ ਕੁਮਾਰ ਦੀ ਗ੍ਰਿਫ਼ਤਾਰੀ ਹੋਈ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814

Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਗੁਰਦੁਆਰਾ ਸਾਹਿਬ ਦੇ ਬਾਹਰ ਔਰਤ ਦੀ ਕੁੱਟਮਾਰ, ਪੀੜਤ ਨੇ ਇਨਸਾਫ ਦੀ ਕੀਤੀ ਮੰਗ

**ਕੌਮੀ ਪਤ੍ਰਿਕਾ**

ਅੰਮ੍ਰਿਤਸਰ 4 ਜੂਨ। ਅੰਮ੍ਰਿਤਸਰ ਦੇ ਰਾਜਾਸਾਂਸੀ ਹਲਕੇ ਅਧੀਨ ਪੈਂਦੇ ਪਿੰਡ ਕੋਹਾਲੀ ਤੋਂ ਇਨਸਾਨੀਅਤ ਨੂੰ ਸ਼ਰਮਸਾਰ ਕਰਨ ਵਾਲੀ ਘਟਨਾ ਸਾਹਮਣੇ ਆਈ ਹੈ। ਪਿੰਡ ਦੀ 35 ਸਾਲਾ ਮਹਿਲਾ ਦਲਬੀਰ ਕੌਰ ਨਾਲ ਗੁਰਦੁਆਰਾ ਸਾਹਿਬ ਦੇ ਬਾਹਰ ਕਥਿਤ ਤੌਰ 'ਤੇ ਇੱਕ ਨੌਜਵਾਨ ਵੱਲੋਂ ਬੁਰੀ ਤਰ੍ਹਾਂ ਕੁੱਟਮਾਰ ਕੀਤੀ ਗਈ। ਇਸ ਘਟਨਾ ਦੀ ਸੀਸੀਟੀਵੀ ਫੁਟੇਜ ਵੀ ਸਾਹਮਣੇ ਆਈ ਹੈ, ਜਿਸ ਵਿੱਚ ਇੱਕ ਵਿਅਕਤੀ ਵੱਲੋਂ ਮਹਿਲਾ ਨਾਲ ਮਾਰਕੁੱਟ ਕੀਤੀ ਗਈ। ਮੀਡੀਆ ਨਾਲ ਗੱਲਬਾਤ ਕਰਦਿਆਂ ਪੀੜਤ ਦਲਬੀਰ ਕੌਰ ਨੇ ਦੱਸਿਆ ਕਿ ਇਹ ਘਟਨਾ 17 ਤਰੀਕ ਐਤਵਾਰ ਦੀ ਹੈ। ਉਸ ਮੁਤਾਬਕ ਮੁਲਜ਼ਮ ਦੇ ਪਰਿਵਾਰ ਵੱਲੋਂ ਉਸਨੂੰ ਗੁਰਦੁਆਰਾ ਸਾਹਿਬ ਬੁਲਾਇਆ ਗਿਆ ਸੀ। ਜਦੋਂ ਉਹ ਗੁਰਦੁਆਰਾ ਸਾਹਿਬ ਪਹੁੰਚੀ ਅਤੇ ਮੱਥਾ ਟੇਕਣ ਲਈ ਅੰਦਰ ਜਾਣ ਲੱਗੀ ਤਾਂ ਇੱਕ ਨੌਜਵਾਨ ਨੇ ਉਸਦੇ ਨਾਲ ਗਾਲੀ-ਗਲੌਚ ਕਰਦੇ ਹੋਏ ਅਚਾਨਕ ਹਮਲਾ ਕਰ ਦਿੱਤਾ ਅਤੇ ਬੁਰੀ ਤਰ੍ਹਾਂ ਕੁੱਟਮਾਰ ਕੀਤੀ। ਦਲਬੀਰ ਕੌਰ ਨੇ ਇਲਜ਼ਾਮ ਲਗਾਇਆ ਕਿ ਉਸਨੂੰ ਅਜੇ ਤੱਕ ਇਹ ਨਹੀਂ ਦੱਸਿਆ ਗਿਆ ਕਿ ਉਸ 'ਤੇ ਇਹ ਹਮਲਾ ਕਿਸ ਕਾਰਨ ਕੀਤਾ ਗਿਆ। ਉਸਨੇ ਕਿਹਾ ਕਿ ਮੁਲਜ਼ਮ ਵੱਲੋਂ ਪਹਿਲਾਂ ਵੀ ਉਸ ਨਾਲ ਦੁਰਵਿਵਹਾਰ ਅਤੇ ਕੁੱਟਮਾਰ ਕੀਤੀ ਜਾ ਚੁੱਕੀ ਹੈ, ਪਰ ਹਰ ਵਾਰ ਮੁਆਫ਼ੀ ਮੰਗ ਲਈ ਗਈ। ਇਸ ਵਾਰ ਨਾ ਸਿਰਫ਼ ਉਸ ਨਾਲ ਕੁੱਟਮਾਰ ਕੀਤੀ ਗਈ ਸਗੋਂ ਉਸਦੀ ਧੀ ਅਤੇ ਪਰਿਵਾਰ ਨੂੰ ਵੀ ਧਮਕੀਆਂ ਦਿੱਤੀਆਂ ਗਈਆਂ। ਪੀੜਤ ਮਹਿਲਾ ਨੇ ਦੱਸਿਆ ਕਿ ਹਮਲੇ ਦੌਰਾਨ ਉਸਦੇ ਸਿਰ, ਨੱਕ ਅਤੇ ਸਰੀਰ ਦੇ ਹੋਰ ਹਿੱਸਿਆਂ 'ਤੇ ਗੰਭੀਰ ਸੱਟਾਂ ਲੱਗੀਆਂ ਹਨ। ਉਸਨੇ ਦਾਅਵਾ ਕੀਤਾ ਕਿ ਉਸਦੀ ਲੱਤ ਦੀ ਹੱਡੀ ਵੀ ਪ੍ਰਭਾਵਿਤ ਹੋਈ ਹੈ। ਉਸਨੇ ਕਿਹਾ ਕਿ ਉਸਦੇ ਪਰਿਵਾਰ ਦੀ ਸੁਰੱਖਿਆ ਨੂੰ ਖਤਰਾ ਬਣਿਆ ਹੋਇਆ ਹੈ ਅਤੇ ਜੇਕਰ ਭਵਿੱਖ ਵਿੱਚ ਉਸਦੇ ਬੱਚਿਆਂ ਨਾਲ ਕੋਈ ਅਨਹੋਣੀ ਵਾਪਰਦੀ ਹੈ ਤਾਂ ਇਸ ਦੀ ਜ਼ਿੰਮੇਵਾਰੀ ਮੁਲਜ਼ਮ ਦੀ ਹੋਵੇਗੀ। ਦਲਬੀਰ ਕੌਰ ਨੇ ਕਿਹਾ ਕਿ ਉਹ ਅਤੇ ਉਸਦਾ ਪਰਿਵਾਰ ਲਗਭਗ ਦੋ ਹਫ਼ਤੇ ਪਹਿਲਾਂ ਹੀ ਪੁਲਸ ਨੂੰ ਲਿਖਤੀ ਦਰਖਾਸਤ ਦੇ ਚੁੱਕੇ ਹਨ, ਪਰ ਮੁਲਜ਼ਮ ਦੀ ਪਛਾਣ ਹੋਣ ਅਤੇ ਸੀਸੀਟੀਵੀ ਸਬੂਤ ਸਾਹਮਣੇ ਆਉਣ ਦੇ ਬਾਵਜੂਦ ਅਜੇ ਤੱਕ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ। ਉਸਨੇ ਪ੍ਰਸ਼ਾਸਨ ਤੋਂ ਇਨਸਾਫ ਦੀ ਮੰਗ ਕਰਦਿਆਂ ਮੁਲਜ਼ਮਾਂ ਖ਼?ਲਾਫ਼ ਸਖ਼ਤ ਕਾਰਵਾਈ ਦੀ ਅਪੀਲ ਕੀਤੀ ਹੈ। ਇਸ ਘਟਨਾ ਦੀ ਸੀਸੀਟੀਵੀ ਵੀਡੀਓ ਵੀ ਸਾਹਮਣੇ ਆਈ ਹੈ, ਜਿਸ ਵਿੱਚ ਸਾਫ਼ ਤੌਰ 'ਤੇ ਦੇਖਿਆ ਗਿਆ ਕਿ ਇੱਕ ਵਿਅਕਤੀ ਵੱਲੋਂ ਮਹਿਲਾ ਨਾਲ ਕੁੱਟਮਾਰ ਕੀਤੀ ਜਾ ਰਹੀ ਹੈ। ਵੀਡੀਓ ਸਾਹਮਣੇ ਆਉਣ ਤੋਂ ਬਾਅਦ ਇਲਾਕੇ ਵਿੱਚ ਰੋਸ ਦਾ ਮਾਹੌਲ ਬਣਿਆ ਹੋਇਆ ਹੈ। ਉੱਧਰ, ਜਦੋਂ ਮੀਡੀਆ ਵੱਲੋਂ ਇਸ ਮਾਮਲੇ ਸਬੰਧੀ ਪੁਲਸ ਨਾਲ ਗੱਲਬਾਤ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਪੁਲਸ ਅਧਿਕਾਰੀਆਂ ਨੇ ਕੈਮਰੇ ਸਾਹਮਣੇ ਕੋਈ ਬਿਆਨ ਨਹੀਂ ਦਿੱਤਾ। ਹਾਲਾਂਕਿ ਬੰਦ ਕੈਮਰਾ ਪੁਲਸ ਵੱਲੋਂ ਇਹ ਕਿਹਾ ਗਿਆ ਕਿ ਮੈਡੀਕਲ ਰਿਪੋਰਟਾਂ ਪ੍ਰਾਪਤ ਹੋਣ ਤੋਂ ਬਾਅਦ ਮਾਮਲੇ ਦੀ ਜਾਂਚ ਕਰਕੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਫਿਲਹਾਲ ਇਸ ਮਾਮਲੇ ਵਿੱਚ ਪੀੜਤ ਪਰਿਵਾਰ ਇਨਸਾਫ ਦੀ ਮੰਗ ਕਰ ਰਿਹਾ ਹੈ, ਜਦਕਿ ਲੋਕਾਂ ਵੱਲੋਂ ਵੀ ਮੁਲਜ਼ਮਾਂ ਖ਼?ਲਾਫ਼ ਤੁਰੰਤ ਅਤੇ ਸਖ਼ਤ ਕਾਰਵਾਈ ਦੀ ਮੰਗ ਕੀਤੀ ਜਾ ਰਹੀ ਹੈ।

## ਬਾਬਾ ਫਰੀਦ ਯੂਨੀਵਰਸਿਟੀ ਦੇ ਹੋਸਟਲ 'ਚ ਨਰਸਿੰਗ ਵਿਦਿਆਰਥਣ ਨੇ ਕੀਤੀ ਖ਼ੁਦਕੁਸ਼ੀ

ਫਰੀਦਕੋਟ 4 ਜੂਨ। ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਜ਼ ਦੇ ਹੋਸਟਲ ਵਿਚ ਰਹਿ ਰਹੀ ਨਰਸਿੰਗ ਵਿਦਿਆਰਥਣ ਵੱਲੋਂ ਭੇਤਭਰੇ ਹਾਲਾਤ ਵਿਚ ਖੁਦਕੁਸ਼ੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਅਨੁਸਾਰ ਸ਼ਨੀਵਾਰ ਤੜਕੇ ਵਿਦਿਆਰਥਣ ਨੇ ਆਪਣੇ ਹੋਸਟਲ ਕਮਰੇ ਵਿਚ ਫਾਹਾ ਲੈ ਕੇ ਜੀਵਨ ਲੀਲਾ ਸਮਾਪਤ ਕਰ ਲਈ। ਘਟਨਾ ਦੀ ਸੂਚਨਾ ਮਿਲਦਿਆਂ ਹੀ ਹੋਸਟਲ ਪ੍ਰਬੰਧਨ ਵੱਲੋਂ ਪੁਲਸ ਨੂੰ ਜਾਣਕਾਰੀ ਦਿੱਤੀ ਗਈ। ਮੌਕੇ 'ਤੇ ਪਹੁੰਚੀ ਪੁਲਸ ਨੇ ਜਾਂਚ ਸ਼ੁਰੂ ਕਰ ਦਿੱਤੀ। ਮ੍ਰਿਤਕਾ ਦੀ ਪਛਾਣ ਅਮਨਪ੍ਰੀਤ ਕੌਰ ਵਜੋਂ ਹੋਈ ਹੈ, ਜੋ ਖਰੜ ਦੇ ਸ਼ਿਵਜੋਤ ਐਨਕਲੇਵ ਦੀ ਰਹਿਣ ਵਾਲੀ ਸੀ। ਉਹ ਯੂਨੀਵਰਸਿਟੀ ਕਾਲਜ ਆਫ ਨਰਸਿੰਗ ਵਿਚ ਬੀ. ਐੱਸ. ਸੀ. ਨਰਸਿੰਗ ਦੇ ਤੀਜੇ ਸਮੈਸਟਰ ਦੀ ਵਿਦਿਆਰਥਣ ਸੀ ਅਤੇ ਹੋਸਟਲ ਵਿਚ ਰਹਿ ਰਹੀ ਸੀ। ਪੁਲਸ ਨੇ ਲਾਸ਼ ਨੂੰ ਕਬਜ਼ੇ ਵਿਚ ਲੈ ਕੇ ਪੋਸਟਮਾਰਟਮ ਲਈ ਮੈਡੀਕਲ ਕਾਲਜ ਹਸਪਤਾਲ ਦੀ ਮੋਰਚਰੀ ਵਿਚ ਰੱਖਵਾ ਦਿੱਤਾ ਹੈ।

## ਸਰਹੱਦੀ ਪਿੰਡ ਨੇੜਿਓਂ ਪਿਸਤੌਲ ਤੇ ਹੈਰੋਇਨ ਬਰਾਮਦ, ਅਣਪਛਾਤਿਆਂ ਖ਼ਿਲਾਫ਼ ਮਾਮਲਾ ਦਰਜ

ਗੁਰਦਾਸਪੁਰ 4 ਜੂਨ। ਗੁਆਂਢੀ ਦੇਸ਼ ਪਾਕਿਸਤਾਨ ਵੱਲੋਂ ਸਰਹੱਦੀ ਖੇਤਰਾਂ ਵਿੱਚ ਡਰੋਨ ਰਾਹੀਂ ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ ਦੀ ਤਸਕਰੀ ਦੀਆਂ ਕੋਸ਼ਿਸ਼ਾਂ ਲਗਾਤਾਰ ਜਾਰੀ ਹਨ। ਹਾਲਾਂਕਿ ਸਰਹੱਦ 'ਤੇ ਤਾਇਨਾਤ ਸੁਰੱਖਿਆ ਬਲ ਅਜਿਹੀਆਂ ਕੋਸ਼ਿਸ਼ਾਂ ਨੂੰ ਨਾਕਾਮ ਬਣਾਉਣ ਲਈ ਮੁਸਤੈਦ ਹਨ। ਇਸੇ ਕੜੀ ਤਹਿਤ ਗੁਰਦਾਸਪੁਰ ਦੇ ਸਰਹੱਦੀ ਖੇਤਰ ਵਿੱਚ ਇੱਕ ਵਾਰ ਫਿਰ ਡਰੋਨ ਗਤੀਵਿਧੀ ਸਾਹਮਣੇ ਆਈ ਹੈ। ਜਾਣਕਾਰੀ ਅਨੁਸਾਰ ਬੀਤੀ ਰਾਤ ਕਰੀਬ 8:30 ਵਜੇ ਕਲਾਨੌਰ ਥਾਣੇ ਅਧੀਨ ਪੈਂਦੇ ਸਰਹੱਦੀ ਪਿੰਡ ਰੋਸੇ ਨੇੜੇ ਬੀਐਸਐਫ ਦੀ 27ਵੀਂ ਬਟਾਲੀਅਨ ਦੇ ਬੀਓਪੀ ਰੋਸੇ ਖੇਤਰ ਵਿੱਚ ਡਰੋਨ ਦੀ ਹਰਕਤ ਦੇਖੀ ਗਈ। ਇਸ ਤੋਂ ਬਾਅਦ ਬੀਐਸਐਫ ਦੇ ਜਵਾਨਾਂ ਨੇ ਤੁਰੰਤ ਤਲਾਸ਼ੀ ਮੁਹਿੰਮ ਸ਼ੁਰੂ ਕੀਤੀ। ਤਲਾਸ਼ੀ ਦੌਰਾਨ ਸੁਰੱਖਿਆ ਬਲਾਂ ਨੂੰ ਖੇਤਾਂ ਵਿੱਚੋਂ ਇੱਕ ਪਿਸਤੌਲ ਅਤੇ ਕਰੀਬ 500 ਗ੍ਰਾਮ ਹੈਰੋਇਨ ਦਾ ਪੈਕਟ ਬਰਾਮਦ ਹੋਇਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀਐਸਪੀ ਕਲਾਨੌਰ ਅਮੋਲਕ ਸਿੰਘ ਨੇ ਦੱਸਿਆ ਕਿ ਡਰੋਨ ਗਤੀਵਿਧੀ ਦੀ ਸੂਚਨਾ ਮਿਲਣ ਤੋਂ ਬਾਅਦ ਪੰਜਾਬ ਪੁਲਸ ਅਤੇ ਬੀਐਸਐਫ ਵੱਲੋਂ ਸਾਂਝੇ ਤੌਰ 'ਤੇ ਸਰਚ ਅਭਿਆਨ ਚਲਾਇਆ ਗਿਆ ਸੀ।

## ਰਾਜ ਪੱਧਰੀ ਜਨਗਣਨਾ ਤਾਲਮੇਲ ਕਮੇਟੀ ਵੱਲੋਂ ਪੰਜਾਬ ਵਿੱਚ ਜਨਗਣਨਾ ਦੇ ਪਹਿਲੇ ਪੜਾਅ ਦੀ ਪ੍ਰਗਤੀ ਦੀ ਸਮੀਖਿਆ

Contd............Front page

ਉਨ੍ਹਾਂ ਨੇ ਨਾਗਰਿਕਾਂ ਦੇ ਸਹਿਯੋਗ ਨੂੰ ਉਤਸ਼ਾਹਿਤ ਕਰਨ ਅਤੇ ਫੀਲਡ ਕਾਰਜਾਂ ਦੇ ਸੁਚਾਰੂ ਸੰਚਾਲਨ ਨੂੰ ਹੋਰ ਸੁਵਿਧਾਜਨਕ ਬਣਾਉਣ ਲਈ ਭਰੋਸਾ ਬਣਾਉਣ ਵਾਲੇ ਉਪਾਵਾਂ ਅਤੇ ਪਾਰਦਰਸ਼ੀ ਸੰਚਾਰ ਦੀ ਲੋੜ 'ਤੇ ਜ਼ੋਰ ਦਿੱਤਾ। ਮੌਜੂਦਾ ਮੌਸਮ ਦੇ ਹਾਲਾਤਾਂ ਦੇ ਮੱਦੇਨਜ਼ਰ ਸਾਰੇ ਪ੍ਰਮੁੱਖ ਜਨਗਣਨਾ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਕਿ ਉਹ ਫੀਲਡਵਰਕ ਵਿੱਚ ਲੱਗੇ ਗਣਨਾਕਾਰਾਂ ਅਤੇ ਸੁਪਰਵਾਈਜ਼ਰਾਂ ਲਈ ਗਰਮੀ ਸੰਬੰਧੀ ਐਡਵਾਈਜ਼ਰੀ ਅਤੇ ਜ਼ਰੂਰੀ ਸੁਰੱਖਿਆ ਉਪਾਵਾਂ ਨੂੰ ਸਖਤੀ ਨਾਲ ਲਾਗੂ ਕਰਨ ਨੂੰ ਯਕੀਨੀ ਬਣਾਉਣ। ਜਨਗਣਨਾ ਕਵਾਇਦ ਦੌਰਾਨ ਫੀਲਡ ਕਰਮਚਾਰੀਆਂ ਦੀ ਸੁਰੱਖਿਆ ਲਈ ਲੋੜ ਅਨੁਸਾਰ ਹਾਈਡਰੇਸ਼ਨ, ਸਮਾਂ-ਸਾਰਣੀ ਵਿਵਸਥਾ ਅਤੇ ਜਾਗਰੂਕਤਾ ਉਪਾਵਾਂ ਸਮੇਤ ਢੁਕਵੀਆਂ ਸਾਵਧਾਨੀਆਂ ਦੀ ਸਲਾਹ ਵੀ ਦਿੱਤੀ ਗਈ। ਨਿਰਧਾਰਤ ਸਮਾਂ-ਸਾਰਣੀ ਦੀ ਪਾਲਣਾ ਕਰਨ ਦੀ ਅਹਿਮੀਅਤ ਨੂੰ ਦੁਹਰਾਉਂਦਿਆਂ ਸ਼?ਰੀ ਸਿਨਹਾ ਨੇ ਕਿਹਾ ਕਿ ਪੜਾਅ-1 ਤਹਿਤ ਜਨਗਣਨਾ ਦੇ ਕੰਮ ਨੂੰ ਜੂਨ 2026 ਦੇ ਦੂਜੇ ਹਫ਼ਤੇ ਤੋਂ ਪਹਿਲਾਂ ਪੂਰੀ ਤਰ੍ਹਾਂ ਨੇਪਰੇ ਚੜ੍ਹਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਸਪੱਸ਼ਟ ਤੌਰ 'ਤੇ ਕਿਹਾ ਕਿ ਸਮਾਂ-ਸੀਮਾ ਵਿੱਚ ਕੋਈ ਵਾਧਾ ਨਹੀਂ ਕੀਤਾ ਜਾਵੇਗਾ ਕਿਉਂਕਿ ਜਨਗਣਨਾ 2027: ਪੜਾਅ-1 - ਪੰਜਾਬ ਵਿੱਚ ਘਰਾਂ ਦੇ ਸੂਚੀਕਰਨ ਅਤੇ ਹਾਊਸਿੰਗ ਆਪ੍ਰੇਸ਼ਨਜ਼ ਲਈ ਸੂਚਿਤ ਸਮਾਂ-ਸੀਮਾ 15 ਮਈ 2026 ਤੋਂ 13 ਜੂਨ 2026 ਤੱਕ ਹੈ। ਇਹ ਮੀਟਿੰਗ ਸਾਰੇ ਸਬੰਧਤ ਅਧਿਕਾਰੀਆਂ ਵੱਲੋਂ ਤਾਲਮੇਲ ਵਾਲੇ ਯਤਨਾਂ, ਸਖ਼ਤ ਨਿਗਰਾਨੀ ਅਤੇ ਪ੍ਰਭਾਵੀ ਖੇਤਰ-ਪੱਧਰੀ ਲਾਗੂਕਰਨ ਰਾਹੀਂ ਪੰਜਾਬ ਭਰ ਵਿੱਚ ਜਨਗਣਨਾ ਪੜਾਅ-1 ਕਾਰਜਾਂ ਦੇ ਸਫਲ, ਸਮੇਂ ਸਿਰ ਅਤੇ ਸੰਪੂਰਨਤਾ ਨੂੰ ਯਕੀਨੀ ਬਣਾਉਣ ਲਈ ਇੱਕ ਨਵੀਂ ਵਚਨਬੱਧਤਾ ਨਾਲ ਸਮਾਪਤ ਹੋਈ।


**NAME CHANGE**
I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

**NAME CHANGE**
I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

**NAME CHANGE**
I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

**NAME CHANGE**
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

**NAME CHANGE**
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

**NAME CHANGE**
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**PUBLIC NOTICE**
ਐੱਨ ਟੀ ਏ ਪਹਿਲਾਂ ਹੀ 3 ਮਈ ਨੂੰ ਹੋਈ 'ਨੀਟ' ਪ੍ਰੀਖਿਆ ਦਾ ਪੇਪਰ ਲੀਕ ਹੋਣ ਅਤੇ ਉਸ ਨੂੰ ਰੱਦ ਕੀਤੇ ਜਾਣ ਕਾਰਨ ਨਿਸ਼ਾਨੇ 'ਤੇ ਹੈ। ਇਸ ਮਾਮਲੇ ਦੀ ਜਾਂਚ ਸੀ ਬੀ ਆਈ ਵੱਲੋਂ ਕੀਤੀ ਜਾ ਰਹੀ ਹੈ। ਜਦਕਿ ਐੱਨ ਟੀ ਏ ਨੇ ਅਗਲੇ ਸਾਲ ਤੋਂ ਇਹ ਪ੍ਰੀਖਿਆ ਕੰਪਿਊਟਰ ਆਧਾਰਿਤ (ਆਨਲਾਈਨ) ਮੋਡ ਵਿੱਚ ਕਰਵਾਉਣ ਦਾ ਫ਼ੈਸਲਾ ਕੀਤਾ ਹੈ। ਹੈਰਾਨੀ ਦੀ ਗੱਲ ਇਹ ਹੈ ਕਿ ਇਹ ਪੇਪਰ ਲੀਕ ਉਦੋਂ ਹੋਇਆ ਜਦੋਂ ਪੇਪਰ ਸੈੱਟ ਕਰਨ ਦਾ ਕੰਮ ਇੱਕ ਅਜਿਹੀ 'ਬੇਹੱਦ ਸੁਰੱਖਿਅਤ' ਜਗ੍ਹਾ 'ਤੇ ਹੋਇਆ ਸੀ, ਜਿੱਥੇ ਫ਼ੋਨ, ਲੈਪਟਾਪ ਜਾਂ ਕੋਈ ਵੀ ਹੋਰ ਇਲੈਕਟ੍ਰੌਨਿਕ ਉਪਕਰਨ ਲੈ ਕੇ ਜਾਣ ਦੀ ਇਜਾਜ਼ਤ ਨਹੀਂ ਸੀ ਅਤੇ ਸਾਰੇ ਕੱਚੇ ਨੋਟਸ ਨੂੰ ਤੁਰੰਤ ਨਸ਼ਟ ਕਰਨਾ ਲਾਜ਼ਮੀ ਸੀ। ਹੁਣ ਜਦੋਂ ਘਰ ਦੇ 'ਭੇਤੀ' ਹੀ ਸ਼ੱਕ ਦੇ ਘੇਰੇ ਵਿੱਚ ਹਨ ਤਾਂ ਸਾਫ਼ ਹੈ ਕਿ ਬਿਮਾਰੀ ਜੜ੍ਹਾਂ ਤੱਕ ਫੈਲੀ ਹੋਈ ਹੈ ਅਤੇ ਸਿਸਟਮ ਅੰਦਰੋਂ ਬਿਲਕੁਲ ਗਲ਼ ਚੁੱਕਾ ਹੈ।

ਇੱਕ ਹੋਰ ਰਾਸ਼ਟਰੀ ਪੱਧਰ ਦੀ ਵਿੱਦਿਅਕ ਸੰਸਥਾ 'ਸੈਂਟਰਲ ਬੋਰਡ ਆਫ਼ ਸੈਕੰਡਰੀ ਐਜੂਕੇਸ਼ਨ' ਵੀ ਕੰਪਿਊਟਰ ਸਕਰੀਨ ਰਾਹੀਂ ਪਰਚੇ ਚੈੱਕ ਕਰਨ ਵਾਲੇ ਸਿਸਟਮ ਕਰਕੇ ਕਟਹਿਰੇ ਵਿੱਚ ਹੈ। ਕਈ ਵਿਦਿਆਰਥੀਆਂ ਨੇ ਇਹ ਗੱਲ ਸਾਹਮਣੇ ਲਿਆਂਦੀ ਹੈ ਕਿ ਉਨ੍ਹਾਂ ਦੀਆਂ ਉੱਤਰ-ਪੱਤਰੀਆਂ ਦੀ ਅਦਲਾ-ਬਦਲੀ ਹੋਈ ਹੈ, ਜੋ ਕਿ ਬਹੁਤ ਸ਼ਰਮਨਾਕ ਗੱਲ ਹੈ। ਇੱਕ ਤੋਂ ਬਾਅਦ ਇੱਕ ਸਾਹਮਣੇ ਆ ਰਹੇ ਇਹ ਵਿਵਾਦ ਸਾਫ਼ ਇਸ਼ਾਰਾ ਕਰਦੇ ਹਨ ਕਿ ਸਿੱਖਿਆ ਦੇ ਖੇਤਰ ਵਿੱਚੋਂ ਇਮਾਨਦਾਰੀ ਅਤੇ ਜਵਾਬਦੇਹੀ ਹੁਣ ਬਿਲਕੁਲ ਖ਼ਤਮ ਹੁੰਦੀ ਜਾ ਰਹੀ ਹੈ। ਜਿਵੇਂ-ਜਿਵੇਂ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਅਸਤੀਫ਼ੇ ਦੀ ਮੰਗ ਦਾ ਰੌਲਾ ਹੋਰ ਗਰਮਾਉਂਦਾ ਜਾ ਰਿਹਾ ਹੈ, ਮੋਦੀ ਸਰਕਾਰ ਸਿਰ ਦੇਸ਼ ਦੇ ਪ੍ਰੀਖਿਆ ਪ੍ਰਬੰਧਾਂ 'ਤੋਂ ਲੋਕਾਂ ਦਾ ਉੱਠ ਚੁੱਕਾ ਭਰੋਸਾ ਮੁੜ ਬੰਨ੍ਹਾਉਣ ਦੀ ਬਹੁਤ ਵੱਡੀ ਤੇ ਗੰਭੀਰ ਜ਼ਿੰਮੇਵਾਰੀ ਆ ਪਈ ਹੈ।

# ਛੇਵੀਂ ਜਮਾਤ ਤੋਂ ਏ.ਆਈ ਤਕਨੀਕ ਨਾਲ ਸਿੱਖਿਆ ਦੀ ਸ਼ੁਰੂਆਤ, ਪੰਜਾਬ ਸਿੱਖਿਆ ਖੇਤਰ ਵਿੱਚ ਅੱਗੇ ਵੱਧ ਰਿਹਾ : ਹਰਜੋਤ ਸਿੰਘ ਬੈਂਸ



**ਸ੍ਰੀ ਆਨੰਦਪੁਰ ਸਾਹਿਬ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਬਰਾਈਟ ਮਾਈਂਡਜ਼ ਪੰਜਾਬ 2026 ਤਹਿਤ ਵਿਰਾਸਤ ਏ ਖਾਲਸਾ ਵਿਖੇ ਆਯੋਜਿਤ ਸਮਾਰੋਹ ਦੌਰਾਨ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨਾਲ ਸਿੱਧਾ ਸੰਵਾਦ ਕੀਤਾ। ਇਸ ਮੌਕੇ ਉੱਜਵਲ ਪ੍ਰਤਿਭਾਵਾਂ ਦਾ ਸਨਮਾਨ ਕਰਦਿਆਂ ਸਿੱਖਿਆ ਦੇ ਖੇਤਰ ਵਿੱਚ ਹੋ ਰਹੇ ਸੁਧਾਰਾਂ 'ਤੇ ਵੀ ਵਿਸਥਾਰ ਨਾਲ ਚਰਚਾ ਕੀਤੀ ਗਈ।

ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਐਲਾਨ ਕੀਤਾ ਕਿ ਚਾਲੂ ਵਿੱਦਿਅਕ ਸੈਸ਼ਨ ਤੋਂ ਛੇਵੀਂ ਜਮਾਤ ਤੋਂ ਹੀ ਸਰਕਾਰੀ ਸਕੂਲਾਂ ਵਿੱਚ ਆਰਟੀਫੀਸ਼ਲ ਇੰਟੈਲੀਜੈਂਸ (ਏਆਈ) ਦੀ ਤਕਨੀਕ ਨਾਲ ਸਿੱਖਿਆ ਸ਼ੁਰੂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਨਵੀਆਂ ਤਕਨੀਕਾਂ ਨਾਲ ਜੋੜਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਪ੍ਰੀਖਿਆ ਪ੍ਰਣਾਲੀ ਵਿੱਚ ਪਾਰਦਰਸ਼ਤਾ ਲਈ ਹੁਣ ਉੱਤਰ ਕਾਪੀਆਂ ਵਿਦਿਆਰਥੀਆਂ ਦੀ ਸਹੂਲਤ ਲਈ ਆਨਲਾਈਨ ਉਪਲੱਬਧ ਕਰਵਾਈਆਂ ਜਾਣਗੀਆਂ।

ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਸਿੱਖਿਆ ਦੇ ਖੇਤਰ ਵਿੱਚ ਦੇਸ਼ ਦਾ ਅਗੇਤਰੀ ਸੂਬਾ ਬਣ ਚੁੱਕਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਸਿੱਖਿਆ ਪੱਖੋਂ ਪੰਜਾਬ ਦੇ ਪਟਿਆਲਾ ਜ਼ਿਲ੍ਹੇ ਨੇ ਹਰਿਆਣਾ ਦੇ ਗੁੜਗਾਓਂ ਵਰਗੇ ਅੱਗੇ ਸਮਝੇ ਜਾਣ ਵਾਲੇ ਜ਼ਿਲ੍ਹਿਆਂ ਨੂੰ ਵੀ ਪਿੱਛੇ ਛੱਡ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਦੇ ਆਧਾਰ 'ਤੇ ਹੀ ਦੇਸ਼ ਦੀ ਤਰੱਕੀ ਸੰਭਵ ਹੈ।

ਇਸ ਮੌਕੇ ਮਨੀਸ਼ ਸਿਸੋਦੀਆ ਸਾਬਕਾ ਉਪ ਮੁੱਖ ਮੰਤਰੀ ਦਿੱਲੀ ਤੇ ਪੰਜਾਬ ਇੰਚਾਰਜ ਨੇ ਕਿਹਾ ਕਿ ਮੌਜੂਦਾ ਸਿੱਖਿਆ ਪ੍ਰਣਾਲੀ ਵਿੱਚ ਵੱਡੇ ਪੱਧਰ 'ਤੇ ਤਬਦੀਲੀਆਂ ਦੀ ਲੋੜ ਹੈ। ਉਨ੍ਹਾਂ ਜ਼ੋਰ ਦਿੱਤਾ ਕਿ ਹਰ ਘਰ ਅਤੇ ਹਰ ਬੱਚੇ ਤੱਕ ਗੁਣਵੱਤਾ ਵਾਲੀ ਸਿੱਖਿਆ ਪਹੁੰਚਾਉਣਾ ਬਹੁਤ ਜ਼ਰੂਰੀ ਹੈ, ਕਿਉਂਕਿ ਕਿਸੇ ਵੀ ਦੇਸ਼ ਦੀ ਤਰੱਕੀ ਉਸ ਦੇ ਸਿੱਖਿਆ ਪ੍ਰਣਾਲੀ 'ਤੇ ਨਿਰਭਰ ਕਰਦੀ ਹੈ। ਉਨ੍ਹਾਂ ਨੇ ਅੰਕੜਿਆਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਦੇਸ਼ ਵਿੱਚ ਅਜੇ ਵੀ ਸਿੱਖਿਆ ਦੀ ਗੁਣਵੱਤਾ 'ਚ ਕਮੀ ਹੈ, ਜਿਸ 'ਤੇ ਕੰਮ ਕਰਨ ਦੀ ਲੋੜ ਹੈ।ਸਿਸੋਦੀਆ ਨੇ ਇਹ ਵੀ ਕਿਹਾ ਕਿ ਏਆਈ ਆਉਣ ਵਾਲੇ ਸਮੇਂ ਵਿੱਚ ਨਵੀਆਂ ਨੌਕਰੀਆਂ ਪੈਦਾ ਕਰਨ ਦੇ ਨਾਲ ਕੁਝ ਰਵਾਇਤੀ ਨੌਕਰੀਆਂ 'ਤੇ ਅਸਰ ਵੀ ਪਾਏਗਾ, ਇਸ ਲਈ ਵਿਦਿਆਰਥੀਆਂ ਨੂੰ ਨਵੀਆਂ ਤਕਨੀਕਾਂ ਲਈ ਤਿਆਰ ਕਰਨਾ ਸਮੇਂ ਦੀ ਮੰਗ ਹੈ। ਉਨ੍ਹਾਂ ਨੇ ਪ੍ਰੀਖਿਆ ਪ੍ਰਣਾਲੀ, ਸਿਲੇਬਸ ਅਤੇ ਪੜ੍ਹਾਉਣ ਦੇ ਢੰਗ ਵਿੱਚ ਸੁਧਾਰ ਕਰਨ ਦੀ ਲੋੜ 'ਤੇ ਵੀ ਜ਼ੋਰ ਦਿੱਤਾ ਅਤੇ ਨਕਲ ਰੋਕਣ ਲਈ ਸਰਕਾਰ ਅਤੇ ਅਧਿਆਪਕਾਂ ਦੀ ਜ਼ਿੰਮੇਵਾਰੀ ਦੱਸੀ। ਸ੍ਰੀ ਮਨੀਸ਼ ਸਿਸੋਦੀਆਂ ਨੇ ਆਪਣੇ ਸੰਬੋਧਨ ਦੌਰਾਨ ਵਿਦਿਆਰਥੀਆਂ ਨਾਲ ਸਿੱਧਾ ਸੰਵਾਦ ਕੀਤਾ ਅਤੇ ਸਿੱਖਿਆ ਢਾਂਚੇ ਵਿੱਚ ਸੁਧਾਰਾਂ ਬਾਰੇ ਵਿਦਿਆਰਥੀਆਂ ਤੇ ਅਧਿਆਪਕਾਂ ਦੀ ਰਾਏ ਲਈ।

ਸਿੱਖਿਆ ਸਕੱਤਰ ਸੋਨਾਲੀ ਗਿਰੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਿਹਨਤ, ਅਨੁਸ਼ਾਸਨ ਅਤੇ ਨਵੀਆਂ ਸੋਚਾਂ ਨਾਲ ਹੀ ਸਫਲਤਾ ਹਾਸਲ ਕੀਤੀ ਜਾ ਸਕਦੀ ਹੈ। ਸਮਾਰੋਹ ਦੌਰਾਨ ਵਿਦਿਆਰਥੀਆਂ ਨੇ ਵੀ ਆਪਣੇ ਸਵਾਲਾਂ ਅਤੇ ਸੁਝਾਵਾਂ ਰਾਹੀਂ ਸਿੱਖਿਆ ਪ੍ਰਣਾਲੀ ਵਿੱਚ ਸੁਧਾਰਾਂ ਲਈ ਆਪਣੀ ਭਾਗੀਦਾਰੀ ਦਰਸਾਈ।

ਇਸ ਮੌਕੇ ਸੁਖਪਾਲ ਸਿੰਘ ਐਸ.ਡੀ.ਐਮ, ਜਸ਼ਨਦੀਪ ਸਿੰਘ ਡੀ.ਐਸ.ਪੀ, ਸਕੱਤਰ ਸਿੰਘ ਬੱਲ ਡਾਇਰੈਕਟਰ ਸਕੂਲ ਸਿੱਖਿਆ ਸੈਕੰਡਰੀ, ਪ੍ਰੇਮ ਕੁਮਾਰ ਮਿੱਤਲ ਜਿਲ੍ਹਾ ਸਿੱਖਿਆ ਅਫਸਰ, ਸਮਸ਼ੇਰ ਸਿੰਘ ਉਪ ਜਿਲ੍ਹਾ ਸਿੱਖਿਆ ਅਫਸਰ, ਮਨਜੀਤ ਸਿੰਘ ਮਾਵੀ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ, ਦਇਆ ਸਿੰਘ ਸਿੱਖਿਆ ਕੋਆਰਡੀਨੇਟਰ, ਸੀਮਾ ਜੱਸਲ ਸਟੇਜ ਸੰਚਾਲਕ, ਸਰਪੰਚ ਚੰਨਣ ਸਿੰਘ ਪੱਮੂ ਢਿੱਲੋਂ, ਕੁਲਵਿੰਦਰ ਸਿੰਘ ਹਾਜ਼ਰ ਸਨ।

# ਜ਼ਿਲ੍ਹਾ ਪ੍ਰਸ਼ਾਸਨ ਵਪਾਰੀ ਵਰਗ ਦੀਆਂ ਸਮੱਸਿਆਵਾਂ ਦੇ ਹੱਲ ਲਈ ਵਚਨਬੱਧ : ਡਿਪਟੀ ਕਮਿਸ਼ਨਰ



**ਫਾਜ਼ਿਲਕਾ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਸ੍ਰੀਮਤੀ ਅਮਰਪ੍ਰੀਤ ਕੌਰ ਸੰਧੂ ਨੇ ਵਪਾਰੀ ਵਰਗ ਨਾਲ ਸੰਬੰਧਿਤ ਹਰ ਸ਼ਿਕਾਇਤ ਨੂੰ ਪਹਿਲ ਦੇ ਆਧਾਰ 'ਤੇ ਅਤੇ ਨਿਰਧਾਰਤ ਸਮੇਂ ਅੰਦਰ ਹੱਲ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਵਪਾਰਕ ਸੰਸਥਾਵਾਂ ਦੇ ਮੈਂਬਰਾਂ ਨਾਲ ਰੀਵਿਊ ਮੀਟਿੰਗ ਕੀਤੀ।

ਇਸ ਮੌਕੇ ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ (ਜਨ.) ਮਨਦੀਪ ਕੌਰ, ਐੱਸ.ਡੀ.ਐੱਮ ਜਲਾਲਾਬਾਦ ਕੰਵਰਜੀਤ ਸਿੰਘ ਮਾਨ, ਚੀਫ ਮਨਿਸਟਰ ਫੀਲਡ ਅਫਸਰ ਬਬਨਦੀਪ ਸਿੰਘ ਵੀ ਹਾਜ਼ਰ ਸਨ।

ਡਿਪਟੀ ਕਮਿਸ਼ਨਰ ਨੇ www.punjabdisewa.com ਪੋਰਟਲ ਤੇ ਪ੍ਰਾਪਤ ਵਪਾਰੀਆਂ ਦੀਆਂ ਸ਼ਿਕਾਇਤਾਂ ਦਾ ਰਿਵਿਊ ਕੀਤਾ।

ਇਸ ਦੌਰਾਨ ਉਨ੍ਹਾਂ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਸਬੰਧਿਤ ਸ਼ਿਕਾਇਤਾਂ ਜਿਵੇਂ ਕਿ ਮੰਡੀਆਂ ਦੀਆਂ ਤਕਮੀਨਾਂ, ਸੜਕਾਂ ਤੇ ਟੁਆਇਟ ਵਾਸਤੇ ਅਸਟੀਮੇਟ ਤੇ ਸਾਫ ਸਫਾਈ ਅਤੇ ਬੱਲੂਆਣਾ ਬੀਡੀਪੀਓ ਨੂੰ ਸੜਕਾਂ, ਬੱਸ ਸਟੈਂਡ, ਸੀ.ਸੀ.ਟੀ.ਵੀ. ਕੈਮਰੇ, ਪਬਲਿਕ ਟੁਆਇਲਿਟ ਆਦਿ ਦੀ ਰਿਪੇਅਰ ਤੇ ਸਾਫ ਸਫਾਈ ਦੀਆਂ ਸ਼ਿਕਾਇਤਾਂ ਦੇ ਤੁਰੰਤ ਹੱਲ ਕਰਨ ਦੇ ਨਿਰਦੇਸ਼ ਦਿੱਤੇ।

ਇਸ ਤੋਂ ਇਲਾਵਾ ਫਾਜ਼ਿਲਕਾ ਦੀਆਂ ਸ਼ਿਕਾਇਤਾਂ ਜਿਵੇਂ ਕਿ ਬਿਜਲੀ ਬੋਰਡ ਦੀਆਂ ਢਿੱਲੀਆਂ ਤਾਰਾਂ ਸਬੰਧੀ ਐਕਸੀਅਨ ਬਿਜਲੀ ਬੋਰਡ ਅਤੇ ਚੋਰੀਆਂ ਦੀਆਂ ਵਾਰਦਾਤਾਂ ਬਾਰੇ ਪੁਲਿਸ ਵਿਭਾਗ ਦੇ ਅਧਕਾਰੀਆਂ ਨੂੰ ਹੱਲ ਕਰਨ ਲਈ ਕਿਹਾ।

ਇਸੇ ਤਰ੍ਹਾਂ ਜਲਾਲਾਬਾਦ ਦੀਆਂ ਸਿਕਾਇਤਾਂ ਜਿਵੇਂ ਕਿ ਊਧਮ ਸਿੰਘ ਪਾਰਕ 'ਚ ਵਾਟਰ ਸਪਲਾਈ ਦੇ ਪ੍ਰਬੰਧ, ਜਨਤਾ ਭਵਨ ਨੇੜੇ ਗਊਸ਼ਾਲਾ ਰੋਡ ਤੇ ਪਾਰਕਿੰਗ ਸਮੱਸਿਆ ਦੇ ਹੱਲ ਤੇ ਸਾਫ ਸਫਾਈ ਬਾਰੇ ਕਾਰਜ ਸਾਧਕ ਅਫਸਰ ਜਲਾਲਾਬਾਦ ਨੂੰ ਤੁਰੰਤ ਹੱਲ ਦੇ ਨਿਰਦੇਸ਼ ਦਿੱਤੇ।

ਉਨ੍ਹਾਂ ਹੋਰ ਕਿਹਾ ਕਿ ਇਸ ਪੋਰਟਲ 'ਤੇ ਆਉਣ ਵਾਲੀਆਂ ਸ਼ਿਕਾਇਤਾਂ ਦੀ ਰਾਜ ਪੱਧਰ 'ਤੇ ਵੀ ਨਿਰੰਤਰ ਸਮੀਖਿਆ ਹੁੰਦੀ ਹੈ, ਇਸ ਲਈ ਕਿਸੇ ਵੀ ਮਾਮਲੇ ਵਿੱਚ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਨਾਲ ਸਬੰਧਿਤ ਬਹੁਤੀਆਂ ਸ਼ਿਕਾਇਤਾਂ ਦਾ ਨਿਪਟਾਰਾ ਕੀਤਾ ਜਾ ਚੁੱਕਾ ਹੈ। ਬਾਕੀ ਰਹਿੰਦੀਆਂ ਸ਼ਿਕਾਇਤਾਂ ਦਾ ਵੀ ਜਲਦ ਹੱਲ ਕੀਤਾ ਜਾਵੇਗਾ।

ਇਸ ਮੌਕੇ ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਵੰਦਨਾ ਕੰਬੋਜ ਸਮੇਤ ਪੁਲਿਸ ਤੇ ਹੋਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਵਪਾਰਕ ਸੰਸਥਾਵਾਂ ਦੇ ਮੈਂਬਰ ਵੀ ਮੌਜੂਦ ਸਨ।

# 15 ਜੂਨ ਤੱਕ ਕਿਸਾਨ ਝੋਨੇ ਦੀ ਸਿੱਧੀ ਬਿਜਾਈ ਲਈ ਆਨਲਾਈਨ ਪੋਰਟਲ ਤੇ ਕਰਨ ਅਪਲਾਈ



**ਫਾਜ਼ਿਲਕਾ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਪਾਣੀ ਦੀ ਬੱਚਤ ਕਰਨ ਦੇ ਉਦੇਸ਼ ਨਾਲ ਝੋਨੇ ਦੀ ਸਿੱਧੀ ਬਿਜਾਈ ਨੂੰ ਉਤਸ਼ਾਹਿਤ ਕਰਨ ਲਈ 1500 ਰੁਪਏ ਪ੍ਰਤੀ ਏਕੜ ਕਿਸਾਨਾਂ ਨੂੰ ਪ੍ਰੋਤਸਾਹਿਤ ਰਾਸ਼ੀ ਦੇਣ ਲਈ agrimachinerypb.com ਤੇ ਰਜਿਸਟ੍ਰੇਸ਼ਨ 10 ਮਈ 2026 ਤੋਂ ਸ਼ੁਰੂ ਕੀਤੀ ਗਈ ਸੀ। ਪੋਰਟਲ ਤੇ ਅਪਲਾਈ ਕਰਨ ਦੀ ਅੰਤਿਮ ਮਿਤੀ 15 ਜੂਨ 2026 ਹੈ। ਇਸ ਤਕਨੀਕ ਨਾਲ ਬਿਜਾਈ ਕਰਨ ਤੇ ਪਾਣੀ, ਲੇਬਰ ਅਤੇ ਸਮੇਂ ਦੀ ਬੱਚਤ ਹੁੰਦੀ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫਸਰ ਸ੍ਰੀ ਹਰਬੰਸ ਸਿੰਘ ਸਿੱਧੂ ਨੇ ਕਿਹਾ ਕਿ ਪਾਣੀ ਇਕ ਵੱਡਮੁਲੀ ਦਾਤ ਹੈ। ਇਸ ਤੋਂ ਬਿਨਾਂ ਕੋਈ ਵੀ ਜਿਉਂਦਾ ਨਹੀਂ ਰਹਿ ਸਕਦਾ। ਸਾਨੂੰ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਇਸ ਕੁਦਰਤੀ ਖਜਾਨੇ ਨੂੰ ਬਚਾਉਣ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ।

ਇਹ ਤਾਂ ਹੀ ਸੰਭਵ ਹੈਂ ਜੇਕਰ ਕਿਸਾਨ ਝੋਨੇ ਦੀ ਸਿੱਧੀ ਬਿਜਾਈ ਕਰਨ। ਜੇ ਕਿਸੇ ਕਿਸਾਨ ਨੂੰ ਇਸ ਸਬੰਧੀ ਕੋਈ ਸਮੱਸਿਆ ਆਉਂਦੀ ਹੈਂ ਤਾਂ ਕਿਸਾਨ ਦਫਤਰ ਮੁੱਖ ਖੇਤੀਬਾੜੀ ਅਫਸਰ, ਫਾਜਿਲਕਾ, ਸਬੰਧਤ ਬਲਾਕ ਖੇਤੀਬਾੜੀ ਅਫਸਰ ਜਾਂ ਆਪਣੇ ਪਿੰਡ ਦੇ ਖੇਤੀਬਾੜੀ ਵਿਕਾਸ ਅਫਸਰ ਨਾਲ ਰਾਬਤਾ ਕਰ ਸਕਦੇ ਹਨ।

# ਬਟਾਲਾ ਵਾਸੀਆਂ ਨੇ ਸ਼ਹਿਰ ਵਿੱਚ ਕਰਵਾਏ ਵਿਕਾਸ ਕਾਰਜਾਂ ਨੂੰ ਵੇਖਦਿਆਂ ਨਗਰ ਨਿਗਮ ਦੀ ਸੇਵਾ ਆਪ ਨੂੰ ਸੌਂਪੀ : ਵਿਧਾਇਕ ਸ਼ੈਰੀ ਕਲਸੀ

**ਬਟਾਲਾ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਕਿਹਾ ਕਿ ਉਹ ਬਟਾਲਾ ਹਲਕੇ ਦੇ ਵਿਕਾਸ ਲਈ ਦਿਨ ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ ਅਤੇ ਵਿਕਾਸ ਕਾਰਜਾਂ ਦੀ ਰਫਤਾਰ ਹੋਰ ਤੇਜ਼ ਕੀਤੀ ਜਾਵੇਗੀ।

ਵਿਧਾਇਕ ਸ਼ੈਰੀ ਕਲਸੀ ਨੇ ਹਲਕਾ ਵਾਸੀਆਂ ਦੀਆਂ ਮੁਸ਼ਕਿਲਾਂ ਸੁਣਕੇ ਨਿਪਟਾਰਾ ਕਰਦਿਆਂ ਕਿਹਾ ਕਿ ਲੋਕਾਂ ਦੀਆਂ ਚਿਰੋਕਣੀਆਂ ਮੰਗਾਂ ਨੂੰ ਪੂਰਾ ਕਰ ਰਹੇ ਹਨ ਅਤੇ ਲੋਕਾਂ ਨੂੰ ਮਿਲ ਕੇ ਉਨਾਂ ਦੀਆਂਦੁੱਖ-ਤਕਲੀਫਾਂ ਦੂਰ ਕੀਤੀਆਂ ਜਾ ਰਹੀਆਂ ਹਨ।

ਉਨ੍ਹਾਂ ਬਟਾਲੇ ਸ਼ਹਿਰ ਦੀ ਗੱਲ ਕਰਦਿਆਂ ਦੱਸਿਆ ਕਿ ਬਟਾਲਾ ਵਾਸੀਆਂ ਨੇ ਵਿਕਾਸ ਕਾਰਜਾਂ 'ਤੇ ਮੋਹਰ ਲਗਾਉਂਦਿਆਂ ਨਗਰ ਨਿਗਮ ਬਟਾਲਾ ਦੀ ਸੇਵਾ ਆਪ ਪਾਰਟੀ ਦੇ ਉਮੀਦਵਾਰਾਂ ਨੂੰ ਸੌਂਪੀ ਹੈ ਅਤੇ ਉਹ ਸ਼ਹਿਰ ਵਾਸੀਆਂ ਨੂੰ ਵਿਸ਼ਵਾਸ ਦਿਵਾਉਂਦੇ ਹਨ ਕਿ ਬਟਾਲਾ ਸ਼ਹਿਰ ਦੀ ਵਿਕਾਸ ਪੱਖੋਂ ਹੋਰ ਨੁਹਾਰ ਬਦਲੀ ਜਾਵੇਗੀ।



ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਲੋਕਾਂ ਦੀ ਸਿਹਤ ਸਹੂਲਤਾਂ ਨੂੰ ਮੁੱਖ ਰੱਖਦਿਆਂ ਸੂਬੇ ਦੇ ਸਾਰੇ ਲੋਕਾਂ ਨੂੰ 10 ਲੱਖ ਰੁਪਏ ਤੱਕ ਦਾ ਮੁਫਤ ਇਲਾਜ ਮੁਹੱਈਆ ਕਰਵਾਇਆ ਗਿਆ ਹੈ। 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ' ਯੋਜਨਾ ਤਹਿਤ ਔਰਤਾਂ ਨੂੰ 1000 ਰੁਪਏ, ਐੱਸ ਸੀ ਭਾਈਚਾਰੇ ਨਾਲ ਸਬੰਧਤ ਔਰਤਾਂ ਨੂੰ 1500 ਮਹੀਨੇ ਦੇਣ ਦੀ ਸ਼ੁਰੂਆਤ ਕੀਤੀ ਗਈ ਹੈ।

ਉਨ੍ਹਾਂ ਦੱਸਿਆ ਕਿ ਪਿਛਲੇ ਚਾਰ ਸਾਲਾਂ ਵਿੱਚ ਹਲਕੇ ਅੰਦਰ ਸਰਬਪੱਖੀ ਵਿਕਾਸ ਕਰਵਾਏ ਗਏ ਹਨ। ਬਟਾਲਾ ਹਲਕਾ ਵਾਸੀਆਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਹੂਲਤਾਂ ਦੇਣ ਦੇ ਮਕਸਦ ਨਾਲ ਨਵਾਂ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ। ਸ਼ਹਿਰ ਦੀਆਂ ਪ੍ਰਮੁੱਖ ਸੜਕਾਂ 'ਤੇ ਲਾਈਟਾਂ ਲਗਾਈਆਂ ਜਾ ਰਹੀਆਂ ਹਨ। ਸ਼ਹਿਰ ਵਿੱਚ ਲਾਇਬ੍ਰੇਰੀ ਦੀ ਨਵੀਂ ਇਮਾਰਤ ਉਸਾਰੀ ਗਈ ਹੈ।

ਸੁੱਖਾ ਸਿੰਘ-ਮਹਿਤਾਬ ਸਿੰਘ ਚੌਂਕ ਵਿੱਖੇ ਸ਼ਾਨਦਾਰ ਕਲਾਕ ਟਾਵਰ ਲਗਾਇਆ ਗਿਆ ਹੈ। ਲੋਕਾਂ ਨੂੰ ਸਾਫ਼ ਸੁਥਰਾ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਲਈ ਕਰੀਬ 24 ਕਰੋੜ ਰੁਪਏ ਦੀ ਲਾਗਤ ਨਾਲ ਵਿਕਾਸ ਕੰਮ ਚੱਲ ਰਿਹਾ ਹੈ।

ਇਸ ਤੋਂ ਇਲਾਵਾ ਹਲਕੇ ਦੇ ਪਿੰਡਾਂ ਅੰਦਰ ਵੀ ਵੱਖ ਵੱਖ ਵਿਕਾਸ ਕਾਰਜ ਕਰਵਾਏ ਗਏ ਹਨ ਅਤੇ ਆਉਣ ਵਾਲੇ ਦਿਨਾਂ ਵਿੱਚ ਵਿਕਾਸ ਕਾਰਜ ਹੋਰ ਤੇਜ਼ੀ ਨਾਲ ਕਰਵਾਏ ਜਾਣਗੇ।

# ਤੰਬਾਕੂ ਅਤੇ ਉਸ ਤੋਂ ਬਣੇ ਪਦਾਰਥ ਕੈਂਸਰ ਵਰਗੀਆਂ ਬਿਮਾਰੀਆਂ ਨੂੰ ਜਨਮ ਦਿੰਦੇ ਹਨ : ਡਾ. ਸੁਰਜੀਤ ਸਿੰਘ

**ਸ੍ਰੀ ਆਨੰਦਪੁਰ ਸਾਹਿਬ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਸ਼ਵ ਭਰ ਵਿੱਚ ਅੱਜ ਤੰਬਾਕੂ ਅਤੇ ਇਸ ਤੋਂ ਬਣੇ ਉਤਪਾਦਾਂ ਦੇ ਸੇਵਨ ਤੋਂ ਹੋਣ ਵਾਲ਼ੇ ਖਤਰੇ ਵਾਰੇ ਜਾਗਰੂਕਤਾ ਅਭਿਆਨ ਚਲਾਇਆ ਜਾ ਰਿਹਾ ਹੈ। ਇਸੇ ਤਹਿਤ ਅੱਜ ਕੀਰਤਪੁਰ ਸਾਹਿਬ ਬਲਾਕ ਵਿੱਚ ਸੀਨੀਅਰ ਮੈਡੀਕਲ ਅਫਸਰ ਡਾ. ਸੁਰਜੀਤ ਸਿੰਘ ਦੀ ਅਗਵਾਈ ਹੇਠ ਸਿਹਤ ਅਧਿਕਾਰੀਆਂ ਵਲ੍ਹੋਂ ਸਕੂਲਾਂ, ਸਲੱਮ ਏਰੀਆ, ਭੱਠਿਆਂ ਦੀ ਲੇਵਰ ਅਤੇ ਹੋਰ ਮਾਈਗ੍ਰੇਟਰੀ ਥਾਵਾਂ ਤੇ ਜਾ ਕੇ ਵਿਦਿਆਰਥੀਆਂ ਅਤੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ।



ਜਾਣਕਾਰੀ ਦਿੰਦਿਆਂ ਹੈਲਥ ਇੰਸਪੈਕਟਰ ਬਲਵੰਤ ਰਾਏ ਨੇ ਦੱਸਿਆ ਕਿ ਤੰਬਾਕੂ ਦਾ ਸੇਵਨ ਕੈਂਸਰ ਅਤੇ ਹੋਰ ਨਾ-ਮੁਰਾਦ ਬਿਮਾਰੀਆਂ ਨੂੰ ਜਨਮ ਦਿੰਦਾ ਹੈ। ਤੰਬਾਕੂ ਦੀ ਵਰਤੋਂ ਨਾਲ਼ ਗਲ਼ੇ ਦਾ ਕੈਂਸਰ, ਮੂੰਹ ਦਾ ਕੈਂਸਰ, ਫੇਫੜਿਆਂ ਦਾ ਕੈਂਸਰ ਆਦਿ ਰੋਗ ਲੱਗ ਜਾਂਦੇ ਹਨ। ਉਹਨਾਂ ਕਿਹਾ ਕਿ ਇੱਕ ਚੰਗੀ ਸਿਹਤ ਹੀ ਚੰਗੇ ਸਮਾਜ ਦਾ ਨਿਰਮਾਣ ਕਰ ਸਕਦੀ ਹੈ। ਘਰ ਵਿੱਚ ਜੇ ਇੱਕ ਵਿਅਕਤੀ ਵੀ ਕੈਂਸਰ ਵਰਗੀ ਬਿਮਾਰੀ ਦੀ ਲਪੇਟ ਵਿੱਚ ਆ ਜਾਂਦਾ ਹੈ ਤਾਂ ਇਸ ਦਾ ਖਮਿਆਜਾ ਸਾਰੇ ਪਰਿਵਾਰ ਨੂੰ ਭੁਗਤਣਾ ਪੈਂਦਾ ਹੈ।f

# ਕਿਸਾਨਾਂ ਨੂੰ ਫਾਰਮਰ ਰਜਿਸਟਰੀ ਚ ਵੱਧ ਤੋਂ ਵੱਧ ਕਿਸਾਨਾਂ ਨੂੰ ਰਜਿਸਟ੍ਰੇਸ਼ਨ ਕਰਵਾਉਣ ਲਈ ਪ੍ਰੇਰਿਆ ਜਾਵੇ : ਮੁੱਖ ਖੇਤੀਬਾੜੀ ਅਫਸਰ



**ਬਠਿੰਡਾ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਖੇਤੀਬਾੜੀ ਅਫਸਰ ਡਾ. ਹਰਪ੍ਰੀਤਪਾਲ ਕੌਰ ਦੀ ਅਗਵਾਈ ਨੇ ਸਮੂਹ ਆਤਮਾ ਸਕੀਮ ਤਹਿਤ ਤਾਇਨਾਤ ਕਰਮਚਾਰੀਆਂ ਨਾਲ ਬੈਠਕ ਕੀਤੀ ।

ਇਸ ਮੌਕੇ ਉਨ੍ਹਾਂ ਸ਼੍ਰੀ ਰਾਜੇਸ਼ ਧੀਮਾਨ ਡਿਪਟੀ ਕਮਿਸ਼ਨ ਬਠਿੰਡਾ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਵਿੱਚ ਫਾਰਮਰ ਰਜਿਸਟਰੀ https://pbfr.agristack.gov.in/farmer-registry-pb/#/ ਦੇ ਕੰਮ ਨੂੰ ਵਿਸ਼ੇਸ਼ ਤੌਰ 'ਤੇ ਧਿਆਨ ਦੇ ਕੇ ਪਹਿਲ ਦੇ ਆਧਾਰ ਤੇ ਕਰਵਾਉਣ ਬਾਰੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਪੜ੍ਹੇ-ਲਿਖੇ ਅਤੇ ਲੋੜਵੰਦ ਕਿਸਾਨ ਮਿੱਤਰਾਂ ਦੀ ਚੋਣ ਕੀਤੀ ਜਾਵੇ। ਇਨ੍ਹਾਂ ਕਿਸਾਨਾਂ ਨੂੰ ਸਿਖ਼ਲਾਈ ਦੇਣ ਤੋਂ ਬਾਅਦ ਉਨ੍ਹਾਂ ਦੇ ਬਲਾਕ ਹੇਠ ਪੈਂਦੇ ਪਿੰਡਾਂ ਵਿੱਚ ਫਾਰਮਰ ਰਜਿਸਟਰੀ ਦੇ ਕੰਮ ਚ ਸਹਾਇਤਾ ਲਈ ਜਾਵੇ।

ਉਨ੍ਹਾਂ ਨਿਰਦੇਸ਼ ਦਿੱਤੇ ਕਿ ਕਰਮਚਾਰੀਆਂ ਵੱਲੋਂ ਆਪਣੇ ਬਲਾਕ ਦੇ ਹਰ ਪਿੰਡ ਵਿੱਚ ਖਾਦਾਂ ਦੀ ਸੰਤੁਲਿਤ ਵਰਤੋਂ ਕਰਨ ਸਬੰਧੀ ਕਿਸਾਨ ਸਿਖਲਾਈ ਕੈਂਪ ਲਗਾਏ ਜਾਣ ਅਤੇ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਕਰਨ। ਡਾ. ਤੇਜਦੀਪ ਕੌਰ ਪੀ.ਡੀ.ਆਤਮਾ ਬਠਿੰਡਾ ਨੂੰ ਫਾਰਮਰ ਰਜਿਸਟਰੀ ਦੇ ਕੰਮ ਸਬੰਧੀ ਨੋਡਲ ਅਫਸਰ ਲਗਾਉਣ ਲਈ ਕਿਹਾ ਗਿਆ ਤਾਂ ਕਿ ਸਮੇਂ-ਸਿਰ ਮੁਕੰਮਲ ਰਿਪੋਰਟ ਵਿਭਾਗ ਨੂੰ ਭੇਜੀਆਂ ਜਾਣ। ਉਨ੍ਹਾਂ ਨੇ ਜ਼ਿਲ੍ਹੇ ਅੰਦਰ ਝੋਨੇ ਦੀ ਸਿੱਧੀ ਬਿਜਾਈ ਹੇਠ ਰਕਬਾ ਵਧਾਉਣ ਲਈ ਕਿਸਾਨਾਂ ਨਾਲ ਵੱਧ ਤੋਂ ਵੱਧ ਰਾਬਤਾ ਕਾਇਮ ਕਰਨ ਬਾਰੇ ਕਿਹਾ ਤਾਂ ਜੋ ਧਰਤੀ ਹੇਠਲੇ ਪਾਣੀ ਦੀ ਬੱਚਤ ਕੀਤੀ ਜਾ ਸਕੇ।

ਜ਼ਿਲ੍ਹੇ ਅੰਦਰ ਸਾਉਣੀ 2026 ਦੌਰਾਨ ਬੀਜੀਆਂ ਗਈਆਂ ਫਸਲਾਂ ਨੂੰ ਕੀੜੇ-ਮਕੌੜਿਆਂ ਅਤੇ ਬਿਮਾਰੀਆਂ ਦੇ ਹਮਲੇ ਤੋਂ ਬਚਾਉਣ ਲਈ ਸਰਕਲ ਪੱਧਰ ਅਤੇ ਬਲਾਕ ਪੱਧਰ 'ਤੇ ਪੈਸਟ ਸਰਵੇਲੈਂਸ ਕਰਵਾਏ ਜਾਣ ਦੇ ਨਿਰਦੇਸ਼ ਦਿੱਤੇ। ਇਸ ਸਬੰਧੀ ਰਿਪੋਰਟਾਂ ਸਮੇਂ-ਸਿਰ ਭੇਜਣ ਅਤੇ ਕਿਸੇ ਵੀ ਬਿਮਾਰੀ ਦਾ ਹਮਲਾ ਹੋਣ ਦੀ ਸੂਰਤ ਵਿੱਚ ਕਿਸਾਨਾਂ ਨੂੰ ਮੌਕੇ 'ਤੇ ਹੀ ਹੱਲ ਦੱਸਣ ਸਬੰਧੀ ਨਿਰਦੇਸ਼ ਦਿੱਤੇ ਗਏ।

ਉਨ੍ਹਾਂ ਕਿਹਾ ਕਿ ਸਾਉਣੀ 2026 ਦੌਰਾਨ ਜ਼ਿਲ੍ਹੇ ਨੂੰ 650 ਹੈਕਟੇਅਰ ਰਕਬੇ ਵਿੱਚ ਮੱਕੀ (ਪਸ਼ੂਆਂ ਦੇ ਅਚਾਰ ਬਣਾਉਣ ਲਈ) ਦੀ ਬਿਜਾਈ ਕਰਨ ਦਾ ਟੀਚਾ ਦਿੱਤਾ ਗਿਆ ਸੀ। ਹੁਣ 2000 ਏਕੜ ਰਕਬੇ ਵਿੱਚ ਮੱਕੀ ਦੀ ਬਿਜਾਈ ਦਾ ਸੋਧਿਆ ਟੀਚਾ ਪ੍ਰਾਪਤ ਹੋਇਆ ਹੈ, ਸੋ ਸਮੂਹ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਮੱਕੀ ਦਾ ਟੀਚਾ ਹਰ ਹਾਲਤ ਵਿੱਚ ਪੂਰਾ ਕਰਨ ਦੇ ਆਦੇਸ਼ ਦਿੱਤੇ ।

ਇਸ ਦੇ ਨਾਲ ਆਤਮਾ ਸਟਾਫ ਨੂੰ ਰਾਸ਼ਟਰੀ ਖੇਤੀਬਾੜੀ ਤਰਜੀਹ ਜਿਵੇਂ ਕਿ ਸੰਤੁਲਿਤ ਖਾਦਾਂ ਦੀ ਵਰਤੋਂ, ਮਿੱਟੀ ਦੀ ਸਿਹਤ, ਇੰਟੀਗਰੇਟਡ ਫਾਰਮਿੰਗ ਸਿਸਟਮ, ਆਦਿ ਵਰਗੇ ਮੁੱਦਿਆਂ ਤੇ ਕ੍ਰਿਸ਼ੀ ਵਿਗਿਆਨ ਕੇਂਦਰ ਬਠਿੰਡਾ ਨਾਲ ਤਾਲਮੇਲ ਕਰਕੇ ਆਤਮਾ ਸਕੀਮ ਦੀਆਂ ਗਤੀਵਿਧੀਆਂ ਜਿਵੇਂ ਕਿ ਕਿਸਾਨ ਗੋਸ਼ਟੀ, ਫਾਰਮ ਸਕੂਲ, ਟ੍ਰੇਨਿੰਗ, ਕਿਸਾਨ ਸਾਇੰਸਦਾਨ ਸੰਵਾਦ/ਵਿਚਾਰ ਵਟਾਂਦਰਾ ਕੀਤਾ ਜਾਵੇ।

# ਹੁਣ ਸਿਰ.ਫ ਡਿਗਰੀ ਨਹੀਂ, ਮਹਾਰਤ ਵੀ: ਸਰਕਾਰੀ ਕਾਲਜ ਗੁਰਦਾਸਪੁਰ ਦੇ ਵਿਦਿਆਰਥੀਆਂ ਲਈ ਪੀ ਏ ਯੂ ਰੀਜਨਲ ਸੈਂਟਰ ਵਿੱਚ ਵਿਸ਼ੇਸ਼ ਅਪਲਾਈਡ ਟ੍ਰੇਨਿੰਗ

**ਗੁਰਦਾਸਪੁਰ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਰੀਜਨਲ ਸੈਂਟਰ ਗੁਰਦਾਸਪੁਰ ਵਿਖੇ ਅੱਜ ਸਰਕਾਰੀ ਕਾਲਜ ਗੁਰਦਾਸਪੁਰ ਅਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਅਧਿਕਾਰੀਆਂ ਦਰਮਿਆਨ ਇੱਕ ਮਹੱਤਵਪੂਰਨ ਮੀਟਿੰਗ ਹੋਈ, ਜਿਸ ਦੌਰਾਨ ਸਰਕਾਰੀ ਕਾਲਜ ਗੁਰਦਾਸਪੁਰ ਦੇ ਬੀ.ਐਸ.ਸੀ. (ਮੈਡੀਕਲ) ਦੇ ਪੰਜਵੇਂ ਅਤੇ ਛੇਵੇਂ ਸਮੈਸਟਰ ਦੇ ਵਿਦਿਆਰਥੀਆਂ ਲਈ ਕਰਵਾਈ ਜਾਣ ਵਾਲੀ 15 ਦਿਨਾਂ ਵਿਸ਼ੇਸ਼ ਸਿਖਲਾਈ ਸਬੰਧੀ ਵਿਸਥਾਰਪੂਰਵਕ ਵਿਚਾਰ-ਚਰਚਾ ਕੀਤੀ ਗਈ ਅਤੇ ਟ੍ਰੇਨਿੰਗ ਮੋਡਿਊਲ ਨੂੰ ਅੰਤਿਮ ਰੂਪ ਦਿੱਤਾ ਗਿਆ।



ਮੀਟਿੰਗ ਵਿੱਚ ਸਰਕਾਰੀ ਕਾਲਜ ਗੁਰਦਾਸਪੁਰ ਦੇ ਪ੍ਰਿੰਸੀਪਲ ਡਾ. ਅਸ਼ਵਨੀ ਭੱਲਾ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਰੀਜਨਲ ਸੈਂਟਰ ਗੁਰਦਾਸਪੁਰ ਦੇ ਡਾਇਰੈਕਟਰ ਡਾ. ਐਚ.ਐਸ. ਰੰਧਾਵਾ, ਪ੍ਰੋਫੈਸਰ ਡਾ. ਜੋਹਰ ਸਿੰਘ ਸੈਣੀ ਅਤੇ ਹੋਰ ਅਧਿਕਾਰੀ ਮੌਜੂਦ ਸਨ।

ਇਸ ਮੌਕੇ 'ਤੇ ਪ੍ਰਿੰਸੀਪਲ ਡਾ. ਅਸ਼ਵਨੀ ਭੱਲਾ ਨੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਅਤੇ ਸਮੂਹ ਅਧਿਕਾਰੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਯੂਨੀਵਰਸਿਟੀ ਵੱਲੋਂ ਸਰਕਾਰੀ ਕਾਲਜ ਗੁਰਦਾਸਪੁਰ ਦੇ ਵਿਦਿਆਰਥੀਆਂ ਨੂੰ ਆਪਣੇ ਕੈਂਪਸ ਵਿੱਚ 15 ਦਿਨਾਂ ਦੀ ਵਿਸ਼ੇਸ਼ ਸਿਖਲਾਈ ਦੇਣ ਲਈ ਸਹਿਮਤੀ ਅਤੇ ਪ੍ਰਵਾਨਗੀ ਦੇਣਾ ਇੱਕ ਇਤਿਹਾਸਕ ਫੈਸਲਾ ਹੈ। ਉਨ੍ਹਾਂ ਦੱਸਿਆ ਕਿ ਇਹ ਸਿਖਲਾਈ 1 ਜੁਲਾਈ 2026 ਤੋਂ ਸ਼ੁਰੂ ਹੋਵੇਗੀ ਅਤੇ ਇਸ ਵਿੱਚ ਲਗਭਗ 100 ਵਿਦਿਆਰਥੀ ਭਾਗ ਲੈਣਗੇ।

ਡਾ. ਭੱਲਾ ਨੇ ਕਿਹਾ ਕਿ ਇਹ ਟ੍ਰੇਨਿੰਗ ਵਿਦਿਆਰਥੀਆਂ ਵਿੱਚ ਐਂਟਰਪ੍ਰਿਨਿਊਰਸ਼ਿਪ ਮਾਈਂਡਸੈੱਟ ਵਿਕਸਿਤ ਕਰਨ, ਵਿਗਿਆਨ ਅਤੇ ਖੇਤੀਬਾੜੀ ਨਾਲ ਜੁੜੇ ਵਿਹਾਰਕ ਗਿਆਨ ਨੂੰ ਵਧਾਉਣ ਅਤੇ ਉਨ੍ਹਾਂ ਨੂੰ ਰੋਜ਼ਗਾਰ ਅਤੇ ਸਵੈ-ਰੋਜ਼ਗਾਰ ਦੇ ਨਵੇਂ ਮੌਕਿਆਂ ਨਾਲ ਜੋੜਨ ਵਿੱਚ ਮਦਦਗਾਰ ਸਾਬਤ ਹੋਵੇਗੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਖੇਤੀਬਾੜੀ ਅਤੇ ਇਸ ਨਾਲ ਸਬੰਧਤ ਧੰਦਿਆਂ ਬਾਰੇ ਵਿਹਾਰਕ ਜਾਣਕਾਰੀ ਮਿਲੇਗੀ, ਜਿਸ ਨਾਲ ਉਹ ਭਵਿੱਖ ਵਿੱਚ ਆਪਣੀ ਆਜੀਵਿਕਾ ਕਮਾਉਣ ਲਈ ਹੋਰ ਸਮਰੱਥ ਬਣ ਸਕਣਗੇ। ਇਸ ਤੋਂ ਇਲਾਵਾ, ਬੀ.ਐਸ.ਸੀ. ਦੀ ਪੜ੍ਹਾਈ ਤੋਂ ਬਾਅਦ ਵੱਖ-ਵੱਖ ਉੱਚ ਕੋਟੀ ਦੇ ਕੋਰਸਾਂ ਵਿੱਚ ਦਾਖਲਾ ਲੈਣ ਲਈ ਵੀ ਇਹ ਸਿਖਲਾਈ ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਲਾਭ ਪਹੁੰਚਾਏਗੀ।

ਉਨ੍ਹਾਂ ਅੱਗੇ ਕਿਹਾ ਕਿ ਰਾਸ਼ਟਰੀ ਸਿੱਖਿਆ ਨੀਤੀ ਅਧੀਨ ਵਿਦਿਆਰਥੀਆਂ ਲਈ ਲਾਜ਼ਮੀ ਇੰਟਰਨਸ਼ਿਪ ਅਤੇ ਸਕਿੱਲ ਅਧਾਰਿਤ ਸਿੱਖਿਆ ਨੂੰ ਉਤਸ਼ਾਹਿਤ ਕਰਨ ਦੇ ਮਕਸਦ ਨਾਲ ਇਹ ਟ੍ਰੇਨਿੰਗ ਇੱਕ ਮੀਲ ਪੱਥਰ ਸਾਬਤ ਹੋਵੇਗੀ। ਉਨ੍ਹਾਂ ਇਸ ਉਪਰਾਲੇ ਨੂੰ ÷ਸਰਕਾਰੀ ਕਾਲਜ ਗੁਰਦਾਸਪੁਰ ਦਾ ਉੱਚ ਸਿੱਖਿਆ ਕ੍ਰਾਂਤੀ ਵੱਲ ਨਿਵੇਕਲਾ ਕਦਮ÷ ਕਰਾਰ ਦਿੱਤਾ।

ਇਸ ਮੌਕੇ 'ਤੇ ਬੋਲਦਿਆਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਰੀਜਨਲ ਸੈਂਟਰ ਗੁਰਦਾਸਪੁਰ ਦੇ ਡਾਇਰੈਕਟਰ ਡਾ. ਐਚ. ਐਸ. ਰੰਧਾਵਾ ਨੇ ਕਿਹਾ ਕਿ ਯੂਨੀਵਰਸਿਟੀ ਦੇ ਕੈਂਪਸ ਵਿੱਚ ਮੌਜੂਦ ਅਤਿ-ਆਧੁਨਿਕ ਸਹੂਲਤਾਂ ਦਾ ਵਿਦਿਆਰਥੀਆਂ ਨੂੰ ਭਰਪੂਰ ਲਾਭ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਟ੍ਰੇਨਿੰਗ ਦੌਰਾਨ ਵਿਦਿਆਰਥੀਆਂ ਨੂੰ ਬੀ-ਕੀਪਿੰਗ, ਬਾਗਬਾਨੀ ਤਕਨੀਕਾਂ, ਮਿੱਟੀ ਜਾਂਚ, ਪਾਣੀ ਜਾਂਚ, ਮੌਸਮ ਵਿਗਿਆਨ ਅਤੇ ਵੇਦਰ ਸਟੇਸ਼ਨ ਦੀ ਕਾਰਗੁਜ਼ਾਰੀ ਸਬੰਧੀ ਵਿਸਥਾਰਪੂਰਵਕ ਸਿਖਲਾਈ ਦਿੱਤੀ ਜਾਵੇਗੀ।

ਡਾ. ਰੰਧਾਵਾ ਨੇ ਕਿਹਾ ਕਿ ਇਸ ਟ੍ਰੇਨਿੰਗ ਲਈ ਵਿਸ਼ੇਸ਼ ਮੌਡਿਊਲ ਤਿਆਰ ਕੀਤਾ ਜਾ ਚੁੱਕਾ ਹੈ ਅਤੇ ਯੂਨੀਵਰਸਿਟੀ ਦੇ ਤਜਰਬੇਕਾਰ ਅਧਿਆਪਕ ਵਿਦਿਆਰਥੀਆਂ ਨੂੰ ਕਲਾਸਰੂਮ ਸਿੱਖਿਆ ਦੇ ਨਾਲ-ਨਾਲ ਅਪਲਾਈਡ ਅਤੇ ਫੀਲਡ ਅਧਾਰਿਤ ਸਿਖਲਾਈ ਵੀ ਪ੍ਰਦਾਨ ਕਰਨਗੇ। ਇਸ ਨਾਲ ਵਿਦਿਆਰਥੀ ਵਿਗਿਆਨ ਦੇ ਅਸਲ ਜੀਵਨ ਅਤੇ ਖੇਤੀਬਾੜੀ ਖੇਤਰ ਵਿੱਚ ਵਰਤੋਂਯੋਗ ਪੱਖਾਂ ਨੂੰ ਸਮਝ ਸਕਣਗੇ।

ਇਸ ਮੌਕੇ 'ਤੇ ਬੋਲਦਿਆਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਪ੍ਰੋਫੈਸਰ ਡਾ. ਜੋਹਰ ਸਿੰਘ ਸੈਣੀ ਨੇ ਕਿਹਾ ਕਿ ਇਸ ਵਿਸ਼ੇਸ਼ ਸਿਖਲਾਈ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੂੰ ਕੇਵਲ ਸਿਧਾਂਤਕ ਜਾਣਕਾਰੀ ਹੀ ਨਹੀਂ ਸਗੋਂ ਹੱਥੀਂ ਕੰਮ ਕਰਵਾ ਕੇ ਅਪਲਾਈਡ ਸਿੱਖਿਆ ਵੀ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਖੇਤੀਬਾੜੀ ਅਤੇ ਖੇਤੀ ਨਾਲ ਸੰਬੰਧਿਤ ਵੱਖ-ਵੱਖ ਧੰਦਿਆਂ ਬਾਰੇ ਵਿਹਾਰਕ ਜਾਣਕਾਰੀ ਦਿੱਤੀ ਜਾਵੇਗੀ ਤਾਂ ਜੋ ਉਹ ਅਸਲ ਜੀਵਨ ਵਿੱਚ ਇਨ੍ਹਾਂ ਤਕਨੀਕਾਂ ਦੀ ਵਰਤੋਂ ਨੂੰ ਸਮਝ ਸਕਣ। ਉਨ੍ਹਾਂ ਦੱਸਿਆ ਕਿ ਟ੍ਰੇਨਿੰਗ ਦੌਰਾਨ ਮੌਸਮ ਵਿਗਿਆਨ, ਮੌਸਮ ਦੇ ਖੇਤੀਬਾੜੀ ਉੱਤੇ ਪ੍ਰਭਾਵ, ਮਿੱਟੀ ਜਾਂਚ (ਸੋਇਲ ਟੈਸਟਿੰਗ), ਪਾਣੀ ਦੀ ਗੁਣਵੱਤਾ ਅਤੇ ਵਾਟਰ ਮੈਨੇਜਮੈਂਟ ਸਿਸਟਮਾਂ ਨਾਲ ਸੰਬੰਧਿਤ ਜਾਣਕਾਰੀ ਵਿਦਿਆਰਥੀਆਂ ਨਾਲ ਸਾਂਝੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਦੇ ਮਾਹਿਰ ਅਧਿਆਪਕ ਵਿਦਿਆਰਥੀਆਂ ਨੂੰ ਇਨ੍ਹਾਂ ਖੇਤਰਾਂ ਵਿੱਚ ਵਿਸ਼ੇਸ਼ ਮਹਾਰਤ ਪ੍ਰਦਾਨ ਕਰਨਗੇ ਤਾਂ ਜੋ ਉਹ ਭਵਿੱਖ ਵਿੱਚ ਉੱਚ ਸਿੱਖਿਆ, ਖੋਜ ਅਤੇ ਰੋਜ਼ਗਾਰ ਦੇ ਖੇਤਰ ਵਿੱਚ ਵਧੀਆ ਪ੍ਰਦਰਸ਼ਨ ਕਰ ਸਕਣ।

ਇਸ ਮੌਕੇ 'ਤੇ ਸਮਰਪਣ ਸੋਸਾਇਟੀ ਗੁਰਦਾਸਪੁਰ ਦੇ ਸਕੱਤਰ ਸ੍ਰੀ ਪਰਮਿੰਦਰ ਸਿੰਘ ਸੈਣੀ ਨੇ ਕਿਹਾ ਕਿ ਇਸ ਟ੍ਰੇਨਿੰਗ ਪ੍ਰੋਗਰਾਮ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਮਰਪਣ ਸੋਸਾਇਟੀ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਾਵੇਗਾ। ਇਸ ਦੇ ਨਾਲ ਹੀ ਟ੍ਰੇਨਿੰਗ ਦੇਣ ਵਾਲੇ ਅਧਿਆਪਕਾਂ ਨੂੰ ਵੀ ਪ੍ਰਸ਼ੰਸਾ ਪੱਤਰ ਭੇਂਟ ਕੀਤੇ ਜਾਣਗੇ

# ਗਵਰਨਮੈਂਟ ਮਾਡਲ ਇੰਡਸਟ੍ਰੀਅਲ ਟ੍ਰੇਨਿੰਗ ਇੰਸਟੀਟਿਊਟ (ਜੀਆਈਟੀਆਈ)-28 ਵਿੱਚ ਖੂਨਦਾਨ ਕੈਂਪ ਦਾ ਆਯੋਜਨ

**ਚੰਡੀਗੜ੍ਹ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਗਵਰਨਮੈਂਟ ਮਾਡਲ ਇੰਡਸਟ੍ਰੀਅਲ ਟ੍ਰੇਨਿੰਗ ਇੰਸਟੀਟਿਊਟ (ਜੀਆਈਟੀਆਈ/GITI), ਸੈਕਟਰ 28-ਸੀ, ਚੰਡੀਗੜ੍ਹ ਵਿਖੇ ਅੱਜ ਪੀਜੀਆਈਐੱਮਈਆਰ (PGIMER), ਚੰਡੀਗੜ੍ਹ ਦੇ ਸਹਿਯੋਗ ਨਾਲ ਖੂਨਦਾਨ ਕੈਂਪ ਦਿ ਸਫ਼ਲ ਆਯੋਜਨ ਕੀਤਾ ਗਿਆ। ਸੰਸਥਾ ਦੇ ਟ੍ਰੇਨੀਆਂ ਅਤੇ ਸਟਾਫ਼ ਮੈਂਬਰਾਂ ਦੁਆਰਾ ਕੁੱਲ 86 ਯੂਨਿਟ ਖੂਨਦਾਨ ਕੀਤਾ ਗਿਆ।

ਕੈਂਪ ਵਿੱਚ ਟ੍ਰੇਨੀਆਂ ਅਤੇ ਸਟਾਫ਼ ਨੇ ਉਤਸ਼ਾਹਪੂਰਵਕ ਹਿੱਸਾ ਲਿਆ। ਆਯੋਜਨ ਟੀਮ ਨੇ ਕੈਂਪ ਦੇ ਸੁਚਾਰੂ ਸੰਚਾਲਨ ਹਿਤ ਸਾਰੀਆਂ ਜ਼ਰੂਰੀ ਵਿਵਸਥਾਵਾਂ ਸੁਨਿਸ਼ਚਿਤ ਕੀਤੀਆਂ ਅਤੇ ਪ੍ਰਤੀਭਾਗੀਆਂ ਨੂੰ ਪੁਨੀਤ ਕਾਰਜ ਲਈ ਪ੍ਰੇਰਿਤ ਕੀਤਾ।

ਗਵਰਨਮੈਂਟ ਮਾਡਲ ਇੰਡਸਟ੍ਰੀਅਲ ਟ੍ਰੇਨਿੰਗ ਇੰਸਟੀਟਿਊਟ (ਜੀਆਈਟੀਆਈ/79"9), ਸੈਕਟਰ 28-ਸੀ, ਚੰਡੀਗੜ੍ਹ ਦੇ ਪ੍ਰਿੰਸੀਪਲ, ਇੰਜੀਨੀਅਰ ਸ਼੍ਰੀ ਅਰੁਣ ਕੁਮਾਰ ਨੇ ਸਟਾਫ਼ ਦੇ ਸਮਰਪਿਤ ਪ੍ਰਯਾਸਾਂ ਦੀ ਸ਼ਲਾਘਾ ਕੀਤੀ ਅਤੇ ਖੂਨਦਾਨੀਆਂ ਨੂੰ ਸਮਾਜ ਦੇ ਪ੍ਰਤੀ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਲਈ ਵਧਾਈ ਦਿੱਤੀ। ਉਨ੍ਹਾਂ ਨੇ ਪ੍ਰਤੀਭਾਗੀਆਂ ਨੂੰ ਸੰਬੋਧਨ ਕਰਦੇ ਹੋਏ ਸਵੈ-ਇੱਛਤ ਖੂਨਦਾਨ ਦੇ ਮਹੱਤਵ 'ਤੇ ਬਲ ਦਿੱਤਾ ਅਤੇ ਟ੍ਰੇਨੀਆਂ ਨੂੰ ਭਵਿੱਖ ਵਿੱਚ ਵੀ ਮਾਨਵੀ ਅਤੇ ਸਮਾਜਿਕ ਕਲਿਆਣ ਗਤੀਵਿਧੀਆਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

ਸਾਰੀਆਂ ਸਬੰਧਿਤ ਧਿਰਾਂ ਦੇ ਸਰਗਰਮ ਸਹਿਯੋਗਇੰਜੀਨੀਅਰ ਸ਼੍ਰੀ ਅਰੁਣ ਕੁਮਾਰ ਨੇ ਸਟਾਫ਼ ਦੇ ਸਮਰਪਿਤ ਪ੍ਰਯਾਸਾਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨ ਅਤੇ ਸਹਿਭਾਗਿਤਾ ਨਾਲ ਕੈਂਪ ਸਫ਼ਲਤਾਪੂਰਵਕ ਸਮਾਪਤ ਹੋਇਆ।

# ਸਰਕਾਰੀ ਸਕੂਲਾਂ ਵਿੱਚ ਛੇਵੀਂ ਜਮਾਤ ਤੋਂ ਏ.ਆਈ. ਵਿਸ਼ਾ ਪੜ੍ਹਾਇਆ ਜਾਵੇਗਾ: ਹਰਜੋਤ ਸਿੰਘ ਬੈਂਸ



**ਚੰਡੀਗੜ੍ਹ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੜ੍ਹਾਈ-ਲਿਖਾਈ ਵਿੱਚ ਸ਼ਾਨਦਾਰ ਪ੍ਰਦਰਸ਼ਨ ਨੂੰ ਮਾਨਤਾ ਦਿੰਦਿਆਂ ਪੰਜਾਬ ਦੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਆਮ ਆਦਮੀ ਪਾਰਟੀ ਦੇ ਪੰਜਾਬ ਮਾਮਲਿਆਂ ਦੇ ਇੰਚਾਰਜ ਸ੍ਰੀ ਮਨੀਸ਼ ਸਿਸੋਦੀਆ ਨਾਲ ਅੱਜ ਰੂਪਨਗਰ ਜ਼ਿਲ੍ਹੇ ਦੇ ਸ੍ਰੀ ਅਨੰਦਪੁਰ ਸਾਹਿਬ ਵਿੱਚ ਵਿਰਾਸਤ-ਏ-ਖਾਲਸਾ ਵਿਖੇ 'ਬ੍ਰਾਈਟ ਮਾਈਂਡਜ਼ ਪੰਜਾਬ 2026' ਪ੍ਰੋਗਰਾਮ ਦੀ ਸ਼ੁਰੂਆਤ ਕੀਤੀ।

ਉਦਘਾਟਨੀ ਸਮਾਗਮ ਵਿੱਚ ਰੂਪਨਗਰ ਜ਼ਿਲ੍ਹੇ ਦੇ 600 ਤੋਂ ਵੱਧ ਵਿਦਿਆਰਥੀਆਂ, ਜਿਨ੍ਹਾਂ ਨੇ 12ਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਵਿੱਚ 85% ਤੋਂ ਵੱਧ ਅੰਕ ਪ੍ਰਾਪਤ ਕੀਤੇ ਹਨ, ਨੂੰ ਅਚੀਵਮੈਂਟ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਸ. ਬੈਂਸ ਨੇ ਕਿਹਾ ਕਿ ਇਸ ਪ੍ਰੋਗਰਾਮ ਦਾ ਸੂਬੇ ਭਰ ਦੇ ਸਾਰੇ ਜ਼ਿਲ੍ਹਿਆਂ ਵਿੱਚ ਵਿਸਥਾਰ ਕੀਤਾ ਜਾਵੇਗਾ।

ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸੰਬੋਧਨ ਕਰਦਿਆਂ ਸ. ਬੈਂਸ ਨੇ ਐਲਾਨ ਕੀਤਾ ਕਿ ਇਸ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ ਤੋਂ ਬਾਅਦ, ਛੇਵੀਂ ਜਮਾਤ ਤੋਂ ਸਾਰੇ ਸਰਕਾਰੀ ਸਕੂਲਾਂ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ (ਏ.ਆਈ.) ਨੂੰ ਵਿਸ਼ੇ ਵਜੋਂ ਪੜ੍ਹਾਇਆ ਜਾਵੇਗਾ।

ਸਿੱਖਿਆ ਮੰਤਰੀ ਨੇ ਕਿਹਾ ਕਿ ਸਾਡੇ ਵਿਦਿਆਰਥੀਆਂ ਨੂੰ ਸਮੇਂ ਦੇ ਹਾਣੀ ਅਤੇ ਵਿਸ਼ਵ ਪੱਧਰ ਦੇ ਮੁਕਾਬਲੇ ਦੇ ਯੋਗ ਬਣਾਉਣ ਲਈ ਉਨ੍ਹਾਂ ਨੂੰ ਨਵੀਆਂ ਤਕਨਾਲੋਜੀਆਂ ਨਾਲ ਜੋੜਨਾ ਸਮੇਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਏ.ਆਈ. ਰਵਾਇਤੀ ਭੂਮਿਕਾਵਾਂ ਨੂੰ ਬਦਲਦਿਆਂ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਕਰੇਗਾ, ਇਸ ਲਈ ਪੰਜਾਬ ਦੇ ਬੱਚਿਆਂ ਨੂੰ ਅੱਗੇ ਹੋ ਕੇ ਇਸ ਬਦਲਾਅ ਦਾ ਹਿੱਸਾ ਬਣਨਾ ਚਾਹੀਦਾ ਹੈ।

ਸਿੱਖਿਆ ਮੰਤਰੀ ਨੇ ਕਿਹਾ ਕਿ ਨੀਤੀ ਆਯੋਗ ਵੱਲੋਂ ਹਾਲ ਹੀ 'ਚ ਜਾਰੀ ਕੀਤੇ ਗਏ ਰੈਂਕਿੰਗ ਇੰਡੈਕਸ ਵਿੱਚ ਪੰਜਾਬ ਨੇ ਸਕੂਲ ਸਿੱਖਿਆ ਵਿੱਚ ਸਿਖ਼ਰਲਾ ਸਥਾਨ ਮੱਲਿਆ ਹੈ। ਉਨ੍ਹਾਂ ਕਿਹਾ ਕਿ ਤਕਨਾਲੋਜੀ-ਅਧਾਰਤ ਸੁਧਾਰ ਸੂਬੇ ਦੇ ਇਸ ਮੋਹਰੀ ਦਰਜੇ ਨੂੰ ਕਾਇਮ ਰੱਖਣਗੇ। ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਪਾਰਦਰਸ਼ਤਾ ਨੂੰ ਯਕੀਨੀ ਬਣਾਉਣ ਲਈ ਪੀ.ਐਸ.ਈ.ਬੀ. ਪ੍ਰੀਖਿਆਵਾਂ ਦੀਆਂ ਉੱਤਰ ਪੱਤਰੀਆਂ ਹੁਣ ਔਨਲਾਈਨ ਉਪਲਬਧ ਹੋਣਗੀਆਂ ਅਤੇ ਇਹ ਸੁਤੰਤਰ ਪਹੁੰਚ ਸਾਡੀ ਸਿੱਖਿਆ ਪ੍ਰਣਾਲੀ ਵਿੱਚ ਵਿਸ਼ਵਾਸ ਅਤੇ ਨਿਰਪੱਖਤਾ ਨੂੰ ਹੋਰ ਮਜ਼ਬੂਤ ਕਰੇਗੀ।

ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੇ ਇਸ ਪ੍ਰੋਗਰਾਮ ਵਿੱਚ ਸਵਾਲ ਪੁੱਛ ਕੇ ਅਤੇ ਸੁਧਾਰਾਂ ਬਾਰੇ ਸੁਝਾਅ ਦੇ ਕੇ ਸਰਗਰਮੀ ਨਾਲ ਹਿੱਸਾ ਲਿਆ, ਜਿੱਥੇ ਨੀਤੀ ਨਿਰਮਾਤਾਵਾਂ ਅਤੇ ਨੌਜਵਾਨ ਸਿੱਖਿਆਰਥੀਆਂ ਦਰਮਿਆਨ ਅਨੋਖਾ ਤੇ ਉਸਾਰੂ ਸੰਵਾਦ ਦੇਖਣ ਨੂੰ ਮਿਲਿਆ। ਉਨ੍ਹਾਂ ਕਿਹਾ ਕਿ 'ਬ੍ਰਾਈਟ ਮਾਈਂਡਜ਼ ਪੰਜਾਬ 2026' ਪ੍ਰੋਗਰਾਮ ਹੁਣ ਸਾਰੇ ਜ਼ਿਲ੍ਹਿਆਂ ਵਿੱਚ ਸ਼ੁਰੂ ਕੀਤਾ ਜਾਵੇਗਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਉਦੇਸ਼ ਰਾਜ ਭਰ ਵਿੱਚ ਅਕਾਦਮਿਕ ਉੱਤਮਤਾ ਅਤੇ ਨਵੀਨਤਾ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨਾ ਹੈ।

ਇਸ ਦੌਰਾਨ ਸ੍ਰੀ ਮਨੀਸ਼ ਸਿਸੋਦੀਆ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨਾਲ ਸਿੱਧੀ ਗੱਲਬਾਤ ਕੀਤੀ ਅਤੇ ਸਿੱਖਿਆ ਢਾਂਚੇ ਨੂੰ ਹੋਰ ਬਿਹਤਰ ਬਣਾਉਣ ਲਈ ਉਨ੍ਹਾਂ ਦੇ ਵਿਚਾਰ ਮੰਗੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਹਰ ਘਰ ਅਤੇ ਹਰ ਬੱਚੇ ਦੀ ਮਿਆਰੀ ਸਿੱਖਿਆ ਤੱਕ ਪਹੁੰਚ ਹੋਣੀ ਜ਼ਰੂਰੀ ਹੈ। ਇੱਕ ਦੇਸ਼ ਦੀ ਤਰੱਕੀ ਪੂਰੀ ਤਰ੍ਹਾਂ ਆਪਣੀ ਸਿੱਖਿਆ ਪ੍ਰਣਾਲੀ 'ਤੇ ਨਿਰਭਰ ਕਰਦੀ ਹੈ।

ਅੰਕੜੇ ਦਰਸਾਉਂਦੇ ਹਨ ਕਿ ਭਾਰਤ ਦੇ ਕਈ ਰਾਜ ਅਜੇ ਵੀ ਸਿੱਖਣ ਦੀ ਗੁਣਵੱਤਾ ਵਿੱਚ ਗੰਭੀਰ ਸਮੱਸਿਆਵਾਂ ਦਾ ਸਾਹਮਣਾ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਪ੍ਰਣਾਲੀ ਦੀ ਅਖੰਡਤਾ ਨੂੰ ਯਕੀਨੀ ਬਣਾਉਣ ਲਈ ਅਧਿਆਪਕਾਂ ਅਤੇ ਸਰਕਾਰ ਦੀ ਸਾਂਝੀ ਜ਼ਿੰਮੇਵਾਰੀ ਬਣਦੀ ਹੈ।

ਇਸ ਗੱਲ 'ਤੇ ਜ਼ੋਰ ਦਿੰਦੇ ਹੋਏ ਕਿ ਅਕਾਦਮਿਕ ਉੱਤਮਤਾ ਲਈ ਨਿਰੰਤਰ ਯਤਨਾਂ ਅਤੇ ਨਵੀਨ ਵਿਚਾਰਾਂ ਦੀ ਲੋੜ ਹੁੰਦੀ ਹੈ ਸ੍ਰੀ ਸਿਸੋਦੀਆ ਨੇ ਕਿਹਾ, ਸਫ਼ਲਤਾ ਸਿਰਫ਼ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਨਵੀਂ ਸੋਚ ਨਾਲ ਹੀ ਪ੍ਰਾਪਤ ਕੀਤੀ ਜਾ ਸਕਦੀ ਹੈ। ਸਾਡੇ ਵਿਦਿਆਰਥੀ ਪਹਿਲਾਂ ਹੀ ਸਾਬਤ ਕਰ ਰਹੇ ਹਨ ਕਿ ਸਿੱਖਿਆ 'ਚ ਦੇਸ਼ ਦੀ ਅਗਵਾਈ ਲਈ ਤਿਆਰ-ਬਰ-ਤਿਆਰ ਹਨ।

# ਐਮ.ਡਬਲਯੂ.ਬੀ. ਵੱਲੋਂ ਪੱਤਰਕਾਰਾਂ ਲਈ ਏ.ਆਈ. ਟ੍ਰੇਨਿੰਗ ਸ਼ੁਰੂ ਕਰਨਾ ਸ਼ਲਾਘਾਯੋਗ ਕਦਮ: ਹਰਵਿੰਦਰ ਕਲਿਆਣ

**ਚੰਡੀਗੜ੍ਹ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਮੀਡੀਆ ਵੈਲਬੀਇੰਗ ਐਸੋਸੀਏਸ਼ਨ ਦੀ ਅਗਵਾਈ ਹੇਠ ਪੰਚਕੂਲਾ ਸਥਿਤ ਰੈੱਡ ਬਿਸ਼ਪ ਵਿਖੇ ਕਰਵਾਏ ਗਏ ਇੱਕ ਵਿਸ਼ਾਲ ਪੱਤਰਕਾਰ ਸੰਮੇਲਨ ਅਤੇ ਗੋਸ਼ਟੀ ਦੌਰਾਨ ਆਰਟੀਫੀਸ਼ੀਅਲ ਇੰਟੈਲੀਜੈਂਸ (ਏ.ਆਈ.), ਪੱਤਰਕਾਰੀ ਦੇ ਬਦਲਦੇ ਸਰੂਪ ਅਤੇ ਪੱਤਰਕਾਰਾਂ ਦੀ ਭਲਾਈ ਵਰਗੇ ਮਹੱਤਵਪੂਰਨ ਵਿਸ਼ਿਆਂ 'ਤੇ ਵਿਆਪਕ ਚਰਚਾ ਹੋਈ। ਇਸ ਪ੍ਰੋਗਰਾਮ ਵਿੱਚ ਹਰਿਆਣਾ ਸਮੇਤ ਵੱਖ-ਵੱਖ ਰਾਜਾਂ ਤੋਂ ਵੱਡੀ ਗਿਣਤੀ ਵਿੱਚ ਪੱਤਰਕਾਰਾਂ ਨੇ ਹਿੱਸਾ ਲਿਆ।

ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਪਹੁੰਚੇ ਹਰਿਆਣਾ ਵਿਧਾਨ ਸਭਾ ਦੇ ਸਪੀਕਰ ਹਰਵਿੰਦਰ ਕਲਿਆਣ ਨੇ ਆਪਣੇ ਸੰਬੋਧਨ ਵਿੱਚ ਏ.ਆਈ. ਦੇ ਵਧ ਰਹੇ ਪ੍ਰਭਾਵ ਅਤੇ ਇਸਦੀ ਜ਼ਿੰਮੇਵਾਰਾਨਾ ਵਰਤੋਂ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਏ.ਆਈ. ਕੇਵਲ ਇੱਕ ਤਕਨੀਕੀ ਸਾਧਨ ਹੈ। ਇਸਦੀ ਸਹੀ ਜਾਂ ਗਲਤ ਵਰਤੋਂ ਮਨੁੱਖ ਦੇ ਹੱਥ ਵਿੱਚ ਹੈ, ਇਸ ਲਈ ਸਮਾਜ, ਸਿੱਖਿਆ, ਪੱਤਰਕਾਰੀ ਅਤੇ ਲੋਕ ਭਲਾਈ ਲਈ ਇਸਦਾ ਸਕਾਰਾਤਮਕ ਉਪਯੋਗ ਕੀਤਾ ਜਾਣਾ ਚਾਹੀਦਾ ਹੈ।

ਪ੍ਰੋਗਰਾਮ ਦੀ ਪ੍ਰਧਾਨਗੀ 'ਦੈਨਿਕ ਟ੍ਰਿਬਿਊਨ' ਦੇ ਸੰਪਾਦਕ ਨਰੇਸ਼ ਕੌਸ਼ਲ ਨੇ ਕੀਤੀ। 'ਦੈਨਿਕ ਉੱਤਮ ਹਿੰਦੂ' ਦੇ ਮੁੱਖ ਸੰਪਾਦਕ ਇਰਵਿਨ ਖੰਨਾ ਬਤੌਰ ਗੈਸਟ ਆਫ਼ ਆਨਰ ਹਾਜ਼ਰ ਸਨ। ਹਰਿਆਣਾ ਦੇ ਮੁੱਖ ਮੰਤਰੀ ਦੇ ਸਿਆਸੀ ਸਕੱਤਰ ਤਰੁਣ ਭੰਡਾਰੀ ਅਤੇ ਸੀਨੀਅਰ ਸਮਾਜ ਸੇਵੀ ਅਜੈਵੀਰ ਸਹਿਗਲ ਨੇ ਵੀ ਪ੍ਰੋਗਰਾਮ ਵਿੱਚ ਸ਼ਿਰਕਤ ਕਰਦਿਆਂ ਆਪਣੇ ਵਿਚਾਰ ਸਾਂਝੇ ਕੀਤੇ। ਬੁਲਾਰਿਆਂ ਨੇ ਪੱਤਰਕਾਰੀ ਦੇ ਬਦਲਦੇ ਸਰੂਪ, ਤਕਨੀਕੀ ਚੁਣੌਤੀਆਂ ਅਤੇ ਮੀਡੀਆ ਦੀਆਂ ਸਮਾਜਿਕ ਜ਼ਿੰਮੇਵਾਰੀਆਂ 'ਤੇ ਵਿਸਥਾਰਪੂਰਵਕ ਵਿਚਾਰ ਪ੍ਰਗਟਾਏ।

ਸੰਮੇਲਨ ਦੌਰਾਨ ਪੱਤਰਕਾਰਾਂ ਨੂੰ ਮੁਫ਼ਤ ਕੈਸ਼ਲੈੱਸ ਹੈਲਥ, ਐਕਸੀਡੈਂਟਲ ਅਤੇ ਟਰਮ ਇੰਸ਼ੋਰੈਂਸ ਪਾਲਿਸੀਆਂ ਵੀ ਵੰਡੀਆਂ ਗਈਆਂ। ਇਸ ਪਹਿਲਕਦਮੀ ਨੂੰ ਪੱਤਰਕਾਰਾਂ ਦੀ ਸਮਾਜਿਕ ਅਤੇ ਆਰਥਿਕ ਸੁਰੱਖਿਆ ਦੀ ਦਿਸ਼ਾ ਵਿੱਚ ਇੱਕ ਅਹਿਮ ਕਦਮ ਦੱਸਿਆ ਗਿਆ। ਇਸ ਮੌਕੇ ਸੰਸਥਾ ਵੱਲੋਂ ਸਿਹਤ ਸਮੱਸਿਆਵਾਂ ਨਾਲ ਜੂਝ ਰਹੇ ਕਈ ਪੱਤਰਕਾਰਾਂ ਨੂੰ ਨਿੱਜੀ ਫੰਡਾਂ ਵਿੱਚੋਂ ਆਰਥਿਕ ਸਹਾਇਤਾ ਵੀ ਦਿੱਤੀ ਗਈ। ਇਸ ਦੇ ਨਾਲ ਹੀ ਕਈ ਸੀਨੀਅਰ ਪੱਤਰਕਾਰਾਂ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ ਲਈ ਮੁੱਖ ਮਹਿਮਾਨ ਦੇ ਹੱਥੋਂ ਸਨਮਾਨਿਤ ਕਰਵਾਇਆ ਗਿਆ,ਜਿਸ ਵਿੱਚ ਹਰਮਿੰਦਰ ਸਿੰਘ ਨਾਗਪਾਲ ਬਿਊਰੋ ਚੀਫ ਪੈਗਾਮ ਏ ਜਗਤ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ, ਪ੍ਰੋਗਰਾਮ ਦੌਰਾਨ ਆਏ ਮਹਿਮਾਨਾਂ ਨੂੰ ਰਵਾਇਤੀ ਸਭਿਆਚਾਰ ਅਨੁਸਾਰ ਯਾਦਗਾਰੀ ਚਿੰਨ੍ਹ ਅਤੇ ਸ਼ਾਲ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ।

ਪੱਤਰਕਾਰੀ ਦੇ ਖੇਤਰ ਵਿੱਚ ਵੱਡਮੁੱਲਾ ਯੋਗਦਾਨ ਪਾਉਣ ਬਦਲੇ ਸੀਨੀਅਰ ਪੱਤਰਕਾਰ ਮਨਮੋਹਨ ਸਿੰਘ, ਰਾਮਮੂਰਤੀ ਸ਼ਰਮਾ, ਮਦਨ ਆਜ਼ਾਦ, ਸੋਹਨ ਸੈਣੀ, ਵਿਜੇ ਬਜਾਜ ਅਤੇ ਅਨਿਲ ਗੋਇਲ ਨੂੰ ਸਟੇਜ 'ਤੇ ਮੁੱਖ ਮਹਿਮਾਨ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਸਥਾ ਦੇ ਜਨਰਲ ਸਕੱਤਰ ਸੁਰਿੰਦਰ ਮਹਿਤਾ, ਸੀਨੀਅਰ ਉਪ ਪ੍ਰਧਾਨ ਨਰੇਸ਼ ਉੱਪਲ, ਤਰੁਣ ਕਪੂਰ, ਪਵਨ ਚੋਪੜਾ, ਮੇਵਾ ਸਿੰਘ ਰਾਣਾ, ਸੁਨੀਲ ਸਰਦਾਨਾ, ਸੁਰਿੰਦਰ ਪਾਲ ਵਧਾਵਨ, ਰਾਜੇਂਦਰ ਵੀਨਸ, ਦੀਪਕ ਮਿਗਲਾਨੀ, ਤਾਰਾ ਠਾਕੁਰ, ਜਸਬੀਰ ਦੁੱਗਲ, ਸਤਨਾਮ ਸਿੰਘ ਅਤੇ ਵਿਨੋਦ ਲਾਹੋਟ ਸਮੇਤ ਸੂਬੇ ਭਰ ਤੋਂ ਸੈਂਕੜੇ ਪੱਤਰਕਾਰ ਮੌਜੂਦ ਸਨ।

ਮੀਡੀਆ ਵੈਲਬੀਇੰਗ ਐਸੋਸੀਏਸ਼ਨ ਨੇ ਪੱਤਰਕਾਰ ਜਥੇਬੰਦੀਆਂ ਵਿੱਚੋਂ ਇੱਕ ਉੱਤਮ ਸੋਚ ਦੀ ਮਿਸਾਲ ਪੇਸ਼ ਕਰਦਿਆਂ ਪੱਤਰਕਾਰਾਂ ਲਈ ਏ.ਆਈ. (19) ਟ੍ਰੇਨਿੰਗ ਦੀ ਸ਼ਾਨਦਾਰ ਪਹਿਲਕਦਮੀ ਕੀਤੀ ਹੈ। ਮੁੱਖ ਮਹਿਮਾਨ ਹਰਵਿੰਦਰ ਕਲਿਆਣ ਨੇ ਇਸਦੀ ਰਸਮੀ ਸ਼ੁਰੂਆਤ ਕੀਤੀ। ਸੰਸਥਾ ਜਲਦੀ ਹੀ ਵੱਡੇ ਪੱਧਰ 'ਤੇ ਟ੍ਰੇਨਿੰਗ ਕੈਂਪ ਸ਼ੁਰੂ ਕਰੇਗੀ।

ਪੱਤਰਕਾਰ ਭਲਾਈ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਸੰਸਥਾ ਨੇ ਆਪਣੇ ਨਿੱਜੀ ਸਾਧਨਾਂ ਤੋਂ ਉਨ੍ਹਾਂ ਪੱਤਰਕਾਰਾਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕੀਤੀ, ਜੋ ਸਿਹਤ ਸਮੱਸਿਆਵਾਂ ਜਾਂ ਹੋਰ ਮੁਸ਼ਕਿਲਾਂ ਕਾਰਨ ਆਰਥਿਕ ਸੰਕਟ ਦਾ ਸਾਹਮਣਾ ਕਰ ਰਹੇ ਹਨ।

ਪੂਰੇ ਉੱਤਰੀ ਭਾਰਤ ਦੀ ਸਭ ਤੋਂ ਵੱਡੀ ਸੰਸਥਾ ਇਸ ਲਈ ਬਣੀ ਹੈ ਕਿਉਂਕਿ ਇਹ ਪੱਤਰਕਾਰਾਂ ਤੋਂ ਕੋਈ ਫੀਸ ਨਹੀਂ ਲੈਂਦੀ, ਬਲਕਿ ਹਰ ਸਾਲ ਸੈਂਕੜੇ ਪੱਤਰਕਾਰਾਂ ਦੇ ਬੀਮੇ ਕਰਵਾਉਂਦੀ ਹੈ ਅਤੇ ਮੁਸ਼ਕਿਲ ਸਮੇਂ ਆਰਥਿਕ ਮਦਦ ਕਰਦੀ ਹੈ। ਉਨ੍ਹਾਂ ਦੱਸਿਆ ਕਿ ਹਰਿਆਣਾ ਸਰਕਾਰ ਨੇ ਤਤਕਾਲੀ ਮੁੱਖ ਮੰਤਰੀ ਮਨੋਹਰ ਲਾਲ ਅਤੇ ਮੌਜੂਦਾ ਮੁੱਖ ਮੰਤਰੀ ਨਾਇਬ ਸੈਣੀ ਦੀ ਅਗਵਾਈ ਹੇਠ ਪੱਤਰਕਾਰਾਂ ਦੀਆਂ ਮੰਗਾਂ ਨੂੰ ਪੂਰਾ ਕੀਤਾ ਹੈ ਅਤੇ ਕੈਬਨਿਟ ਮੰਤਰੀ ਅਨਿਲ ਵਿੱਜ ਵੀ ਹਮੇਸ਼ਾ ਸੰਸਥਾ ਦੀ ਮਦਦ ਕਰਦੇ ਰਹੇ ਹਨ।

ਪ੍ਰੋਗਰਾਮ ਦੀ ਪ੍ਰਧਾਨਗੀ ਕਰ ਰਹੇ 'ਦੈਨਿਕ ਟ੍ਰਿਬਿਊਨ' ਦੇ ਸੰਪਾਦਕ ਨਰੇਸ਼ ਕੌਸ਼ਲ ਨੇ ਸੰਸਥਾ ਦੇ ਪ੍ਰਧਾਨ ਚੰਦਰਸ਼ੇਖਰ ਧਰਣੀ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਇਸ ਮੌਕੇ ਸ਼ਾਇਰ ਬਸ਼ੀਰ ਬਦਰ ਦਾ ਇੱਕ ਸ਼ੇਅਰ ਵੀ ਸਾਂਝਾ ਕੀਤਾ:

ਮੈਂ ਬੋਲਤਾ ਹੂੰ ਤੋ ਇਲਜ਼ਾਮ ਹੈ ਬਗਾਵਤ ਕਾ, ਮੈਂ ਚੁਪ ਰਹੂੰ ਤੋ ਬੜੀ ਬੇਬਸੀ ਹੋਤੀ ਹੈ,ਹਮ ਭੀ ਦਰਿਆ ਹੈਂ ਹਮੇਂ ਅਪਨਾ ਹੁਨਰ ਮਾਲੂਮ ਹੈ, ਜਿਸ ਤਰਫ਼ ਭੀ ਚਲ ਪੜੇਂਗੇ ਵਹੀਂ ਰਾਸਤਾ ਹੋ ਜਾਏਗਾ।

ਉੱਤਮ ਹਿੰਦੂ' ਗਰੁੱਪ ਦੇ ਮੁੱਖ ਸੰਪਾਦਕ ਇਰਵਿਨ ਖੰਨਾ ਨੇ ਕਿਹਾ ਕਿ ਏ.ਆਈ. ਕੰਮਾਂ ਨੂੰ ਤੇਜ਼ ਜ਼ਰੂਰ ਬਣਾ ਸਕਦੀ ਹੈ, ਪਰ ਇਸ ਵਿੱਚ ਮਨੁੱਖੀ ਸੰਵੇਦਨਸ਼ੀਲਤਾ ਅਤੇ ਭਾਵਨਾਵਾਂ ਨਹੀਂ ਹੁੰਦੀਆਂ। ਇੱਕ ਪੱਤਰਕਾਰ ਆਪਣੇ ਤਜ਼ਰਬੇ ਅਤੇ ਨੈਤਿਕ ਕਦਰਾਂ-ਕੀਮਤਾਂ ਨਾਲ ਸਮਾਜ ਨੂੰ ਸਹੀ ਦਿਸ਼ਾ ਦਿੰਦਾ ਹੈ। ਉਨ੍ਹਾਂ ਪੱਤਰਕਾਰਾਂ ਨੂੰ ਸੱਚ, ਨਿਰਪੱਖਤਾ ਅਤੇ ਮਨੁੱਖਤਾ ਦੇ ਮੂਲ ਸਿਧਾਂਤਾਂ ਨੂੰ ਕਦੇ ਨਾ ਛੱਡਣ ਦਾ ਸੱਦਾ ਦਿੱਤਾ।

ਆਪਣੇ ਸੰਬੋਧਨ ਦੌਰਾਨ ਹਰਵਿੰਦਰ ਕਲਿਆਣ ਨੇ ਪੱਤਰਕਾਰਾਂ ਦੀ ਭਲਾਈ ਲਈ ਆਪਣੇ ਵਿਧਾਇਕ ਕੋਟੇ (Discretionary Quota) ਵਿੱਚੋਂ 11 ਲੱਖ ਰੁਪਏ ਦੀ ਰਾਸ਼ੀ ਦੇਣ ਦਾ ਐਲਾਨ ਕੀਤਾ, ਜਿਸਦਾ ਹਾਜ਼ਰੀਨ ਨੇ ਤਾਲੀਆਂ ਨਾਲ ਸਵਾਗਤ ਕੀਤਾ।

?ਉਨ੍ਹਾਂ ਸੰਸਥਾ ਦੇ ਪ੍ਰਧਾਨ ਚੰਦਰਸ਼ੇਖਰ ਧਰਣੀ ਨਾਲ ਆਪਣੀ ਪੁਰਾਣੀ ਦੋਸਤੀ ਦਾ ਜ਼ਿਕਰ ਕਰਦਿਆਂ ਕਿਹਾ ਕਿ ਜਦੋਂ ਧਰਣੀ ਨੇ ਪੱਤਰਕਾਰੀ ਸ਼ੁਰੂ ਕੀਤੀ ਸੀ, ਉਦੋਂ ਹੀ ਉਨ੍ਹਾਂ ਦਾ ਸਿਆਸੀ ਸਫ਼ਰ ਵੀ ਸ਼ੁਰੂ ਹੋਇਆ ਸੀ।

ਸਪੀਕਰ ਹਰਵਿੰਦਰ ਕਲਿਆਣ ਨੇ ਕਿਹਾ ਕਿ ਮੀਡੀਆ ਲੋਕਤੰਤਰ ਦਾ ਚੌਥਾ ਅਤੇ ਮਜ਼ਬੂਤ ਥੰਮ੍ਹ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਤਕਨੀਕ ਦੇ ਇਸ ਦੌਰ ਵਿੱਚ ਜਾਗਰੂਕਤਾ ਅਤੇ ਸਕਾਰਾਤਮਕ ਸੋਚ ਸਭ ਤੋਂ ਮਹੱਤਵਪੂਰਨ ਹੈ। ਦੇਸ਼ ਅੱਜ ਵਿਕਾਸ ਅਤੇ ਆਤਮ-ਵਿਸ਼ਵਾਸ ਦੀ ਨਵੀਂ ਦਿਸ਼ਾ ਵੱਲ ਵਧ ਰਿਹਾ ਹੈ ਅਤੇ ਸਮਾਜ ਨੂੰ ਜਾਗਰੂਕ ਕਰਨ ਵਿੱਚ ਪੱਤਰਕਾਰਾਂ ਦੀ ਭੂਮਿਕਾ ਸਭ ਤੋਂ ਅਹਿਮ ਹੈ। ਉਨ੍ਹਾਂ ਨੇ ਮੀਡੀਆ ਵੈਲਬੀਇੰਗ ਐਸੋਸੀਏਸ਼ਨ ਦੇ ਕਾਰਜਾਂ ਨੂੰ ਹੋਰਨਾਂ ਲਈ ਵੀ ਇੱਕ ਮਿਸਾਲ ਦੱਸਿਆ।

# ਸਾਫ਼-ਸੁਥਰੇ ਤੇ ਸਿਹਤਮੰਦ ਭਵਿੱਖ ਲਈ ਸੌਰ ਊਰਜਾ ਦੀ ਵਰਤੋਂ ਵੱਲ ਵਧ ਰਿਹੈ ਪੰਜਾਬ: ਅਰੋੜਾ



**ਚੰਡੀਗੜ੍ਹ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸਾਫ਼-ਸੁਥਰੀ ਊਰਜਾ ਪੈਦਾ ਕਰਨ ਦੀ ਦਿਸ਼ਾ ਵੱਲ ਵੱਡੀ ਪਹਿਲਕਦਮੀ ਤਹਿਤ ਪੰਜਾਬ ਦੇ ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਸ੍ਰੀ ਅਮਨ ਅਰੋੜਾ ਨੇ ਅੱਜ ਸੂਬੇ ਦੀਆਂ ਮੁੱਖ ਇਮਾਰਤਾਂ 'ਤੇ 2 ਮੈਗਾਵਾਟ ਸੋਲਰ ਪਾਵਰ ਪ੍ਰੋਜੈਕਟਾਂ ਲਗਾਉਣ ਦਾ ਐਲਾਨ ਕੀਤਾ, ਜਿਸ ਵਿੱਚ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਰਾਸਤ-ਏ-ਖਾਲਸਾ (500 ਕਿਲੋਵਾਟ), ਅੰਮ੍ਰਿਤਸਰ ਵਿੱਚ ਭਗਵਾਨ ਵਾਲਮੀਕਿ ਤੀਰਥ ਸਥਲ ਵਿਖੇ (400 ਕਿਲੋਵਾਟ) ਅਤੇ ਐਨ.ਆਈ.ਬੀ.ਈ. ਕਪੂਰਥਲਾ ਵਿਖੇ (300 ਕਿਲੋਵਾਟ) ਦੇ ਪ੍ਰੋਜੈਕਟ ਸ਼ਾਮਲ ਹਨ।

ਇਥੇ ਪੇਡਾ ਕੰਪਲੈਕਸ ਵਿਖੇ ਹਰੀ ਊਰਜਾ ਨਾਲ ਸਬੰਧਤ ਪ੍ਰੋਜੈਕਟਾਂ ਦੀ ਸਥਿਤੀ ਦਾ ਜਾਇਜ਼ਾ ਲੈਣ ਲਈ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ 661 ਸਰਕਾਰੀ ਇਮਾਰਤਾਂ ਦੀਆਂ ਛੱਤਾਂ 'ਤੇ ਵੀ 18.6 ਮੈਗਾਵਾਟ ਦੇ ਸੋਲਰ ਪਲਾਂਟ ਲਾਉਣ ਲਈ ਵਰਕ ਆਰਡਰ ਪਹਿਲਾਂ ਹੀ ਜਾਰੀ ਕਰ ਦਿੱਤੇ ਗਏ ਹਨ।

ਮੀਟਿੰਗ ਦੌਰਾਨ ਨਵੀਂ ਅਤੇ ਨਵਿਆਉਣਯੋਗ ਊਰਜਾ ਮੰਤਰੀ ਨੇ ਵਿਰਾਸਤ-ਏ-ਖਾਲਸਾ, ਭਗਵਾਨ ਵਾਲਮੀਕਿ ਤੀਰਥ ਸਥਲ ਅਤੇ ਐਨ.ਆਈ.ਬੀ.ਈ. ਕਪੂਰਥਲਾ ਸਮੇਤ ਪ੍ਰਮੁੱਖ ਵਿਰਾਸਤੀ ਅਤੇ ਵਿਦਿਅਕ ਇਮਾਰਤਾਂ ਵਿਖੇ 2 ਮੈਗਾਵਾਟ ਸੋਲਰਾਈਜ਼ੇਸ਼ਨ ਪ੍ਰਾਜੈਕਟ ਨੂੰ ਪੂਰਾ ਕਰਨ ਲਈ ਅਗਸਤ 2026 ਦੇ ਅੱਧ ਤੱਕ ਦੀ ਸਮਾਂ ਸੀਮਾ ਤੈਅ ਕੀਤੀ।

ਉਨ੍ਹਾਂ ਅੱਗੇ ਕਿਹਾ ਕਿ ਰਾਜ ਵਿੱਚ 661 ਸਰਕਾਰੀ ਇਮਾਰਤਾਂ 'ਤੇ 18.6 ਮੈਗਾਵਾਟ ਦੀ ਕੁੱਲ ਸਮਰੱਥਾ ਵਾਲੇ ਸੋਲਰ ਪਾਵਰ ਪਲਾਂਟਾਂ ਲਈ ਵਰਕ ਆਰਡਰ ਵੀ ਜਾਰੀ ਕੀਤੇ ਜਾ ਚੁੱਕੇ ਹਨ ਅਤੇ ਹੁਣ ਤੱਕ 34 ਸਰਕਾਰੀ ਇਮਾਰਤਾਂ 'ਤੇ 1.413 ਮੈਗਾਵਾਟ ਦੀ ਕੁੱਲ ਸਮਰੱਥਾ ਵਾਲੇ ਸੋਲਰ ਪਲਾਂਟ ਲਗਾਏ ਜਾ ਚੁੱਕੇ ਹਨ।

ਪਿੰਡਾਂ ਦੀਆਂ ਗਲੀਆਂ ਰਾਤਾਂ ਨੂੰ ਵੀ ਰੌਸ਼ਨ ਕਰਨ ਲਈ ਇੱਕ ਵੱਖਰੀ ਪਹਿਲਕਦਮੀ ਤਹਿਤ ਸ੍ਰੀ ਅਮਨ ਅਰੋੜਾ ਨੇ ਪੇਡਾ ਨੂੰ ਅਗਲੇ ਛੇ ਮਹੀਨਿਆਂ ਦੇ ਅੰਦਰ ਤਿੰਨ ਲੱਖ ਸੋਲਰ ਸਟਰੀਟ ਲਾਈਟਾਂ ਲਾਉਣ ਦੇ ਨਿਰਦੇਸ਼ ਦਿੱਤੇ। ਪੰਜਾਬ ਊਰਜਾ ਵਿਕਾਸ ਏਜੰਸੀ (ਪੇਡਾ) ਪਹਿਲਾਂ ਹੀ ਪੰਜਾਬ ਭਰ ਦੇ 5,835 ਪਿੰਡਾਂ ਵਿੱਚ 1.19 ਲੱਖ ਤੋਂ ਵੱਧ ਸੋਲਰ ਸਟਰੀਟ ਲਾਈਟਾਂ ਲਗਾ ਚੁੱਕੀ ਹੈ।

ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਆਪਣੇ ਸਿਹਤਮੰਦ ਭਵਿੱਖ ਲਈ ਸੂਰਜੀ ਊਰਜਾ ਦੀ ਵਰਤੋਂ ਵੱਲ ਰੁਖ਼ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਵਿਰਾਸਤ-ਏ-ਖਾਲਸਾ ਵਰਗੀਆਂ ਵਿਰਾਸਤੀ ਥਾਵਾਂ ਅਤੇ 661 ਸਰਕਾਰੀ ਇਮਾਰਤਾਂ ਵਿਖੇ ਸੌਰ ਊਰਜਾ ਪ੍ਰੋਜੈਕਟ ਲਗਾ ਕੇ ਅਸੀਂ ਬਿਜਲੀ ਦੇ ਬਿੱਲਾਂ ਤੇ ਪ੍ਰਦੂਸ਼ਣ ਵਿੱਚ ਕਟੌਤੀ ਲਿਆ ਰਹੇ ਹਾਂ ਅਤੇ ਆਪਣੇ ਲੋਕਾਂ ਲਈ ਭਰੋਸੇਯੋਗ ਬਿਜਲੀ ਯਕੀਨੀ ਬਣਾ ਰਹੇ ਹਾਂ। ਸ੍ਰੀ ਅਰੋੜਾ ਨੇ ਕਿਹਾ ਕਿ 18.6 ਮੈਗਾਵਾਟ ਦੇ ਇਹ ਪ੍ਰੋਜੈਕਟ ਅਤੇ 3 ਲੱਖ ਸਟਰੀਟ ਲਾਈਟਾਂ ਪੰਜਾਬ ਦੇ ਸਿਹਤਮੰਦ ਵਾਤਾਵਰਣ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਸਾਲਾਨਾ ਕਰੋੜਾਂ ਦੀ ਬਚਤ ਵੀ ਕਰਨਗੇ।

ਇਸ ਦੌਰਾਨ ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ ਵਿਭਾਗ ਦੇ ਪ੍ਰਬੰਧਕੀ ਸਕੱਤਰ ਡਾ. ਬਸੰਤ ਗਰਗ ਨੇ ਸ੍ਰੀ ਅਰੋੜਾ ਨੂੰ ਜਾਣੂ ਕਰਵਾਇਆ ਕਿ 129 ਪਿੰਡਾਂ ਵਿੱਚ 2,521 ਸੋਲਰ ਸਟਰੀਟ ਲਾਈਟਾਂ ਲਗਾਉਣ ਦਾ ਕੰਮ ਇਸ ਸਮੇਂ ਪ੍ਰਗਤੀ ਅਧੀਨ ਹੈ, ਜਿਸਦੇ ਜੁਲਾਈ ਦੇ ਅੰਤ ਤੱਕ ਪੂਰਾ ਹੋਣ ਦੀ ਉਮੀਦ ਹੈ। ਖੇਤੀਬਾੜੀ ਪਹਿਲੂ 'ਤੇ ਗੱਲ ਕਰਦਿਆਂ ਉਨ੍ਹਾਂ ਦੱਸਿਆ ਕਿ ਵਿੱਤੀ ਸਾਲ 2025-26 ਦੌਰਾਨ 5,000 ਤੋਂ ਵੱਧ ਆਫ-ਗਰਿੱਡ ਸਟੈਂਡਅਲੋਨ ਸੋਲਰ ਵਾਟਰ ਪੰਪ ਲਗਾਏ ਗਏ ਹਨ।

ਸਮੀਖਿਆ ਮੀਟਿੰਗ ਵਿੱਚ ਪੇਡਾ ਦੇ ਸੀਈਓ ਸ੍ਰੀ ਅਭਿਜੀਤ ਕਪਲਿਸ਼ ਅਤੇ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

# ਰੈੱਡ ਕਰਾਸ ਵੱਲੋਂ ਡੇਂਗੂ ਤੇ ਕਾਬੂ ਪਾਉਣ ਲਈ ਜਾਗਰੂਕਤਾ ਅਤੇ ਰੋਕਥਾਮ ਮੁਹਿੰਮ ਸ਼ੁਰੂ



**ਹੁਸ਼ਿਆਰਪੁਰ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਯੋਗ ਅਗਵਾਈ ਹੇਠ ਜਿਲ੍ਹਾ ਰੈੱਡ ਕਰਾਸ ਸੁਸਾਇਟੀ ਵਲੋਂ ਲੋਕਾਂ ਦੀ ਸਿਹਤ ਨੂੰ ਮੁੱਖ ਰੱਖਦਿਆਂ ਸਿਵਲ ਹਸਪਤਾਲ ਦੇ ਸਹਿਯੋਗ ਨਾਲ 1 ਮਈ 2026 ਤੋਂ ਡੇਂਗੂ ਅਤੇ ਮਲੇਰੀਆ ਦੇ ਖਾਤਮੇ ਲਈ ਜਿਲ੍ਹਾ ਪੱਧਰੀ ਸਰਵੇਖਣ ਦੀ ਸ਼ੁਰੂਆਤ ਕੀਤੀ ਗਈ ਸੀ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਾਰਮੇਲਾਈਟ ਸੋਸ਼ਲ ਸਰਵਿਸਿਜ਼ ਦੇ ਕਰਮਚਾਰੀਆਂ, ਅੱਜੋਵਾਲ ਸਕੂਲ ਦੇ ਸਟਾਫ਼, ਰੈੱਡ ਕਰਾਸ ਟੀਮ ਅਤੇ ਟ੍ਰੇਨਿੰਗ ਪ੍ਰਾਪਤ ਕਰਨ ਵਾਲੇ ਸਾਰੇ ਵਿਦਿਆਰਥੀਆਂ ਦੇ ਜਜ਼ਬੇ ਦੀ ਸ਼ਲਾਘਾ ਕੀਤੀ। ਉਨ੍ਹਾਂ ਜ਼ਿਲ੍ਹਾ ਵਾਸੀਆਂ ਤੇ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਉਣ ਵਾਲੇ ਡੇਂਗੂ ਦੇ ਖ਼ਤਰੇ ਦੇ ਮੱਦੇਨਜ਼ਰ ਆਪਣੇ ਘਰਾਂ ਵਿੱਚ ਪਾਣੀ ਇਕੱਠਾ ਨਾ ਹੋਣ ਦੇਣ ਅਤੇ ਇਨ੍ਹਾਂ ਸਰਵੇਖਣ ਟੀਮਾਂ ਨੂੰ ਪੂਰਾ ਸਹਿਯੋਗ ਦੇਣ।ਇਸ ਮੁਹਿੰਮ ਦੇ ਤਹਿਤ ਰੈੱਡ ਕਰਾਸ ਵਲੋਂ ਜਿਲ੍ਹਾ ਹੁਸ਼ਿਆਰਪੁਰ ਦੀਆਂ ਲਗਭਗ ਸਾਰੀਆਂ ਗੈਰ-ਸਰਕਾਰੀ ਸੰਸਥਾਵਾਂ ਨੂੰ ਇੱਕ ਮੰਚ 'ਤੇ ਇਕੱਠਾ ਕੀਤਾ ਗਿਆ। ਇਸ ਦੌਰਾਨ 'ਕਾਰਮੇਲਾਈਟ ਸੋਸ਼ਲ ਸਰਵਿਸਿਜ਼, ਹੁਸ਼ਿਆਰਪੁਰ' ਦੇ ਕਰਮਚਾਰੀਆਂ ਨੇ ਸ਼ਲਾਘਾਯੋਗ ਭੂਮਿਕਾ ਨਿਭਾਈ ਅਤੇ ਪੂਰੇ ਇੱਕ ਮਹੀਨਾ ਜ਼ਿਲ੍ਹੇ ਦੇ ਵੱਖ-ਵੱਖ ਹਿੱਸਿਆਂ ਵਿੱਚ ਘਰ-ਘਰ ਜਾ ਕੇ ਸਰਵੇਖਣ ਕੀਤਾ ਗਿਆ ਅਤੇ ਵੱਡੀ ਮਾਤਰਾ ਵਿੱਚ ਮੱਛਰਾਂ ਦੇ ਲਾਰਵੇ ਨੂੰ ਮੌਕੇ 'ਤੇ ਹੀ ਨਸ਼ਟ ਕੀਤਾ।

ਆਗਾਮੀ ਡੇਂਗੂ ਦੇ ਖ਼ਤਰੇ ਨੂੰ ਮੁੱਖ ਰੱਖਦਿਆਂ, 'ਰੈੱਡ ਕਰਾਸ ਸਕੂਲ ਆਫ਼ ਵੋਕੇਸ਼ਨਲ ਲਰਨਿੰਗ' ਵਿਖੇ ਵੱਖ-ਵੱਖ ਵੋਕੇਸ਼ਨਲ ਕੋਰਸਾਂ ਦੀ ਪੜ੍ਹਾਈ ਕਰ ਰਹੀਆਂ 54 ਲੜਕੀਆਂ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਅੱਜਿਵਾਲ ਦੇ ਹੈਲਥ ਕੇਅਰ ਕੋਰਸ ਦੇ 07 ਵਿਦਿਆਰਥੀਆਂ ਨੂੰ ਵੀ ਇਹ ਵਿਸ਼ੇਸ਼ ਟ੍ਰੇਨਿੰਗ ਦਿੱਤੀ ਗਈ। ਇਹ ਵਿਦਿਆਰਥੀ ਆਪਣੇ ਵੋਕੇਸ਼ਨਲ ਟ੍ਰੇਨਰ ਨਰਿੰਦਰ ਕੌਰ ਦੀ ਅਗਵਾਈ ਹੇਠ ਟ੍ਰੇਨਿੰਗ ਵਿੱਚ ਸ਼ਾਮਲ ਹੋਏ।

ਸਿਵਲ ਹਸਪਤਾਲ ਦੇ ਮਾਹਿਰ ਐਪੀਡੈਮੀਓਲੋਜਿਸਟ ਡਾ. ਜਗਦੀਪ ਵੱਲੋਂ ਇਨ੍ਹਾਂ ਸਾਰੇ ਸਿਖਿਆਰਥੀਆਂ ਨੂੰ ਮੱਛਰਾਂ ਤੋਂ ਫੈਲਣ ਵਾਲੀਆਂ ਬਿਮਾਰੀਆਂ, ਲਾਰਵੇ ਦੀ ਪਛਾਣ ਅਤੇ ਇਸ ਨੂੰ ਨਸ਼ਟ ਕਰਨ ਦੇ ਤਕਨੀਕੀ ਤਰੀਕਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਉਨ੍ਹਾ ਨੇ ਦੱਸਿਆ ਕਿ ਮੌਸਮ ਦੇ ਬਦਲਾਅ ਕਾਰਨ ਡੇਂਗੂ ਦਾ ਖ਼ਤਰਾ ਵੱਧਣ ਵਾਲਾ ਹੈ, ਜਿਸ ਲਈ ਅਗੇਤੀ ਸਾਵਧਾਨੀ ਬਹੁਤ ਜ਼ਰੂਰੀ ਹੈ।

ਟ੍ਰੇਨਿੰਗ ਪ੍ਰਾਪਤ ਕਰਨ ਤੋਂ ਬਾਅਦ ਵਿਦਿਆਰਥੀ ਹੁਸ਼ਿਆਰਪੁਰ ਸ਼ਹਿਰ ਵਿੱਚ ਸਰਵੇਖਣ ਕਰਨਗੇ ਅਤੇ ਅੱਜਿਵਾਲ ਸਕੂਲ ਦੇ 7 ਵਿਦਿਆਰਥੀ ਆਪਣੇ ਨਿੱਜੀ ਪਿੰਡਾਂ ਵਿੱਚ ਜਾ ਕੇ ਵਿਸ਼ੇਸ਼ ਸਰਵੇਖਣ ਕਰਨਗੇ। ਇਹ ਸਾਰੇ ਵਲੰਟੀਅਰ ਡੇਂਗੂ ਫੈਲਣ ਤੋਂ ਪਹਿਲਾਂ ਹੀ ਘਰ-ਘਰ ਜਾ ਕੇ ਲੋਕਾਂ ਨੂੰ ਮੱਛਰਾਂ ਤੋਂ ਹੋਣ ਵਾਲੀਆਂ ਘਾਤਕ ਬਿਮਾਰੀਆਂ ਪ੍ਰਤੀ ਜਾਗਰੂਕ ਕਰਨਗੇ ਅਤੇ ਮੌਕੇ 'ਤੇ ਚੈਕਿੰਗ ਕਰਕੇ ਲਾਰਵੇ ਨੂੰ ਨਸ਼ਟ ਕਰਨਗੇ। ਸਕੱਤਰ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਮੰਗੇਸ਼ ਸੂਦ ਅਤੇ ਜੁਆਂਇੰਟ ਸੈਕਟਰੀ ਆਦਿਤਿਆ ਰਾਣਾ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।

# ਵਿਧਾਇਕ ਰਾਜਾ ਗਿੱਲ ਨੇ ਵਿਕਾਸ ਕਾਰਜਾਂ ਦੀ ਪ੍ਰਗਤੀ ਦੀ ਕੀਤੀ ਸਮੀਖਿਆ, ਅਧਿਕਾਰੀਆਂ ਨੂੰ ਕੰਮਾਂ 'ਚ ਤੇਜ਼ੀ ਲਿਆਉਣ ਦੇ ਦਿੱਤੇ ਨਿਰਦੇਸ਼




**ਹੁਸ਼ਿਆਰਪੁਰ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਧਾਨ ਸਭਾ ਹਲਕਾ ਉੜਮੁੜ ਦੇ ਸਰਵਪੱਖੀ ਵਿਕਾਸ ਨੂੰ ਤੇਜ਼ ਕਰਨ ਦੇ ਉਦੇਸ਼ ਨਾਲ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ ਅੱਜ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਮੌਜੂਦਗੀ ਵਿਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਇਕ ਮਹੱਤਵਪੂਰਨ ਸਮੀਖਿਆ ਮੀਟਿੰਗ ਕੀਤੀ। ਮੀਟਿੰਗ ਵਿਚ ਹਲਕੇ ਵਿਚ ਚੱਲ ਰਹੇ ਅਤੇ ਪ੍ਰਸਤਾਵਿਤ ਵਿਕਾਸ ਕੰਮਾਂ ਦੀ ਪ੍ਰਗਤੀ ਦਾ ਵਿਸਥਾਰ ਨਾਲ ਜਾਇਜ਼ਾ ਲਿਆ ਗਿਆ ਅਤੇ ਸਬੰਧਤ ਅਧਿਕਾਰੀਆਂ ਨੂੰ ਨਿਰਧਾਰਤ ਸਮੇਂ ਅੰਦਰ ਕੰਮਾਂ ਨੂੰ ਪੂਰਾ ਕਰਨ ਦੇ ਨਿਰਦੇਸ਼ ਦਿੱਤੇ ਗਏ। ਇਸ ਮੌਕੇ ਨਗਰ ਸੁਧਾਰ ਟਰੱਸਟ ਹੁਸ਼ਿਆਰਪੁਰ ਦੇ ਚੇਅਰਮੈਨ ਗੁਰਵਿੰਦਰ ਸਿੰਘ ਪਾਬਲਾ ਅਤੇ ਐਸਡੀਐਮ ਲਵਪ੍ਰੀਤ ਸਿੰਘ ਵੀ ਮੌਜੂਦ ਸਨ।

ਵਿਧਾਇਕ ਰਾਜਾ ਗਿੱਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਹਰੇਕ ਹਲਕੇ ਵਿਚ ਸੰਤੁਲਿਤ ਅਤੇ ਯੋਜਨਾਬੱਧ ਵਿਕਾਸ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਉੜਮੁੜ ਵਿਧਾਨ ਸਭਾ ਹਲਕੇ ਵਿਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਬਣਾਉਣ ਅਤੇ ਲੋਕਾਂ ਨੂੰ ਬਿਹਤਰ ਸੁਵਿਧਾਵਾਂ ਉਪਲਬੱਧ ਕਰਵਾਉਣ ਲਈ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਵਿਚ ਤੇਜ਼ੀ ਨਾਲ ਕੰਮ ਕੀਤੇ ਜਾ ਰਹੇ ਹਨ।

ਮੀਟਿੰਗ ਦੌਰਾਨ ਵਿਧਾਇਕ ਨੇ ਟਾਂਡਾ-ਰੜਾ ਪੁੱਲ ਸੜਕ (ਟਾਂਡਾ ਤੋਂ ਰੜਾ ਪੁੱਲ ਰੋਡ) ਦੀ ਮੁਰੰਮਤ ਦੇ ਕੰਮਾਂ ਵਿਚ ਤੇਜ਼ੀ ਲਿਆਉਣ ਲਈ ਰਾਸ਼ਟਰੀ ਰਾਜ ਮਾਰਗ ਅਥਾਰਿਟੀ ਦੇ ਅਧਿਕਾਰੀਆਂ ਨੂੰ ਕੰਮ ਵਿਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ। ਇਸ ਤੋਂ ਇਲਾਵਾ ਉਨ੍ਹਾਂ ਐਕਸੀਅਨ ਮੰਡੀ ਬੋਰਡ ਨੂੰ ਪਿੰਡ ਪ੍ਰੇਮਪੁਰ ਰਸਤੇ 'ਤੇ ਪੁੱਲ ਨਿਰਮਾਣ ਅਤੇ ਚੋਹਾਨਾ ਤੋਂ ਟਾਹਲੀ ਸੜਕ ਨਿਰਮਾਣ ਕੰਮ ਵਿਚ ਤੇਜ਼ੀ ਲਿਆਉਣ ਲਈ ਕਿਹਾ। ਉਨ੍ਹਾਂ ਨੇ ਐਕਸੀਅਨ ਲੋਕ ਨਿਰਮਾਣ ਵਿਭਾਗ ਨਾਲ ਪਿੰਡ ਖੁੱਡਾ ਤੋਂ ਭੱਟੀਆਂ ਵਾਇਆ ਖੁਣਖੁਣ ਕਲਾਂ ਦੇ ਰਸਤੇ ਸੜਕ ਨਿਰਮਾਣ ਪ੍ਰੋਜੈਕਟ ਦੀ ਪ੍ਰਗਤੀ ਦੀ ਸਮੀਖਿਆ ਵੀ ਕੀਤੀ। ਉਨ੍ਹਾਂ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਕੰਮਾਂ ਦੀ ਮੌਜੂਦਾ ਸਥਿਤੀ ਦੀ ਜਾਣਕਾਰੀ ਪ੍ਰਾਪਤ ਕੀਤੀ ਅਤੇ ਸਾਰੇ ਪ੍ਰੋਜੈਕਟਾਂ ਵਿਚ ਗੁਣਵੱਤਾ ਮਿਆਰਾਂ ਦਾ ਵਿਸ਼ੇਸ਼ ਧਿਆਨ ਰੱਖਣ ਦੇ ਨਿਰਦੇਸ਼ ਦਿੱਤੇ।

ਵਿਧਾਇਕ ਰਾਜਾ ਗਿੱਲ ਨੇ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਦੇ ਪੂਰਾ ਹੋਣ ਨਾਲ ਖੇਤਰ ਦੇ ਲੋਕਾਂ ਨੂੰ ਬਿਹਤਰ ਆਵਾਜਾਈ ਸੁਵਿਧਾਵਾਂ ਮਿਲਣਗੀਆਂ, ਪੇਂਡੂ ਸੰਪਰਕ ਸੜਕਾਂ ਵਿਚ ਸੁਧਾਰ ਹੋਵੇਗਾ ਅਤੇ ਆਵਾਜਾਈ ਸੁਖਾਲੀ ਅਤੇ ਸੁਰੱਖਿਅਤ ਬਣੇਗੀ। ਉਨ੍ਹਾਂ ਕਿਹਾ ਕਿ ਸੜਕ ਅਤੇ ਪੁੱਲ ਸਬੰਧੀ ਇਹ ਵਿਕਾਸ ਕਾਰਜ ਹਲਕੇ ਦੇ ਆਰਥਿਕ ਅਤੇ ਸਮਾਜਿਕ ਵਿਕਾਸ ਨੂੰ ਵੀ ਨਵੀਂ ਗਤੀ ਪ੍ਰਦਾਨ ਕਰਨਗੇ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਲੋਕਹਿਤ ਨਾਲ ਜੁੜੇ ਵਿਕਾਸ ਕੰਮਾਂ ਵਿਚ ਕਿਸੇ ਪ੍ਰਕਾਰ ਦੀ ਢਿੱਲ ਨਾ ਵਰਤੀ ਜਾਵੇ ਅਤੇ ਸਾਰੇ ਪ੍ਰੋਜੈਕਟਾਂ ਨੂੰ ਪਹਿਲ ਦੇ ਆਧਾਰ 'ਤੇ ਸਮੇਂ ਸਿਰ ਪੂਰਾ ਕੀਤਾ ਜਾਵੇ।

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਵੀ ਸਾਰੇ ਵਿਭਾਗਾਂ ਦੇ ਅਧਿਕਾਰੀਆਂ ਨੂੰ ਵਿਕਾਸ ਕੰਮਾਂ ਦੀ ਲਗਾਤਾਰ ਨਿਗਰਾਨੀ ਯਕੀਨੀ ਬਣਾਉਣ ਅਤੇ ਨਿਰਧਾਰਤ ਸਮੇਂ ਅੰਦਰ ਪ੍ਰੋਜੈਕਟਾਂ ਨੂੰ ਪੂਰਾ ਕਰਨ ਦੇ ਨਿਰਦੇਸ਼ ਦਿੱਤੇ।

ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵਿਕਾਸ ਪ੍ਰੋਜੈਕਟਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤਾਂ ਜੋ ਹਲਕਾ ਵਾਸੀਆਂ ਨੂੰ ਇਨ੍ਹਾਂ ਯੋਜਨਾਵਾਂ ਦਾ ਲਾਭ ਸਮਾਂਬੱਧ ਢੰਗ ਨਾਲ ਮਿਲ ਸਕੇ।

ੰਗ ਵਿਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ ਆਪਣੇ-ਆਪਣੇ ਪ੍ਰੋਜੈਕਟਾਂ ਦੀ ਪ੍ਰਗਤੀ ਸਬੰਧੀ ਵਿਸਥਾਰ ਨਾਲ ਜਾਣਕਾਰੀ ਪੇਸ਼ ਕੀਤੀ ਅਤੇ ਲੰਬਿਤ ਕਾਰਜਾਂ ਨੂੰ ਜਲਦ ਪੂਰਾ ਕਰਨ ਦਾ ਭਰੋਸਾ ਦਿਵਾਇਆ।

# ਸਰਕਾਰ ਸੂਰਜਮੁਖੀ ਦੀ ਖ਼ਰੀਦ ਸਰਲ ਬਣਾਏ : ਚੜੂਨੀ



**ਸ਼ਾਹਬਾਦ ਮਾਰਕੰਡਾ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਮੰਗੋਲੀ ਜਾਟਾਨ ਵਿੱਚ ਭਾਰਤੀ ਕਿਸਾਨ ਯੂਨੀਅਨ ਚੜੂਨੀ ਦੀ ਮੀਟਿੰਗ ਹੋਈ, ਜਿਸ ਵਿੱਚ ਯੂਨੀਅਨ ਦੇ ਕੌਮੀ ਪ੍ਰਧਾਨ ਗੁਰਨਾਮ ਸਿੰਘ ਚੜੂਨੀ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ। ਇਸ ਦੌਰਾਨ ਕਿਸਾਨਾਂ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਚਰਚਾ ਕੀਤੀ ਗਈ। ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਲਈ ਨਵੀਆਂ ਨਿਯੁਕਤੀਆਂ ਦਾ ਐਲਾਨ ਵੀ ਕੀਤਾ ਗਿਆ, ਜਿਸ ਵਿੱਚ ਯੂਨੀਅਨ ਦੇ ਵਰਕਰ ਰਮੇਸ਼ ਦੂਹਨ ਨੂੰ ਬਾਬੈਨ ਬਲਾਕ ਦਾ ਪ੍ਰਧਾਨ ਤੇ ਸਾਬਕਾ ਬਲਾਕ ਪ੍ਰਧਾਨ ਸਤਬੀਰ ਘਿਸਰਪੜੀ ਨੂੰ ਜ਼ਿਲ੍ਹਾ ਉਪ ਪ੍ਰਧਾਨ ਦੀ ਜ਼ਿੰਮੇਵਾਰੀ ਸੌਂਪੀ ਗਈ। ਕੌਮੀ ਪ੍ਰਧਾਨ ਗੁਰਨਾਮ ਸਿੰਘ ਚੜੂਨੀ ਨੇ ਦੋਹਾਂ ਨੂੰ ਸਨਮਾਨਿਤ ਕੀਤਾ। ਕੌਮੀ ਪ੍ਰਧਾਨ ਚੜੂਨੀ ਨੇ ਕਿਸਾਨਾਂ ਨੂੰ ਦਰਪੇਸ਼ ਵੱਖ-ਵੱਖ ਮੁੱਦਿਆਂ 'ਤੇ ਚਾਨਣਾ ਪਾਇਆ।

ਉਨ੍ਹਾਂ ਕਿਹਾ ਕਿ ਸੂਰਜਮੁਖੀ ਦੀ ਫ਼ਸਲ ਸਮੇਂ ਸਿਰ ਖ਼ਰੀਦਣ ਦੀ ਪ੍ਰਕਿਰਿਆ ਵਿੱਚ ਦੇਰੀ ਕਾਰਨ ਕਿਸਾਨਾਂ ਨੂੰ ਵਿੱਤੀ ਨੁਕਸਾਨ ਦਾ ਸਾਹਮਣਾ ਕਰਨਾ ਪਿਆ। ਉਨ੍ਹਾਂ ਕਿਹਾ ਕਿ ਸਰਕਾਰ ਖ਼ਰੀਦ ਪ੍ਰਕਿਰਿਆ ਨੂੰ ਸਰਲ ਤੇ ਸੁਚਾਰੂ ਬਣਾਏ ਤਾਂ ਜੋ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਵਿੱਚ ਕੋਈ ਦਿੱਕਤ ਨਾ ਆਵੇ ਉਨ੍ਹਾਂ ਨੇ ਕਿਸਾਨਾਂ ਨੂੰ ਆਪਣੇ ਅਧਿਕਾਰਾਂ ਤੇ ਹਿੱਤਾਂ ਦੀ ਰੱਖਿਆ ਲਈ ਇਕਜੁੱਟ ਰਹਿਣ ਤੇ ਲੋੜ ਪੈਣ 'ਤੇ ਵਿਰੋਧ ਪ੍ਰਦਰਸ਼ਨਾਂ ਵਿੱਚ ਹਿੱਸਾ ਲੈਣ ਦਾ ਸੱਦਾ ਦਿੱਤਾ। ਚੜੂਨੀ ਨੇ ਕਿਹਾ ਕਿ ਕਿਸਾਨ ਦੇਸ਼ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹਨ ਤੇ ਉਨ੍ਹਾਂ ਦੀ ਅਣਦੇਖੀ ਕਿਸੇ ਤਰ੍ਹਾਂ ਵੀ ਬਰਦਾਸ਼ਤ ਨਹੀਂ ਕੀਤੀ ਜਾਏਗੀ। ਉਨ੍ਹਾਂ ਕਿਸਾਨ ਪਰਿਵਾਰਾਂ ਨੂੰ ਅਪੀਲ ਕੀਤੀ ਕਿ ਉਹ ਇਹ ਯਕੀਨੀ ਬਣਾਉਣ ਕਿ ਹਰੇਕ ਘਰ ਵਿੱਚੋਂ ਘੱਟੋ-ਘੱਟ ਇੱਕ ਮੈਂਬਰ ਕਿਸਾਨਾਂ ਦੇ ਹਿੱਤਾਂ ਦੀ ਰੱਖਿਆ ਲਈ ਵਿਰੋਧ ਪ੍ਰਦਰਸ਼ਨਾਂ ਵਿੱਚ ਹਿੱਸਾ ਲਵੇ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਕ੍ਰਿਸ਼ਨ ਕਲਾਲ ਮਾਜਰਾ, ਬਲਕਾਰ ਸਿੰਘ, ਸੁਖਵਿੰਦਰ ਭੁੱਖੜੀ, ਗੁਰਬਾਜ ਸਿੰਘ, ਸ਼ੀਸ਼ ਪਾਲ, ਗੁਰਦਿਆਲ ਸਿੰਘ, ਜੈ ਕੁਮਾਰ, ਗੁਰਨਾਮ ਸਿੰਘ, ਹਾਕਮ ਸਿੰਘ, ਅਜੈਬ ਸਿੰਘ, ਮਲਕੀਤ ਸਿੰਘ, ਰਾਜਬੀਰ ਸਿੰਘ ਆਦਿ ਤੋਂ ਇਲਾਵਾ ਕਈ ਕਿਸਾਨ ਆਗੂ ਤੇ ਕਾਰਕੁਨ ਮੌਜੂਦ ਸਨ।

# ਯੂਟੀ ਚੰਡੀਗੜ੍ਹ ਵਿੱਚ ਪਾਤਰ ਕਿਸ਼ੋਰ ਲੜਕੀਆਂ ਲਈ ਐੱਚਪੀਵੀ ਟੀਕਾਕਰਣ ਮੁਹਿੰਮ ਦਾ ਵਿਸਤਾਰ ਕੀਤਾ

**ਚੰਡੀਗੜ੍ਹ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਹਤ ਵਿਭਾਗ, ਯੂਟੀ ਚੰਡੀਗੜ੍ਹ ਨੇ ਭਾਰਤ ਸਰਕਾਰ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ (ਐੱਮਓਐੱਚਐੱਫਡਬਲਿਊ / MoHFW) ਦੇ ਨਿਰਦੇਸ਼ਾਂ ਅਨੁਸਾਰ ਸਰਵਾਇਕਲ ਕੈਂਸਰ ਤੋਂ ਬਚਾਅ ਹਿਤ ਪਾਤਰ ਕਿਸ਼ੋਰ ਲੜਕੀਆਂ ਦੀ ਅਧਿਕਤਮ ਕਵਰੇਜ ਨੂੰ ਸੁਨਿਸ਼ਚਿਤ ਕਰਨ ਲਈ ਹਿਊਮਨ ਪੈਪਿਲੋਮਾਵਾਇਰਸ (ਐੱਚਪੀਵੀ / HPV) ਟੀਕਾਕਰਣ ਮੁਹਿੰਮ ਦੀ ਅਵਧੀ ਤਿੰਨ ਮਹੀਨੇ (90 ਦਿਨ) ਤੱਕ ਵਧਾਉਣ ਦਾ ਐਲਾਨ ਕੀਤਾ ਹੈ।

ਵਿਸਤਾਰਿਤ ਮੁਹਿੰਮ ਦੇ ਤਹਿਤ 14 ਵਰ੍ਹਿਆਂ ਦੀ ਉਮਰ ਪੂਰੀ ਕਰ ਚੁੱਕੀਆਂ ਅਤੇ 15 ਵਰ੍ਹਿਆਂ ਦੀ ਉਮਰ ਪ੍ਰਾਪਤ ਨਾ ਕਰਨ ਵਾਲੀਆਂ ਸਾਰੀਆਂ ਪਾਤਰ ਕਿਸ਼ੋਰ ਲੜਕੀਆਂ ਨੂੰ ਮੁਫ਼ਤ ਐੱਚਪੀਵੀ ਟੀਕਾਕਰਣ ਉਪਲਬਧ ਕਰਵਾਇਆ ਜਾਵੇਗਾ। ਇਸ ਵਿਸਤਾਰ ਦਾ ਉਦੇਸ਼ ਉਨ੍ਹਾਂ ਲਾਭਾਰਥੀਆਂ ਨੂੰ ਅਵਸਰ ਪ੍ਰਦਾਨ ਕਰਨਾ ਹੈ, ਜੋ ਮੁਹਿੰਮ ਦੇ ਸ਼ੁਰੂਆਤੀ ਪੜਾਅ ਵਿੱਚ ਟੀਕਾਕਰਣ ਤੋਂ ਵੰਚਿਤ ਰਹਿ ਗਈਆਂ ਸਨ।

ਐੱਚਪੀਵੀ ਟੀਕਾ (ਗਾਰਡਾਸਿਲ-4) ਯੂਟੀ ਚੰਡੀਗੜ੍ਹ ਦੀਆਂ ਸਾਰੀਆਂ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਹਫ਼ਤੇ ਦੇ ਸਾਰੇ ਛੇ ਕੰਮਕਾਜੀ ਦਿਨਾਂ ਵਿੱਚ ਉਪਲਬਧ ਹੈ।

ਇਹ ਟੀਕਾ ਸਰਵਾਇਕਲ ਕੈਂਸਰ ਅਤੇ ਹੋਰ ਐੱਚਪੀਵੀ ਨਾਲ ਸਬੰਧਿਤ ਹੋਰ ਬਿਮਾਰੀਆਂ ਤੋਂ ਬਚਾਅ ਦਾ ਸੁਰੱਖਿਅਤ ਅਤੇ ਪ੍ਰਭਾਵੀ ਮਾਧਿਅਮ ਹੈ। ਸਿਹਤ ਮਾਹਰਾਂ ਦੇ ਅਨੁਸਾਰ, ਸਿਫ਼ਾਰਿਸ਼ ਕੀਤੀ ਉਮਰ ਵਿੱਚ ਟੀਕਾਕਰਣ ਵਾਇਰਸ ਦੇ ਸੰਪਰਕ ਵਿੱਚ ਆਉਣ ਤੋਂ ਪਹਿਲਾਂ ਅਧਿਕਤਮ ਸੁਰੱਖਿਆ ਪ੍ਰਦਾਨ ਕਰਦਾ ਹੈ।

ਸਿਹਤ ਵਿਭਾਗ ਨੇ ਮਾਪਿਆਂ, ਸਰਪ੍ਰਸਤਾਂ, ਵਿੱਦਿਅਕ ਸੰਸਥਾਵਾਂ, ਸਮੁਦਾਇਕ ਨੇਤਾਵਾਂ ਅਤੇ ਆਮ ਜਨਤਾ ਨੂੰ ਇਸ ਮੁਹਿੰਮ ਨੂੰ ਸਫ਼ਲ ਬਣਾਉਣ ਅਤੇ ਸਾਰੀਆਂ ਪਾਤਰ ਕਿਸ਼ੋਰ ਲੜਕੀਆਂ ਦਾ ਟੀਕਾਕਰਣ ਸੁਨਿਸ਼ਚਿਤ ਕਰਨ ਦੀ ਅਪੀਲ ਕੀਤੀ ਹੈ।

ਵਿਭਾਗ ਨੇ ਕਿਸ਼ੋਰੀਆਂ ਦੀ ਸਿਹਤ ਸੁਰੱਖਿਆ ਅਤੇ ਚੰਡੀਗੜ੍ਹ ਨੂੰ ਸਰਵਾਇਕਲ ਕੈਂਸਰ-ਮੁਕਤ ਭਵਿੱਖ ਦੀ ਦਿਸ਼ਾ ਵਿੱਚ ਅੱਗੇ ਵਧਾਉਣ ਪ੍ਰਤੀ ਆਪਣੀ ਪ੍ਰਤੀਬੱਧਤਾ ਦੁਹਰਾਈ ਹੈ।

# ਟੀਬੀ ਮੁਕਤ ਭਾਰਤ ਅਭਿਆਨ ਦੇ ਤਹਿਤ ਬਾਪੂ ਧਾਮ ਕਲੋਨੀ ਵਿਖੇ ਆਯੁਸ਼ਮਾਨ ਆਰੋਗਯ ਸ਼ਿਵਿਰ ਆਯੋਜਿਤ



**ਚੰਡੀਗੜ੍ਹ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਸਰਕਾਰ ਦੇ ÷ਟੀਬੀ ਮੁਕਤ ਭਾਰਤ ਅਭਿਯਾਨ: 100 ਡੇਜ਼ ਕੈਂਪੇਨ÷ ਦੇ ਤਹਿਤ ਸੈਕਟਰ-26 ਸਥਿਤ ਬਾਪੂ ਧਾਮ ਕਲੋਨੀ, ਚੰਡੀਗੜ੍ਹ ਵਿਖੇ 5 ਮਈ ਤੋਂ 29 ਮਈ 2026 ਤੱਕ ਵਿਭਿੰਨ ਧਾਰਮਿਕ ਸਥਾਨਾਂ ਅਤੇ ਸਮੁਦਾਇਕ ਕੇਂਦਰਾਂ ਵਿੱਚ ਆਯੁਸ਼ਮਾਨ ਆਰੋਗਯ ਸ਼ਿਵਿਰਾਂ ਦਾ ਸਫ਼ਲ ਆਯੋਜਨ ਕੀਤਾ ਗਿਆ।

ਮੁਹਿੰਮ ਦੇ ਦੌਰਾਨ ਟੀਬੀ ਦੇ ਮਾਮਲਿਆਂ ਦੀ ਜਲਦੀ ਪਹਿਚਾਣ ਅਤੇ ਤੀਬਰ ਜਾਂਚ ਸੁਨਿਸ਼ਚਿਤ ਕਰਨ ਲਈ ਕੁੱਲ 1,108 ਡਿਜੀਟਲ ਚੈਸਟ ਐਕਸ-ਰੇ ਅਤੇ 117 ਸੀਬੀਐੱਨਏਏਟੀ ਟੈਸਟ ਕੀਤੇ ਗਏ। ਪੁਸ਼ਟੀ ਕੀਤੇ ਗਏ ਮਰੀਜ਼ਾਂ ਨੂੰ ਤੁਰੰਤ ਰਾਸ਼ਟਰੀ ਟੀਬੀ ਖਾਤਮੇ ਪ੍ਰੋਗਰਾਮ (ਐੱਨਟੀਈਪੀ/NTEP) ਦੇ ਤਹਿਤ ਇਲਾਜ ਸੇਵਾਵਾਂ ਨਾਲ ਜੋੜਿਆ ਗਿਆ।

ਇਸ ਪਹਿਲ ਦਾ ਉਦੇਸ਼ ਉੱਚ-ਜੋਖਮ ਅਤੇ ਸੰਵੇਦਨਸ਼ੀਲ ਆਬਾਦੀ ਤੱਕ ਸਿਹਤ ਸੇਵਾਵਾਂ ਦੀ ਪਹੁੰਚ ਸੁਨਿਸ਼ਚਿਤ ਕਰਨਾ ਅਤੇ ਯੈੱਸ! ਵੀ ਕੈਨ ਐਂਡ ਟੀਬੀ : ਭਾਰਤ ਦੀ ਅਗਵਾਈ ਵਿੱਚ, ਜਨ ਭਾਗੀਦਾਰੀ ਨਾਲ ਸਸ਼ਕਤ÷ ਥੀਮ ਦੇ ਤਹਿਤ ਜਨਭਾਗੀਦਾਰੀ ਨੂੰ ਸਸ਼ਕਤ ?ਬਣਾਉਣਾ ਸੀ।

ਕੈਂਪਾਂ ਦੇ ਦੌਰਾਨ ਨਾਗਰਿਕਾਂ ਨੂੰ ਟੀਬੀ ਦੇ ਲੱਛਣ, ਸੰਕ੍ਰਮਣ ਦੇ ਤਰੀਕੇ, ਬਚਾਅ ਉਪਾਵਾਂ ਅਤੇ ਭਾਰਤ ਸਰਕਾਰ ਦੁਆਰਾ ਉਪਲਬਧ ਮੁਫ਼ਤ ਜਾਂਚ ਅਤੇ ਇਲਾਜ ਸੇਵਾਵਾਂ ਬਾਰੇ ਵਿਆਪਕ ਤੌਰ 'ਤੇ ਜਾਗਰੂਕ ਕੀਤਾ ਗਿਆ।

ਨਾਲ ਹੀ ਟੀਬੀ ਨਾਲ ਜੁੜੇ ਸਮਾਜਿਕ ਕਲੰਕ ਨੂੰ ਘੱਟ ਕਰਨ ਅਤੇ ਸਮੇਂ 'ਤੇ ਇਲਾਜ ਹਿਤ ਲੋਕਾਂ ਨੂੰ ਪ੍ਰੇਰਿਤ ਕਰਨ 'ਤੇ ਵਿਸ਼ੇਸ਼ ਬਲ ਦਿੱਤਾ ਗਿਆ।

ਖੇਤਰ ਦੇ ਕੌਂਸਲਰ ਨੇ ਵੀ ਮੁਹਿੰਮ ਵਿੱਚ ਸਰਗਰਮੀ ਨਾਲ ਹਿੱਸਾ ਲੈਂਦੇ ਹੋਏ ਸਥਾਨਕ ਨਿਵਾਸੀਆਂ ਨੂੰ ਸਮੂਹਿਕ ਪ੍ਰਯਾਸਾਂ ਦੁਆਰਾ ਖੇਤਰ ਨੂੰ ਟੀਬੀ-ਮੁਕਤ ਬਣਾਉਣ ਦੀ ਅਪੀਲ ਕੀਤੀ।

ਇਹ ਮੁਹਿੰਮ ਚੰਡੀਗੜ੍ਹ ਪ੍ਰਸ਼ਾਸਨ ਦੀ ਟੀਬੀ ਦੇ ਖ਼ਾਤਮੇ ਪ੍ਰਤੀ ਨਿਰੰਤਰ ਪ੍ਰਤੀਬੱਧਤਾ, ਸਮੇਂ 'ਤੇ ਸਕ੍ਰੀਨਿੰਗ, ਮੁਫ਼ਤ ਸਿਹਤ ਸੇਵਾਵਾਂ ਦੀ ਯੂਨੀਵਰਸਲ ਉਪਲਬਧਤਾ ਅਤੇ ਜਨਭਾਗੀਦਾਰੀ ਨਾਲ ਹੀ ਟੀਬੀ ਨਾਲ ਜੁੜੇ ਸਮਾਜਿਕ ਕਲੰਕ ਨੂੰ ਘੱਟ ਕਰਨ ਅਤੇ ਸਮੇਂ 'ਤੇ ਇਲਾਜ ਹਿਤ ਲੋਕਾਂ ਨੂੰ ਮੁਹਿੰਮ ਵਿੱਚ ਸਰਗਰਮੀ ਨਾਲ ਹਿੱਸਾ ਪ੍ਰੇਰਿਤ ਕਰਨ 'ਤੇ ਵਿਸ਼ੇਸ਼ ਦਿੱਤਾ ਗਿਆ।ਅਧਾਰਿਤ ਜਾਗਰੂਕਤਾ ਨੂੰ ਸਸ਼ਕਤ ਬਣਾਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਪਹਿਲ ਸਿੱਧ ਹੋਈ ਹੈ।

# ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਆ

**ਜਲੰਧਰ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਵਿੱਢੀ ਨਸ਼ਾ ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਯੁਵਕ ਸੇਵਾਵਾਂ ਵਿਭਾਗ ਵੱਲੋਂ ਯੁਵਕ ਸੇਵਾਵਾਂ ਕਲੱਬ ਕੰਨਿਆਵਾਲੀ ਅਰਬਨ ਅਸਟੇਟ ਫੇਜ਼-1 ਦੇ ਸਹਿਯੋਗ ਨਾਲ ਭਗਵਾਨ ਵਾਲਮੀਕਿ ਮੰਦਰ ਵਿੱਚ ਨਸ਼ਿਆਂ ਵਿਰੋਧੀ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਗਿਆ। ਯੁਵਕ ਸੇਵਾਵਾਂ ਵਿਭਾਗ ਦੇ ਨਿਰਦੇਸ਼ਾਂ ਅਤੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਰਹਿਨੁਮਾਈ ਹੇਠ ਕਰਵਾਏ ਇਸ ਪ੍ਰੋਗਰਾਮ ਦੌਰਾਨ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਰਵੀ ਦਾਰਾ ਨੇ ਆਪਣਾ 'ਟੀਕਾ' ਗੀਤ ਗਾ ਕੇ ਨੌਜਵਾਨਾਂ ਨੂੰ ਚਿੱਟੇ ਦੇ ਨਸ਼ੇ ਦੇ ਮਾਰੂ ਅਸਰ ਤੋਂ ਜਾਣੂ ਕਰਵਾਇਆ। ਉਨ੍ਹਾਂ ਨੌਜਵਾਨਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਦਾ ਸੱਦਾ ਦਿੰਦਿਆਂ ਨਸ਼ਿਆਂ ਦੀ ਲਾਹਨਤ ਤੋਂ ਦੂਰ ਰਹਿਣ ਲਈ ਕਿਹਾ।

ਮੰਦਰ ਦੇ ਸੰਚਾਲਕ ਅਸ਼ੋਕ ਲਕੇਸ਼ ਨੇ ਗੀਤ ਰਾਹੀਂ ਨੌਜਵਾਨਾਂ ਨੂੰ ਸ਼ਰਾਬ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂ ਕਰਵਾਉਂਦਿਆਂ ਇਸ ਮਾੜੀ ਆਦਤ ਤੋਂ ਦੂਰ ਰਹਿਣ ਲਈ ਪ੍ਰੇਰਿਆ। ਸ਼ਾਇਰ ਮਾਸਟਰ ਬਲਦੇਵ ਸਿੰਘ ਨੇ ਆਪਣੀਆਂ ਨਸ਼ਾ ਵਿਰੋਧੀ ਕਵਿਤਾਵਾਂ ਨਾਲ ਇਸ ਅਲਾਮਤ 'ਤੇ ਚੋਟ ਕੀਤੀ। ਇਸ ਮੌਕੇ ਇਲਾਕੇ ਦੇ ਕੌਂਸਲਰ ਮਿੰਟੂ ਜਨੇਜਾ, ਕਲੱਬ ਦੇ ਪ੍ਰਧਾਨ ਵਿਕਾਸ ਸਿੱਧੂ ਤੋਂ ਇਲਾਵਾ ਰਤੇ ਸਿੱਧੂ, ਅਮਰਦੀਪ ਸਿੱਧੂ, ਰਾਜ ਸਿੱਧੂ ਅਤੇ ਵੱਡੀ ਗਿਣਤੀ ਮੁਹੱਲਾ ਵਾਸੀਆਂ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੇ ਅਖੀਰ ਵਿੱਚ ਯੁਵਕ ਸੇਵਾਵਾਂ ਰਵੀ ਦਾਰਾ ਨੇ ਆਪਣਾ 'ਟੀਕਾ' ਗੀਤ ਗਾ ਕੇ ਨੌਜਵਾਨਾਂ ਨੂੰ ਚਿੱਟੇ ਦੇ ਨਸ਼ੇ ਦੇ ਮਾਰੂ ਅਸਰ ਤੋਂ ਜਾਣੂ ਕਰਵਾਇਆ। ਉਨ੍ਹਾਂ ਨੌਜਵਾਨਾਂ ਨੂੰ ਹਿੱਸਾ ਲੈਣ ਵਾਲੇ ਭਾਗੀਦਾਰਾਂ ਨੂੰ ਯਾਦਗਾਰੀ ਚਿੰਨ੍ਹ ਨਾਲ ਸਨਮਾਨਿਤ ਕੀਤਾ ਗਿਆ।

# ਰਵਨੀਤ ਬਿੱਟੂ ਮੰਤਰੀ ਦੀ ਕੁਰਸੀ ਅਤੇ ਰਾਜ ਸਭਾ ਸੀਟ ਗੁਆ ਦੇਵੇਗਾ: ਭਗਵੰਤ ਮਾਨ

**ਚੰਡੀਗੜ੍ਹ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਕਦੇ ਸਭ ਤੋਂ ਚੰਗੇ ਦੋਸਤ ਰਹੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਹੁਣ ਇੱਕ ਦੂਜੇ ਦੇ ਵਿਰੋਧੀ ਬਣ ਗਏ ਹਨ। ਅੱਜ ਮੀਡੀਆ ਕਰਮਚਾਰੀਆਂ ਨਾਲ ਗੱਲਬਾਤ ਕਰਦਿਆਂ ਮਾਨ ਨੇ ਕਿਹਾ ਕਿ ਬਿੱਟੂ ਜਲਦੀ ਹੀ ਨਾ ਸਿਰਫ ਆਪਣਾ ਮੰਤਰਾਲਾ ਗੁਆਉਣਗੇ, ਸਗੋਂ ਆਪਣੀ ਰਾਜ ਸਭਾ ਸੀਟ ਵੀ ਗੁਆ ਦੇਣਗੇ। ਉਨ੍ਹਾਂ ਕਿਹਾ, ÷ਉਨ੍ਹਾਂ (ਭਾਜਪਾ ਦੀ ਚੋਟੀ ਦੀ ਲੀਡਰਸ਼ਿਪ ਦਾ ਹਵਾਲਾ ਦਿੰਦੇ ਹੋਏ) ਨੇ ਉਸ ਨੂੰ ਵਿਧਾਨ ਸਭਾ ਚੋਣ ਲੜ ਕੇ ਅਤੇ ਜਿੱਤ ਕੇ ਆਪਣੀ ਸਿਆਸੀ ਸਮਰੱਥਾ ਸਾਬਤ ਕਰਨ ਲਈ ਕਿਹਾ ਹੈ। ਇਸੇ ਲਈ ਉਹ ਕਹਿ ਰਿਹਾ ਹੈ ਕਿ 'ਬਹੁਤ ਹੋ ਗਿਆ ਰਾਜ ਸਭਾ ਅਤੇ ਲੋਕ ਸਭਾ'।÷



ਮਾਨ ਅਤੇ ਬਿੱਟੂ, ਜੋ 2022 ਵਿੱਚ ਆਮ ਆਦਮੀ ਪਾਰਟੀ ਦੇ ਸੱਤਾ ਵਿੱਚ ਆਉਣ ਅਤੇ ਮਾਨ ਦੇ ਮੁੱਖ ਮੰਤਰੀ ਬਣਨ ਤੋਂ ਬਹੁਤ ਪਹਿਲਾਂ ਦੋਸਤ ਬਣ ਗਏ ਸਨ, ਹਾਲ ਹੀ ਤੱਕ ਕਰੀਬੀ ਦੋਸਤ ਰਹੇ ਸਨ। ਜੇ ਅੰਦਰੂਨੀ ਸੂਤਰਾਂ ਦੀ ਮੰਨੀਏ ਤਾਂ ਦੋਵੇਂ ਅਕਸਰ ਇੱਕ-ਦੂਜੇ ਨਾਲ ਗੱਲਬਾਤ ਕਰਦੇ ਸਨ ਅਤੇ ਨਾ ਸਿਰਫ਼ ਸਿਆਸੀ ਗੱਲਾਂ, ਸਗੋਂ ਆਪਣੇ ਨਿੱਜੀ ਮੁੱਦਿਆਂ ਦਾ ਵੀ ਆਦਾਨ-ਪ੍ਰਦਾਨ ਕਰਦੇ ਸਨ। ਪਰ ਹੁਣ ਜਿਵੇਂ-ਜਿਵੇਂ 'ਆਪ' ਅਤੇ ਭਾਜਪਾ ਦੋਵੇਂ ਚੋਣ ਮੋਡ ਵਿੱਚ ਆ ਰਹੀਆਂ ਹਨ, ਉਨ੍ਹਾਂ ਦੀ ਨਿੱਜੀ ਦੋਸਤੀ ਉਨ੍ਹਾਂ ਦੀ ਵਿਅਕਤੀਗਤ ਰਾਜਨੀਤੀ ਦੀ ਬਲੀ ਚੜ੍ਹਦੀ ਜਾਪਦੀ ਹੈ। ਉਨ੍ਹਾਂ ਦੇ ਮਤਭੇਦ ਪਿਛਲੇ ਮਹੀਨੇ ਸ਼ਹਿਰੀ ਸਥਾਨਕ ਸਰਕਾਰਾਂ ਦੀਆਂ ਚੋਣਾਂ ਵਾਲੇ ਦਿਨ ਸਾਹਮਣੇ ਆਏ ਸਨ, ਜਦੋਂ ਬਿੱਟੂ ਭਾਜਪਾ ਆਗੂ ਪ੍ਰੋਫੈਸਰ ਓਂਕਾਰ ਸਿੰਘ ਦਾ ਸਮਰਥਨ ਕਰਨ ਲਈ ਮਾਨ ਦੇ ਗੜ੍ਹ ਧੂਰੀ ਅਤੇ ਸੰਗਰੂਰ ਵਿੱਚ ਦਾਖਲ ਹੋਏ ਸਨ। ਓਂਕਾਰ ਸਿੰਘ ਨੂੰ ਸੰਗਰੂਰ ਪੁਲੀਸ ਨੇ ਗੈਰ-ਕਾਨੂੰਨੀ ਤੌਰ 'ਤੇ ਚੋਣ ਵਾਲੇ ਖੇਤਰ ਸੰਗਰੂਰ ਵਿੱਚ ਰਹਿਣ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤਾ ਸੀ, ਹਾਲਾਂਕਿ ਉਹ ਉੱਥੋਂ ਦਾ ਵੋਟਰ ਨਹੀਂ ਸੀ।

# ਦਿੱਲੀ ਦੇ ਮਾਲਵੀਆ ਨਗਰ ਵਿਖੇ ਰੈਸਟੋਰੈਂਟ ਵਿੱਚ ਅੱਗ ਲੱਗਣ ਕਾਰਨ 10 ਵਿਦੇਸ਼ੀਆਂ ਸਮੇਤ 21 ਮੌਤਾਂ

**ਨਵੀਂ ਦਿੱਲੀ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸਵੇਰੇ ਦਿੱਲੀ ਦੇ ਮਾਲਵੀਆ ਨਗਰ ਇਲਾਕੇ ਵਿੱਚ ਲੈਮਨ ਗ੍ਰੀਨ ਰੇਸਤਰਾਂ ਵਿੱਚ ਅੱਗ ਲੱਗਣ ਕਾਰਨ ਘੱਟੋ-ਘੱਟ 21 ਲੋਕਾਂ ਦੀ ਮੌਤ ਹੋ ਗਈ, ਜਦੋਂ ਕਿ ਕਈ ਲੋਕਾਂ ਨੂੰ ਬਚਾਇਆ ਗਿਆ ਹੈ। ਦਿੱਲੀ ਫਾਇਰ ਸਰਵਿਸਿਜ਼ ਦੇ ਅਧਿਕਾਰੀਆਂ ਨੂੰ ਸਵੇਰੇ 8:50 ਵਜੇ ਅੱਗ ਲੱਗਣ ਬਾਰੇ ਇੱਕ ਕਾਲ ਆਈ, ਜਿਸ ਤੋਂ ਬਾਅਦ ਕਈ ਅੱਗ ਬੁਝਾਊ ਦਸਤੇ ਦੀਆਂ ਟੀਮਾਂ ਨੂੰ ਮੌਕੇ 'ਤੇ ਭੇਜਿਆ ਗਿਆ। ਹੌਜ਼ ਰਾਣੀ ਦੀਆਂ ਤੰਗ ਗਲੀਆਂ ਵਿੱਚ ਸਥਿਤ ਇਸ ਇਮਾਰਤ ਵਿੱਚ ਰੈਸਟੋਰੈਂਟ ਦੇ ਉੱਪਰ ਇੱਕ ਪੰਜ ਮੰਜ਼ਿਲਾ ਹੋਟਲ ਸੀ। ਸੂਤਰਾਂ ਦਾ ਕਹਿਣਾ ਹੈ ਕਿ ਹੋਟਲ ਵਿੱਚ ਜ਼ਿਆਦਾਤਰ ਵਿਦੇਸ਼ੀ ਨਾਗਰਿਕ ਠਹਿਰੇ ਹੋਏ ਸਨ ਜੋ ਡਾਕਟਰੀ ਇਲਾਜ ਲਈ ਭਾਰਤ ਆਏ ਸਨ। ਨਿਵਾਸੀਆਂ ਅਨੁਸਾਰ ਇਸ ਹੋਟਲ ਵਿੱਚ ਲਗਪਗ 25 ਕਮਰੇ ਸਨ।

ਫਾਇਰ ਅਫਸਰ ਏ.ਕੇ. ਮਲਿਕ ਨੇ ਕਿਹਾ ਕਿ ਦਿੱਲੀ ਫਾਇਰ ਸਰਵਿਸ ਵੱਲੋਂ ਸੱਤ ਫਾਇਰ ਟੈਂਡਰ ਪਹਿਲਾਂ ਮੌਕੇ 'ਤੇ ਭੇਜੇ ਗਏ। ਸਾਵਧਾਨੀ ਵਜੋਂ ਵਾਧੂ ਯੂਨਿਟਾਂ ਨੂੰ ਬੁਲਾਇਆ ਗਿਆ ਤੇ ਪਹੁੰਚਣ 'ਤੇ ਤੁਰੰਤ ਬਚਾਅ ਕਾਰਜ ਸ਼ੁਰੂ ਹੋ ਗਏ। ਮਲਿਕ ਅਨੁਸਾਰ ਫਾਇਰਫਾਈਟਰਾਂ ਨੇ ਬਹੁ-ਮੰਜ਼ਿਲਾ ਇਮਾਰਤ ਤੋਂ 37 ਲੋਕਾਂ ਨੂੰ ਕੱਢਿਆ ਗਿਆ, ਜਿਸ ਵਿੱਚ ਇੱਕ ਬੇਸਮੈਂਟ, ਜ਼ਮੀਨੀ ਮੰਜ਼ਿਲ ਅਤੇ ਪੰਜ ਉੱਪਰਲੀਆਂ ਮੰਜ਼ਿਲਾਂ ਸ਼ਾਮਲ ਹਨ। ਮੁੱਢਲੀ ਪੁੱਛਗਿੱਛ ਤੋਂ ਪਤਾ ਲੱਗਾ ਹੈ ਕਿ ਇਮਾਰਤ ਇੱਕ ਨਿਯਮਤ ਰਿਹਾਇਸ਼ੀ ਕੰਪਲੈਕਸ ਵਜੋਂ ਨਹੀਂ ਸੀ ਤੇ ਜ਼ਿਆਦਾਤਰ ਉਹ ਲੋਕ ਉੱਥੇ ਕਿਰਾਏ 'ਤੇ ਰਹਿ ਰਹੇ ਸਨ ਜਿਨ੍ਹਾਂ ਦੇ ਰਿਸ਼ਤੇਦਾਰ ਜਾਂ ਜਾਣ-ਪਛਾਣ ਵਾਲੇ ਨੇੜਲੇ ਮੈਕਸ ਹਸਪਤਾਲ ਵਿੱਚ ਇਲਾਜ ਅਧੀਨ ਸਨ।



ਉਨ੍ਹਾਂ ਇਹ ਵੀ ਪੁਸ਼ਟੀ ਕੀਤੀ ਕਿ ਬਚਾਏ ਗਏ ਲੋਕਾਂ ਵਿੱਚ ਕੁਝ ਵਿਦੇਸ਼ੀ ਨਾਗਰਿਕ ਵੀ ਸ਼ਾਮਲ ਸਨ। ਮਲਿਕ ਨੇ ਕਿਹਾ ਕਿ ਅੱਗ 'ਤੇ ਜਲਦੀ ਕਾਬੂ ਪਾ ਲਿਆ ਗਿਆ। ਇਮਾਰਤ ਨੂੰ ਪੂਰੀ ਤਰ੍ਹਾਂ ਸਾਫ਼ ਕਰ ਦਿੱਤਾ ਗਿਆ ਤੇ ਇਮਾਰਤ ਨੂੰ ਹੁਣ ਅੱਗੇ ਦੀ ਜਾਂਚ ਲਈ ਪੁਲੀਸ ਦੇ ਹਵਾਲੇ ਕਰ ਦਿੱਤਾ ਗਿਆ ਹੈ।

ਦੱਖਣੀ ਜ਼ਿਲ੍ਹੇ ਦੇ ਡੀਡੀਐਮ, ਐਸਡੀਐਮ ਜਤਿੰਦਰ ਕੁਮਾਰ ਨੇ ਦੱਸਿਆ ਕਿ ਜਿਵੇਂ ਹੀ ਮੈਨੂੰ ਅੱਜ ਸਵੇਰੇ ਘਟਨਾ ਦੀ ਜਾਣਕਾਰੀ ਮਿਲੀ, ਅਸੀਂ ਆਪਣੇ ਡੀਡੀਐਮਏ ਸੈੱਲ ਨੂੰ ਸਰਗਰਮ ਕਰ ਦਿੱਤਾ।

ਸਾਰੇ ਈਓਸੀ ਨੂੰ ਸੂਚਿਤ ਕੀਤਾ ਗਿਆ ਅਤੇ ਤੁਰੰਤ ਮੌਕੇ 'ਤੇ ਪਹੁੰਚਣ ਦੇ ਨਿਰਦੇਸ਼ ਦਿੱਤੇ ਗਏ। ਉਨ੍ਹਾਂ ਖੁਦ ਇੱਕ ਸਿਖਲਾਈ ਪ੍ਰੋਗਰਾਮ ਲਈ ਜਾਣਾ ਸੀ, ਪਰ ਉਸਨੂੰ ਮੁਲਤਵੀ ਕਰ ਦਿੱਤਾ ਅਤੇ ਇੱਥੇ ਆ ਗਿਆ। ਪਹੁੰਚਣ 'ਤੇ ਪਤਾ ਲੱਗਾ ਕਿ ਇਮਾਰਤ ਦੀ ਜ਼ਮੀਨੀ ਮੰਜ਼ਿਲ 'ਤੇ ਇੱਕ ਰੈਸਟੋਰੈਂਟ ਚੱਲ ਰਿਹਾ ਸੀ। ਅੱਗ ਲੱਗਣ ਦਾ ਸਹੀ ਕਾਰਨ ਅਜੇ ਪਤਾ ਨਹੀਂ ਹੈ, ਪਰ ਇਹ ਸੰਭਾਵਨਾ ਹੈ ਕਿ ਅੱਗ ਰੈਸਟੋਰੈਂਟ ਤੋਂ ਲੱਗੀ ਹੈ।

ਅੱਗ ਲੱਗਣ ਦਾ ਸਹੀ ਕਾਰਨ ਪਤਾ ਕਰਨ ਲਈ ਵੱਖ ਵੱਖ ਕੋਣਾਂ ਤੋਂ ਜਾਂਚ ਕੀਤੀ ਜਾ ਰਹੀ ਸੀ।ਅਧਿਕਾਰੀਆਂ ਦੇ ਅਨੁਸਾਰ ਵਿਦੇਸ਼ੀ ਨਾਗਰਿਕ ਮੁੱਖ ਤੌਰ 'ਤੇ ਮੱਧ ਏਸ਼ੀਆਈ ਅਤੇ ਅਫਰੀਕੀ ਦੇਸ਼ਾਂ ਦੇ ਸਨ, ਜੋ ਉਕਤ ਬੈੱਡ ਐਂਡ ਬ੍ਰੇਕਫਾਸਟ ਸਹੂਲਤ ਵਿੱਚ ਰਹਿ ਰਹੇ ਸਨ। ਇਨ੍ਹਾਂ ਵਿੱਚੋਂ ਬਹੁਤ ਸਾਰੇ ਸੈਲਾਨੀ ਸੁੱਤੇ ਹੋਏ ਸਨ ਜਦੋਂ ਅੱਗ ਇਮਾਰਤ ਨੂੰ ਆਪਣੀ ਲਪੇਟ ਵਿੱਚ ਲੈ ਲਈ। ਇੱਕੋ ਇੱਕ ਰਾਹ ਪੌੜੀਆਂ ਹੋਣ ਕਰਕੇ ਵਿੱਚ ਲੋਕ ਫਸ ਗਏ।

ਅੱਗ ਬੁਝਾਊ ਅਮਲੇ ਨੇ ਘਟਨਾ ਦੌਰਾਨ ਇਮਾਰਤ ਦੇ ਬੇਸਮੈਂਟ ਵਿੱਚ ਫਸੇ 40 ਤੋਂ ਵੱਧ ਲੋਕਾਂ ਨੂੰ ਬਚਾਇਆ, ਜਿਨ੍ਹਾਂ ਨੂੰ ਬਾਅਦ ਵਿੱਚ ਹਸਪਤਾਲ ਭੇਜ ਦਿੱਤਾ ਗਿਆ। ਮੈਕਸ ਹਸਪਤਾਲ ਵਿੱਚ 39 ਮਰੀਜ਼ ਆਏ, ਜਿਨ੍ਹਾਂ ਵਿੱਚੋਂ 18 ਮ੍ਰਿਤਕ ਪਾਏ ਗਏ ਸਨ। ਬਾਕੀ ਮਰੀਜ਼ਾਂ ਵਿੱਚੋਂ 15 ਆਈਸੀਯੂ ਵਿੱਚ ਦਾਖਲ ਹਨ, ਜਿਨ੍ਹਾਂ ਵਿੱਚੋਂ ਅੱਠ ਵੈਂਟੀਲੇਟਰ ਸਪੋਰਟ 'ਤੇ ਹਨ ਅਤੇ ਉਨ੍ਹਾਂ ਦੀ ਹਾਲਤ ਗੰਭੀਰ ਹੈ। ਮਾਮੂਲੀ ਸੱਟਾਂ ਵਾਲੇ ਪੰਜ ਮਰੀਜ਼ਾਂ ਦਾ ਇਲਾਜ ਕੀਤਾ ਗਿਆ ਅਤੇ ਉਨ੍ਹਾਂ ਨੂੰ ਛੁੱਟੀ ਦੇ ਦਿੱਤੀ ਗਈ। ਜਦੋਂ ਕਿ ਇੱਕ ਮਰੀਜ਼ ਨੂੰ ਗੰਭੀਰ ਸੜਨ ਕਾਰਨ ਸਫਦਰਜੰਗ ਹਸਪਤਾਲ ਭੇਜ ਦਿੱਤਾ ਗਿਆ। ਮ੍ਰਿਤਕਾਂ ਵਿੱਚ ਸਥਾਨਕ ਅਤੇ ਵਿਦੇਸ਼ੀ ਦੋਵੇਂ ਨਾਗਰਿਕ ਸ਼ਾਮਲ ਹਨ।

ਇਸ ਦੌਰਾਨ ਏਮਜ਼ ਟਰਾਮਾ ਸੈਂਟਰ ਵਿੱਚ 13 ਮਰੀਜ਼ ਆਏ। ਉਨ੍ਹਾਂ ਵਿੱਚੋਂ ਤਿੰਨ ਲੋਕ ਉਚਾਈ ਤੋਂ ਛਾਲ ਮਾਰਨ ਕਰਕੇ ਗੰਭੀਰ ਜ਼ਖਮੀ ਹੋਏ। ਏਮਜ਼ ਅਨੁਸਾਰ ਤਿੰਨ ਲਾਸ਼ਾਂ ਨੂੰ ਬਰਨ ਅਤੇ ਪਲਾਸਟਿਕ ਸਰਜਰੀ ਵਿਭਾਗ ਵਿੱਚ ਲਿਜਾਇਆ ਗਿਆ ਹੈ, ਜਦੋਂ ਕਿ ਜ਼ਖਮੀਆਂ ਨੂੰ ਸਾਹ ਘੁੱਟਣ, ਮਾਮੂਲੀ ਜਲਣ ਦੀਆਂ ਸੱਟਾਂ ਅਤੇ ਹੱਡੀਆਂ ਟੁੱਟਣ ਕਰਕੇ ਹੈ।

ਅਧਿਕਾਰੀਆਂ ਨੇ ਦੱਸਿਆ ਕਿ ਦਿੱਲੀ ਫਾਇਰ ਸਰਵਿਸਿਜ਼ ਦੇ ਕਰਮਚਾਰੀਆਂ ਨੇ ਸੰਘਣੇ ਧੂੰਏਂ ਅਤੇ ਕੰਪਲੈਕਸ ਦੇ ਅੰਦਰ ਚੁਣੌਤੀਪੂਰਨ ਸਥਿਤੀਆਂ ਦੇ ਵਿਚਕਾਰ ਬਚਾਅ ਕਾਰਜ ਚਲਾਇਆ। ਭੀੜੀਆਂ ਗਲੀਆਂ ਵਿੱਚੋਂ ਪ੍ਰਭਾਵਿਤ ਇਮਾਰਤ ਤੱਕ ਪਹੁੰਚਣਾ ਚੁਣੌਤੀ ਭਰਿਆ ਸੀ।

**ਪ੍ਰਧਾਨ ਮੰਤਰੀ ਵੱਲੋਂ ਦੁੱਖ ਦਾ ਪ੍ਰਗਟਾਵਾ**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮਾਲਵੀਆ ਨਗਰ ਅੱਗ ਦੀ ਘਟਨਾ ਵਿੱਚ ਹੋਏ ਜਾਨੀ ਨੁਕਸਾਨ 'ਤੇ ਦੁੱਖ ਪ੍ਰਗਟ ਕੀਤਾ, ਇਸ ਦੁਖਾਂਤ ਨੂੰ ਦਿਲ ਤੋੜਨ ਵਾਲਾ ਦੱਸਿਆ। ਐਕਸ 'ਤੇ ਇੱਕ ਪੋਸਟ ਵਿੱਚ ਪ੍ਰਧਾਨ ਮੰਤਰੀ ਦਫ਼ਤਰ ਨੇ ਦੁਖੀ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕੀਤੀ ਅਤੇ ਜ਼ਖਮੀਆਂ ਦੇ ਜਲਦੀ ਠੀਕ ਹੋਣ ਦੀ ਕਾਮਨਾ ਕੀਤੀ। ਪ੍ਰਧਾਨ ਮੰਤਰੀ ਦਫ਼ਤਰ ਨੇ ਕਿਹਾ ਕਿ ਅਧਿਕਾਰੀ ਅੱਗ ਤੋਂ ਪ੍ਰਭਾਵਿਤ ਲੋਕਾਂ ਨੂੰ ਹਰ ਸੰਭਵ ਸਹਾਇਤਾ ਕਰ ਰਹੇ ਹਨ।

ਉਨ੍ਹਾਂ ਨੇ ਹਰੇਕ ਮ੍ਰਿਤਕ ਦੇ ਰਿਸ਼ਤੇਦਾਰਾਂ ਲਈ ਪ੍ਰਧਾਨ ਮੰਤਰੀ ਰਾਸ਼ਟਰੀ ਰਾਹਤ ਫੰਡ ਤੋਂ 2 ਲੱਖ ਰੁਪਏ ਦੀ ਐਕਸ-ਗ੍ਰੇਸ਼ੀਆ ਦਾ ਐਲਾਨ ਵੀ ਕੀਤਾ, ਜਦੋਂ ਕਿ ਜ਼ਖਮੀਆਂ ਨੂੰ 50,000 ਰੁਪਏ ਸਹਾਇਤਾ ਰਾਸ਼ੀ ਦੇਣ ਦਾ ਐਲਾਨ ਕੀਤਾ।

ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਨੇ ਮਾਲਵੀਆ ਨਗਰ ਵਿੱਚ ਭਿਆਨਕ ਅੱਗ ਦੀ ਘਟਨਾ ਵਿੱਚ ਹੋਏ ਜਾਨੀ ਨੁਕਸਾਨ 'ਤੇ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਉਹ ਇਸ ਦੁਖਾਂਤ ਤੋਂ ÷ਬਹੁਤ ਦੁਖੀ÷ ਹਨ। ਉਨ੍ਹਾਂ ਕਿਹਾ ਕਿ ਅੱਗ ਬਾਰੇ ਜਾਣਕਾਰੀ ਮਿਲਣ ਤੋਂ ਤੁਰੰਤ ਬਾਅਦ ਦਿੱਲੀ ਫਾਇਰ ਸਰਵਿਸਿਜ਼, ਦਿੱਲੀ ਪੁਲੀਸ, ਡੀਡੀਐਮਏ, ਸੀਏਟੀਐਸ ਐਂਬੂਲੈਂਸ ਸੇਵਾਵਾਂ ਅਤੇ ਹੋਰ ਐਮਰਜੈਂਸੀ ਪ੍ਰਤੀਕਿਰਿਆ ਏਜੰਸੀਆਂ ਦੀਆਂ ਟੀਮਾਂ ਨੂੰ ਲਾਮਬੰਦ ਕੀਤਾ ਗਿਆ ਅਤੇ ਬਚਾਅ ਅਤੇ ਰਾਹਤ ਕਾਰਜ ਸ਼ੁਰੂ ਕੀਤੇ ਗਏ।

ਮੁੱਖ ਮੰਤਰੀ ਨੇ ਕਿਹਾ ਕਿ ਤੇਜ਼ ਕਾਰਵਾਈ ਮਗਰੋਂ ਕਈ ਲੋਕਾਂ ਨੂੰ ਬਚਾਉਣ ਅਤੇ ਕੱਢਣ ਵਿੱਚ ਮਦਦ ਕੀਤੀ। ਉਨ੍ਹਾਂ ਭਰੋਸਾ ਦਿੱਤਾ ਕਿ ਦਿੱਲੀ ਸਰਕਾਰ ਸਥਿਤੀ 'ਤੇ ਨੇੜਿਓਂ ਨਜ਼ਰ ਰੱਖ ਰਹੀ ਹੈ ਅਤੇ ਪ੍ਰਭਾਵਿਤ ਲੋਕਾਂ ਨੂੰ ਹਰ ਲੋੜੀਂਦੀ ਡਾਕਟਰੀ ਸਹਾਇਤਾ ਦਿੱਤੀ ਗਈ।

# ਪੰਜਾਬ ਭਾਜਪਾ ਦੇ ਨਵ-ਨਿਯੁਕਤ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਸੰਭਾਲੀ ਕਮਾਨ

## ਮੁੱਖ ਮੰਤਰੀ ਨਾਇਬ ਸੈਣੀ ਸਣੇ ਵੱਡੀ ਗਿਣਤੀ ਸਿਆਸੀ ਦਿੱਗਜ ਪਹੁੰਚੇ; ਕੇਂਦਰੀ ਨੀਤੀਆਂ ਘਰ-ਘਰ ਪਹੁੰਚਾਉਣ ਦਾ ਲਿਆ ਅਹਿਦ

**ਚੰਡੀਗੜ੍ਹ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਭਾਜਪਾ ਦੇ ਨਵ-ਨਿਯੁਕਤ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਅੱਜ ਚੰਡੀਗੜ੍ਹ ਦੇ ਸੈਕਟਰ 37 ਸਥਿਤ ਸੂਬਾਈ ਦਫ਼ਤਰ ਵਿਖੇ ਆਪਣਾ ਅਹੁਦਾ ਸਾਂਭ ਲਿਆ ਹੈ। ਇਸ ਮੌਕੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ, ਭਾਜਪਾ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ, ਰਾਜਸਭਾ ਮੈਂਬਰ ਸਤਨਾਮ ਸਿੰਘ ਸੰਧੂ, ਪੰਜਾਬ ਭਾਜਪਾ ਦੇ ਸਾਬਕਾ ਪ੍ਰਧਾਨ ਸੁਨੀਲ ਜਾਖੜ ਅਤੇ ਅਸ਼ਵਨੀ ਸ਼ਰਮਾ ਸਣੇ ਵੱਡੀ ਗਿਣਤੀ ਵਿੱਚ ਭਾਜਪਾ ਆਗੂ ਮੌਜੂਦ ਰਹੇ। ਕੇਵਲ ਸਿੰਘ ਢਿੱਲੋਂ ਨੇ ਆਪਣਾ ਅਹੁਦਾ ਧਾਰਮਿਕ ਰੀਤੀ-ਰਿਵਾਜਾਂ ਨਾਲ ਗੁਰੂ ਤੋਂ ਆਸ਼ੀਰਵਾਦ ਪ੍ਰਾਪਤ ਕਰਕੇ ਸਾਂਭਿਆ। ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਭਾਜਪਾ ਵੱਲੋਂ ਕੇਂਦਰ ਸਰਕਾਰ ਦੀਆਂ ਨੀਤੀਆਂ ਅਤੇ ਕੇਂਦਰ ਸਰਕਾਰ ਦੇ ਕੰਮਾਂ ਨੂੰ ਘਰ-ਘਰ ਤੱਕ ਪਹੁੰਚਾਇਆ ਜਾਵੇਗਾ, ਇਸ ਦੇ ਨਾਲ ਹੀ ਪੰਜਾਬ ਵਿੱਚ ਭਾਜਪਾ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਭਾਜਪਾ ਵੱਲੋਂ ਪੰਜਾਬ ਦੇ ਹਿੱਤਾਂ ਦੀ ਰਾਖੀ ਲਈ ਪਹਿਰਾ ਦਿੱਤਾ ਜਾਵੇਗਾ।



# ਸਰਹੱਦ ਪਾਰੋਂ ਹਥਿਆਰਾਂ ਤੇ ਨਸ਼ਿਆਂ ਦੀ ਤਸਕਰੀ ਵਾਲੇ ਮਾਡਿਊਲ ਨਾਲ ਸਬੰਧਤ ਦੋ ਮੁਲਜ਼ਮ 2.2 ਕਿਲੋ ਹੈਰੋਇਨ ਅਤੇ 6 ਪਿਸਤੌਲਾਂ ਸਣੇ ਕਾਬੂ



**ਚੰਡੀਗੜ੍ਹ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਜਾਰੀ ਮੁਹਿੰਮ ਦੌਰਾਨ ਵੱਡੀ ਸਫਲਤਾ ਤਹਿਤ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਨਾਲ ਸਬੰਧਤ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ ਅਤੇ ਮੁਲਜ਼ਮਾਂ ਦੇ ਕਬਜ਼ੇ ਵਿੱਚੋਂ 2.225 ਕਿਲੋ ਹੈਰੋਇਨ, ਛੇ ਆਧੁਨਿਕ ਪਿਸਤੌਲ ਅਤੇ 12 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਹਨ। ਇਹ ਜਾਣਕਾਰੀ ਅੱਜ ਇਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।ਗ੍ਰਿਫ਼ਤਾਰ ਵਿਅਕਤੀਆਂ ਦੀ ਪਛਾਣ ਅੰਮ੍ਰਿਤਸਰ ਦੇ ਪਿੰਡ ਚੀਚਾ ਦੇ ਵਸਨੀਕ ਸੁਖਦੇਵ ਸਿੰਘ ਉਰਫ਼ ਸੁੱਖ (23) ਅਤੇ ਅੰਮ੍ਰਿਤਸਰ ਦੇ ਪਿੰਡ ਲੋਧੀ ਗੁੱਜਰ ਦੇ ਵਸਨੀਕ ਹਰਜਿੰਦਰ ਸਿੰਘ ਉਰਫ਼ ਜਿੰਦਰ (37) ਵਜੋਂ ਹੋਈ ਹੈ। ਗ੍ਰਿਫ਼ਤਾਰ ਕੀਤੇ ਗਏ ਦੋਵੇਂ ਮੁਲਜ਼ਮ ਆਦਤਨ ਅਪਰਾਧੀ ਹਨ ਜਿਨ੍ਹਾਂ ਖ਼ਿਲਾਫ਼ ਪਹਿਲਾਂ ਹੀ ਅਗਵਾ ਅਤੇ ਗੈਰਕਾਨੂੰਨੀ ਹਥਿਆਰ ਰੱਖਣ ਦੇ ਅਪਰਾਧਕ ਮਾਮਲੇ ਦਰਜ ਹਨ।

ਬਰਾਮਦ ਕੀਤੇ ਗਏ ਪਿਸਤੌਲਾਂ ਵਿੱਚ ਇੱਕ .30 ਬੋਰ (ਚੀਨ ਦਾ ਬਣਿਆ), ਦੋ 9 ਐਮਐਮ ਗਲੌਕ ਪਿਸਤੌਲ (ਆਸਟ੍ਰੀਆ ਦਾ ਬਣਿਆ), ਇੱਕ 9 ਐਮਐਮ ਗਲੌਕ ਪਿਸਤੌਲ (ਅਮਰੀਕਾ ਦਾ ਬਣਿਆ) ਅਤੇ ਦੋ .30 ਬੋਰ ਪਿਸਤੌਲ (ਤੁਰਕੀ ਦਾ ਬਣਿਆ) ਸ਼ਾਮਲ ਹਨ।ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਸਰਹੱਦ ਪਾਰ ਦੇ ਤਸਕਰਾਂ ਦੇ ਸੰਪਰਕ ਵਿੱਚ ਸਨ, ਜੋ ਕਥਿਤ ਤੌਰ @ਤੇ ਸਰਹੱਦ ਪਾਰੋਂ ਡਰੋਨ ਰਾਹੀਂ ਭੇਜੀ ਹੈਰੋਇਨ ਅਤੇ ਹਥਿਆਰਾਂ ਦੀ ਖੇਪ ਪ੍ਰਾਪਤ ਕਰਕੇ ਇਸਨੂੰ ਅੱਗੇ ਪੰਜਾਬ ਵਿੱਚ ਅਪਰਾਧਕ ਤੱਤਾਂ ਨੂੰ ਸਪਲਾਈ ਕਰਦੇ ਸਨ।

ਡੀਜੀਪੀ ਨੇ ਕਿਹਾ ਕਿ ਨੈੱਟਵਰਕ ਨਾਲ ਜੁੜੇ ਹੋਰ ਮੈਂਬਰਾਂ ਦੀ ਪਛਾਣ ਕਰਨ ਲਈ ਇਸ ਕੇਸ ਵਿੱਚ ਅਗਲੇ-ਪਿਛਲੇ ਸਬੰਧਾਂ ਦੀ ਜਾਂਚ ਕੀਤੀ ਜਾ ਰਹੀ ਹੈ।ਪੁਲਿਸ ਕਮਿਸ਼ਨਰ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਖੁਫੀਆ ਜਾਣਕਾਰੀ @ਤੇ ਕਾਰਵਾਈ ਕਰਦਿਆਂ ਪੁਲਿਸ ਟੀਮ ਨੇ ਦੋਸ਼ੀ ਸੁਖਦੇਵ ਉਰਫ਼ ਸੁੱਖ ਨੂੰ 2.225 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕਰ ਲਿਆ। ਮੁੱਢਲੀ ਜਾਂਚ ਤੋਂ ਪਤਾ ਲੱਗਿਆ ਹੈ ਕਿ ਦੋਸ਼ੀ ਨਸ਼ਾ ਤਸਕਰੀ ਦੇ ਧੰਦੇ ਵਿੱਚ ਸਰਗਰਮੀ ਨਾਲ ਸ਼ਾਮਲ ਸੀ।

ਉਨ੍ਹਾਂ ਕਿਹਾ ਕਿ ਹੋਰ ਜਾਂਚ ਦੌਰਾਨ ਪੁਲਿਸ ਨੇ ਹਰਜਿੰਦਰ ਸਿੰਘ ਉਰਫ਼ ਜਿੰਦਰ ਨਾਮੀ ਹੋਰ ਮੁਲਜ਼ਮ ਦੀ ਪਛਾਣ ਕਰਕੇ ਉਸਨੂੰ ਚਾਰ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕਰ ਲਿਆ। ਗ੍ਰਿਫ਼ਤਾਰ ਮੁਲਜ਼ਮ ਹਰਜਿੰਦਰ ਉਰਫ਼ ਜਿੰਦਰ ਵੱਲੋਂ ਕੀਤੇ ਗਏ ਖੁਲਾਸਿਆਂ ਦੇ ਆਧਾਰ @ਤੇ, ਪੁਲਿਸ ਨੇ ਉਸ ਵੱਲੋਂ ਦੱਸੀ ਗਈ ਥਾਂ ਤੋਂ ਦੋ ਹੋਰ ਪਿਸਤੌਲ ਬਰਾਮਦ ਕੀਤੇ।

ਪੁਲਿਸ ਕਮਿਸ਼ਨਰ ਨੇ ਕਿਹਾ ਕਿ ਦੋਸ਼ੀ ਸੁਖਦੇਵ ਉਰਫ਼ ਸੁੱਖ ਪੁਲਿਸ ਥਾਣਾ ਛੇਹਰਟਾ ਵਿਖੇ ਦਰਜ ਪਹਿਲਾਂ ਹੀ ਇੱਕ ਮਾਮਲੇ ਵਿੱਚ ਲੋੜੀਂਦਾ ਸੀ, ਜਿਸ ਵਿੱਚ ਉਸਦੇ ਚਾਰ ਸਾਥੀਆਂ ਨੂੰ ਪਹਿਲਾਂ ਸੱਤ ਪਿਸਤੌਲਾਂ ਅਤੇ 12 ਜ਼ਿੰਦਾ ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਸੀ।ਇਸ ਸਬੰਧ ਵਿੱਚ, ਦੋ ਵੱਖ-ਵੱਖ ਮਾਮਲੇ - ਥਾਣਾ ਛੇਹਰਟਾ ਵਿਖੇ ਐਨਡੀਪੀਐਸ ਐਕਟ ਦੀ ਧਾਰਾ 21 ਅਤੇ 21-ਸੀ ਅਧੀਨ ਐਫਆਈਆਰ ਨੰ. 115 ਮਿਤੀ 26-05-2026 ਨੂੰ ਅਤੇ ਥਾਣਾ ਛਾਉਣੀ ਵਿਖੇ ਅਸਲਾ ਐਕਟ ਦੀ ਧਾਰਾ 25(8) ਅਧੀਨ ਐਫਆਈਆਰ ਨੰ. 93 ਮਿਤੀ 29-05-2026 ਦਰਜ ਹੈ।

# ਪੰਜਾਬ ਦੇ ਸਕੂਲ ਪੰਜ ਫੀਸਦ ਤੋਂ ਵੱਧ ਨਹੀਂ ਵਧਾ ਸਕਣਗੇ ਫੀਸਾਂ: ਮੁੱਖ ਮੰਤਰੀ



**ਚੰਡੀਗੜ੍ਹ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੰਮ੍ਰਿਤਸਰ ਦੀ ਵਿਦਿਆਰਥਣ ਵੱਲੋਂ ਖੁਦਕੁਸ਼ੀ ਕੀਤੇ ਜਾਣ ਦੀ ਘਟਨਾ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਇਸ ਦੇ ਨਾਲ ਹੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਕਿ ਪੰਜਾਬ ਦਾ ਕੋਈ ਵੀ ਸਕੂਲ ਸਾਲ ਵਿੱਚ ਪੰਜ ਫੀਸਦ ਤੋਂ ਵੱਧ ਫੀਸਾਂ ਨਹੀਂ ਵਧਾ ਸਕੇਗਾ । ਇਸ ਗੱਲ ਦਾ ਪ੍ਰਗਟਾਵਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਚੰਡੀਗੜ੍ਹ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਅਜਿਹਾ ਕਾਨੂੰਨ ਤਿਆਰ ਕੀਤਾ ਜਾਵੇਗਾ। ਜਿਸ ਵਿੱਚ ਪਿਛਲੇ ਤਿੰਨ ਸਾਲਾਂ ਦੌਰਾਨ 15 ਫੀਸਦ ਤੋਂ ਵੱਧ ਫੀਸ ਵਸੂਲਣ ਵਾਲੇ ਸਕੂਲ ਪ੍ਰਬੰਧਕਾਂ ਤੋਂ ਵਿਦਿਆਰਥੀਆਂ ਦੀ ਫੀਸ ਵੀ ਵਾਪਸ ਕਰਵਾਈ ਜਾਵੇਗੀ। ਇਸ ਦੇ ਨਾਲ ਹੀ ਉਹਨਾਂ ਕਿਹਾ ਕਿ ਸੂਬੇ ਵਿੱਚ ਇੱਕ ਸਾਲ ਦੌਰਾਨ 5 ਫੀਸਦ ਤੋਂ ਵੱਧ ਫੀਸ ਵਧਾਉਣ ਵਾਲੇ ਸਕੂਲ ਪ੍ਰਬੰਧਕਾਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅੰਮ੍ਰਿਤਸਰ ਦੀ ਵਿਦਿਆਰਥਣ ਨੂੰ ਖੁਦਕੁਸ਼ੀ ਲਈ ਮਜਬੂਰ ਕਰਨ ਵਾਲੇ ਸਕੂਲ ਪ੍ਰਬੰਧਕਾਂ ਖਿਲਾਫ ਵੀ ਕੇਸ ਦਰਜ ਕਰਕੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਕੀਰਤਪੁਰ-ਮਨਾਲੀ ਨੈਸ਼ਨਲ ਹਾਈਵੇ 'ਤੇ ਨਿਹੰਗ ਜਥੇਬੰਦੀਆਂ ਵੱਲੋਂ 'ਖਾਲਸਾ ਟੈਕਸ' ਮੁਹਿੰਮ ਸ਼ੁਰੂ



**ਕੀਰਤਪੁਰ ਸਾਹਿਬ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਹਿਮਾਚਲ ਪ੍ਰਦੇਸ਼ ਸਰਕਾਰ ਵੱਲੋਂ ਸਰਹੱਦੀ ਇਲਾਕਿਆਂ ਵਿੱਚ ਲਗਾਏ ਗਏ ਐਂਟਰੀ ਟੈਕਸਾਂ ਦੇ ਵਿਰੋਧ ਵਿੱਚ ਨਿਹੰਗ ਸਿੰਘ ਜਥੇਬੰਦੀਆਂ ਨੇ ਅੱਜ ਕੀਰਤਪੁਰ-ਮਨਾਲੀ ਨੈਸ਼ਨਲ ਹਾਈਵੇ 'ਤੇ 'ਖਾਲਸਾ ਟੈਕਸ' ਮੁਹਿੰਮ ਸ਼ੁਰੂ ਕਰ ਦਿੱਤੀ ਹੈ। ਗਰਾਂ ਮੋੜਾ ਟੋਲ ਪਲਾਜ਼ਾ ਨੇੜੇ ਬਾਬਾ ਅੱਛਰ ਸਿੰਘ ਮਹਾਕਾਲ ਦੀ ਅਗਵਾਈ ਹੇਠ ਇਹ ਪ੍ਰਤੀਕਾਤਮਕ ਕਾਰਵਾਈ ਕੀਤੀ ਗਈ।

ਯਾਦ ਰਹੇ ਕਿ 1 ਜੂਨ ਨੂੰ ਕਿਸਾਨ ਜਥੇਬੰਦੀਆਂ, ਟੈਕਸੀ ਯੂਨੀਅਨਾਂ, ਸਰਹੱਦੀ ਇਲਾਕਿਆਂ ਦੇ ਵਸਨੀਕਾਂ ਅਤੇ ਨਿਹੰਗ ਜਥੇਬੰਦੀਆਂ ਵੱਲੋਂ ਹਿਮਾਚਲ ਦੇ ਐਂਟਰੀ ਟੈਕਸਾਂ ਦੇ ਵਿਰੋਧ ਵਿੱਚ ਚਾਰ ਘੰਟਿਆਂ ਲਈ ਆਵਾਜਾਈ ਰੋਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ ਸੀ। ਉਸ ਮੌਕੇ ਨਿਹੰਗ ਸਿੰਘਾਂ ਨੇ ਐਲਾਨ ਕੀਤਾ ਸੀ ਕਿ ਜੇ ਹਿਮਾਚਲ ਸਰਕਾਰ ਇਹ ਟੈਕਸ ਵਾਪਸ ਨਹੀਂ ਲੈਂਦੀ ਤਾਂ ਹਿਮਾਚਲ ਤੋਂ ਪੰਜਾਬ ਆਉਣ ਵਾਲੇ ਵਾਹਨਾਂ ਲਈ 'ਖਾਲਸਾ ਟੈਕਸ' ਦੀਆਂ ਪਰਚੀਆਂ ਕੱਟੀਆਂ ਜਾਣਗੀਆਂ।

ਅੱਜ ਇਸ ਐਲਾਨ ਨੂੰ ਅਮਲੀ ਰੂਪ ਦਿੰਦਿਆਂ ਨਿਹੰਗ ਜਥੇਬੰਦੀਆਂ ਵੱਲੋਂ ਹਿਮਾਚਲ ਤੋਂ ਆਉਣ ਵਾਲੇ ਵਾਹਨਾਂ ਲਈ ਪਰਚੀਆਂ ਜਾਰੀ ਕੀਤੀਆਂ ਗਈਆਂ। ਹਾਲਾਂਕਿ ਕੋਈ ਨਿਸ਼ਚਿਤ ਰਕਮ ਤੈਅ ਨਹੀਂ ਕੀਤੀ ਗਈ ਸੀ ਅਤੇ ਵਾਹਨ ਚਾਲਕਾਂ ਦੀ ਇੱਛਾ ਅਨੁਸਾਰ 10, 20, 50 ਜਾਂ 100 ਰੁਪਏ ਦਾ ਯੋਗਦਾਨ ਲਿਆ ਗਿਆ। ਜਥੇਬੰਦੀਆਂ ਦਾ ਕਹਿਣਾ ਹੈ ਕਿ ਇਕੱਠੀ ਕੀਤੀ ਰਕਮ ਸਰਬੱਤ ਦੇ ਭਲੇ ਅਤੇ ਲੋੜਵੰਦਾਂ ਦੀ ਸਹਾਇਤਾ ਲਈ ਵਰਤੀ ਜਾਵੇਗੀ।
ਇਸ ਦੌਰਾਨ ਥਾਣਾ ਮੁਖੀ ਰਾਹੁਲ ਸ਼ਰਮਾ ਦੀ ਅਗਵਾਈ ਹੇਠ ਭਾਰੀ ਪੁਲੀਸ ਫੋਰਸ ਮੌਕੇ 'ਤੇ ਤੈਨਾਤ ਰਹੀ।

# ਕੁਵੈਤ ਹਵਾਈ ਅੱਡੇ 'ਤੇ ਹੋਏ ਹਮਲੇ ਵਿੱਚ ਭਾਰਤੀ ਨਾਗਰਿਕ ਦੀ ਮੌਤ

**ਦੁਬਈ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਅਧਿਕਾਰੀਆਂ ਨੇ ਬੁੱਧਵਾਰ ਨੂੰ ਦੱਸਿਆ ਕਿ ਕੁਵੈਤ ਕੌਮਾਂਤਰੀ ਹਵਾਈ ਅੱਡੇ ਨੂੰ ਨਿਸ਼ਾਨਾ ਬਣਾ ਕੇ ਕੀਤੇ ਗਏ ਇੱਕ ਹਮਲੇ ਵਿੱਚ ਇੱਕ ਭਾਰਤੀ ਨਾਗਰਿਕ ਦੀ ਮੌਤ ਹੋ ਗਈ ਹੈ।

ਕੁਵੈਤ ਵਿੱਚ ਮੌਜੂਦ ਭਾਰਤੀ ਦੂਤਾਵਾਸ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' (✓) 'ਤੇ ਇੱਕ ਪੋਸਟ ਪਾਈ ਹੈ। ਇਸ ਪੋਸਟ ਰਾਹੀਂ ਉਨ੍ਹਾਂ ਨੇ ਅੱਜ ਕੁਵੈਤ ਦੇ ਹਵਾਈ ਅੱਡੇ 'ਤੇ ਹੋਏ ਹਮਲੇ ਵਿੱਚ ਇੱਕ ਭਾਰਤੀ ਨਾਗਰਿਕ ਦੀ ਹੋਈ ਦੁਖਦਾਈ ਮੌਤ 'ਤੇ ਡੂੰਘੇ ਦੁੱਖ ਅਤੇ ਅਫ਼ਸੋਸ ਦਾ ਪ੍ਰਗਟਾਵਾ ਕੀਤਾ ਹੈ। ਭਾਰਤੀ ਦੂਤਾਵਾਸ ਨੇ ਇਹ ਵੀ ਦੱਸਿਆ ਕਿ ਉਹ ਪੀੜਤ ਪਰਿਵਾਰ ਦੇ ਨਾਲ-ਨਾਲ ਇਸ ਹਮਲੇ ਵਿੱਚ ਜ਼ਖਮੀ ਹੋਏ ਲੋਕਾਂ ਨੂੰ ਹਰ ਤਰ੍ਹਾਂ ਦੀ ਸੰਭਵ ਮਦਦ ਅਤੇ ਸਹਾਇਤਾ ਦੇਣ ਲਈ ਕੁਵੈਤ ਦੇ ਅਧਿਕਾਰੀਆਂ ਨਾਲ ਲਗਾਤਾਰ ਰਾਬਤਾ ਬਣਾ ਕੇ ਕੰਮ ਕਰ ਰਿਹਾ ਹੈ।ਕੁਵੈਤ ਦੀ ਸਰਕਾਰੀ ਨਿਊਜ਼ ਏਜੰਸੀ 'ਕੁਨਾ' ਨੇ ਸਿਵਲ ਐਵੀਏਸ਼ਨ ਦੇ ਬੁਲਾਰੇ ਅਬਦੁੱਲਾ ਅਲ-ਰਾਜਹੀ ਦੇ ਹਵਾਲੇ ਨਾਲ ਦੱਸਿਆ ਕਿ ਬੁੱਧਵਾਰ ਨੂੰ ਇਰਾਨ ਵੱਲੋਂ ਕੀਤੇ ਗਏ ਹਮਲਿਆਂ ਨੇ ਹਵਾਈ ਅੱਡੇ ਦੇ 'ਟਰਮੀਨਲ ਵਨ' ਨੂੰ ਨਿਸ਼ਾਨਾ ਬਣਾਇਆ। ਇਸ ਹਮਲੇ ਵਿੱਚ ਕਈ ਲੋਕ ਜਾਨੀ-ਮਾਲੀ ਤੌਰ 'ਤੇ ਜ਼ਖਮੀ ਜਾਂ ਹਲਾਕ ਹੋਏ ਅਤੇ ਹਵਾਈ ਅੱਡੇ ਦੀ ਇਮਾਰਤ ਤੇ ਸਹੂਲਤਾਂ ਨੂੰ ਵੀ ਭਾਰੀ ਨੁਕਸਾਨ ਪਹੁੰਚਿਆ, ਜਿਸ ਤੋਂ ਬਾਅਦ ਕੁਵੈਤ ਨੇ ਹਵਾਈ ਜਹਾਜ਼ਾਂ ਦੀ ਆਵਾਜਾਈ (ਉਡਾਣਾਂ) ਨੂੰ ਪੂਰੀ ਤਰ੍ਹਾਂ ਰੋਕ ਦਿੱਤਾ।

# 'ਮੁੱਖ ਮੰਤਰੀ ਸਿਹਤ ਯੋਜਨਾ' ਦਾ ਕੀਤਾ ਵਿਸਥਾਰ; ਨਿੱਜੀ ਹਸਪਤਾਲਾਂ ਵਿੱਚ 17 ਹੋਰ ਇਲਾਜਾਂ ਨੂੰ ਮਨਜ਼ੂਰੀ, ਇਕੱਲੇ ਰਹਿਣ ਵਾਲੇ ਵਿਅਕਤੀਆਂ ਨੂੰ ਵੀ ਮਿਲੇਗਾ ਕੈਸ਼ਲੈੱਸ ਇਲਾਜ

## ਇਕੱਲੇ ਰਹਿਣ ਵਾਲੇ ਵਿਅਕਤੀ , ਸੀਨੀਅਰ ਸਿਟੀਜ਼ਨ ਅਤੇ ਵਿਦੇਸ਼ਾਂ ਵਿੱਚ ਰਹਿੰਦੇ ਬੱਚਿਆਂ ਦੇ ਮਾਪੇ ਵੀ ਹੁਣ ਲੈ ਸਕਣਗੇ 'ਮੁੱਖ ਮੰਤਰੀ ਸਿਹਤ ਯੋਜਨਾ' ਦਾ ਲਾਭ : ਡਾ. ਬਲਬੀਰ ਸਿੰਘ

**ਚੰਡੀਗੜ੍ਹ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਲੋਕਾਂ ਤੱਕ ਸਿਹਤ ਸੇਵਾਵਾਂ ਨੂੰ ਹੋਰ ਬਿਹਤਰ ਢੰਗ ਨਾਲ ਪਹੁੰਚਾਉਣ ਅਤੇ ਸਰਕਾਰੀ ਹਸਪਤਾਲਾਂ ਉੱਤੇ ਵਧ ਰਹੇ ਬੋਝ ਨੂੰ ਘਟਾਉਣ ਦੀ ਦਿਸ਼ਾ ਵਿੱਚ ਵੱਡਾ ਕਦਮ ਚੁੱਕਦਿਆਂ ਭਗਵੰਤ ਮਾਨ ਸਰਕਾਰ ਨੇ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ 17 ਹੋਰ ਮੈਡੀਕਲ ਪ੍ਰਕਿਰਿਆਵਾਂ ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਸ ਦੇ ਨਾਲ ਹੀ ਯੋਜਨਾ ਦਾ ਦਾਇਰਾ ਵਧਾ ਕੇ ਇਕੱਲੇ ਰਹਿਣ ਵਾਲੇ ਵਿਅਕਤੀਆਂ ਨੂੰ ਵੀ ਇਸ ਵਿੱਚ ਸ਼ਾਮਲ ਕੀਤਾ ਗਿਆ ਹੈ। ਇਹ ਫ਼ੈਸਲਾ ਰਾਜ ਦੀ ਸਿਹਤ ਬੀਮਾ ਯੋਜਨਾ ਦੇ ਵਿਸਥਾਰ ਵੱਲ ਇੱਕ ਮਹੱਤਵਪੂਰਨ ਕਦਮ ਮੰਨਿਆ ਜਾ ਰਿਹਾ ਹੈ।

ਪੰਜਾਬ ਦੇ ਅਣਗਿਣਤ ਪਰਿਵਾਰਾਂ ਲਈ ਹਸਪਤਾਲ ਜਾਣਾ ਅਕਸਰ ਲੰਬੀਆਂ ਕਤਾਰਾਂ, ਭੀੜ-ਭੜੱਕੇ ਵਾਲੇ ਵਾਰਡਾਂ ਅਤੇ ਇਲਾਜ ਲਈ ਲੰਬੀ ਉਡੀਕ ਕਰਨਾ ਮੰਨਿਆ ਜਾਂਦਾ ਹੈ। ਇਸ ਬੋਝ ਨੂੰ ਘਟਾਉਣ ਦੇ ਉਦੇਸ਼ ਨਾਲ ਰਾਜ ਸਰਕਾਰ ਨੇ ਸਿਹਤ ਸੇਵਾਵਾਂ ਤੱਕ ਪਹੁੰਚ ਨੂੰ ਹੋਰ ਵਸੀਹ ਬਣਾਉਂਦਿਆਂ ਉਨ੍ਹਾਂ 17 ਮੈਡੀਕਲ ਪ੍ਰਕਿਰਿਆਵਾਂ ਨੂੰ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ ਕਰਵਾਉਣ ਦੀ ਪ੍ਰਵਾਨਗੀ ਦੇ ਦਿੱਤੀ ਹੈ, ਜੋ ਪਹਿਲਾਂ ਸਿਰਫ਼ ਸਰਕਾਰੀ ਹਸਪਤਾਲਾਂ ਤੱਕ ਸੀਮਤ ਸਨ।

ਇਸ ਫ਼ੈਸਲੇ ਨਾਲ ਕੇਵਲ ਸਰਕਾਰੀ ਹਸਪਤਾਲਾਂ ਲਈ ਰਾਖਵੀਆਂ ਪ੍ਰਕਿਰਿਆਵਾਂ ਦੀ ਸੂਚੀ ਹੋਰ ਛੋਟੀ ਹੋ ਗਈ ਹੈ ਅਤੇ ਹੁਣ ਲਾਭਪਾਤਰੀਆਂ ਨੂੰ ਕਾਫ਼ੀ ਵੱਡੇ ਸਿਹਤ ਸੇਵਾ ਨੈੱਟਵਰਕ ਤੋਂ ਇਲਾਜ ਕਰਵਾਉਣ ਦਾ ਮੌਕਾ ਮਿਲੇਗਾ। ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਇਸ ਨਾਲ ਖ਼ਾਸ ਕਰਕੇ ਉਨ੍ਹਾਂ ਜ਼ਿਲ੍ਹਿਆਂ ਵਿੱਚ ਸਿਹਤ ਸੇਵਾਵਾਂ ਦੀ ਉਪਲੱਬਧਤਾ ਵਿੱਚ ਸੁਧਾਰ ਹੋਵੇਗਾ, ਜਿੱਥੇ ਮਾਹਿਰ ਡਾਕਟਰੀ ਸੇਵਾਵਾਂ ਸੀਮਤ ਹਨ ਜਾਂ ਸਰਕਾਰੀ ਹਸਪਤਾਲਾਂ ਉੱਤੇ ਜ਼ਿਆਦਾ ਮਰੀਜ਼ਾਂ ਦੀ ਨਿਰਭਰਤਾ ਹੈ । ਉਨ੍ਹਾਂ ਕਿਹਾ, ਇਸ ਨਾਲ ਵੱਡੇ ਸਰਕਾਰੀ ਹਸਪਤਾਲਾਂ ਉੱਤੇ ਦਬਾਅ ਘਟੇਗਾ, ਉਡੀਕ ਸਮਾਂ ਘਟੇਗਾ ਅਤੇ ਮਰੀਜ਼ਾਂ ਨੂੰ ਸਮੇਂ ਸਿਰ ਇਲਾਜ ਮਿਲ ਸਕੇਗਾ।

ਨਵੀਆਂ ਮਨਜ਼ੂਰਸ਼ੁਦਾ ਪ੍ਰਕਿਰਿਆਵਾਂ ਵੱਖ-ਵੱਖ ਮੈਡੀਕਲ ਵਿਸ਼ੇਸ਼ਤਾਵਾਂ ਨਾਲ ਸਬੰਧਤ ਹਨ, ਜਿਸ ਨਾਲ ਲੋਕਾਂ ਨੂੰ ਭੀੜ-ਭੜੱਕੇ ਵਾਲੇ ਵੱਡੇ ਹਸਪਤਾਲਾਂ ਵਿੱਚ ਖੱਜਲ -ਖੁਆਰ ਹੋਣ ਦੀ ਬਜਾਏ ਆਪਣੇ ਘਰ ਦੇ ਨੇੜੇ ਹੀ ਇਲਾਜ ਮਿਲ ਸਕੇਗਾ।

ਕੰਨ, ਨੱਕ ਅਤੇ ਗਲਾ (ਈਐਨਟੀ) ਇਲਾਜ ਦੇ ਤਹਿਤ ਹੁਣ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ ਨੱਕ ਦੀ ਹੱਡੀ ਦੇ ਫ੍ਰੈਕਚਰ ਦੀ ਸੈਟਿੰਗ ਅਤੇ ਐਡੀਨੋਇਡੈਕਟੋਮੀ ਵਰਗੇ ਅਪ੍ਰੇਸ਼ਨ ਕਰਵਾਏ ਜਾ ਸਕਣਗੇ । ਇਹ ਆਮ ਅਪ੍ਰੇਸ਼ਨ ਹਨ ਜਿਨ੍ਹਾਂ ਵਿੱਚ ਖ਼ਾਸ ਤੌਰ 'ਤੇ ਬੱਚਿਆਂ ਅਤੇ ਹਾਦਸਿਆਂ ਦੇ ਪੀੜਤਾਂ ਲਈ ਸਮੇਂ ਸਿਰ ਇਲਾਜ ਜ਼ਰੂਰੀ ਹੁੰਦਾ ਹੈ।

ਜਨਰਲ ਸਰਜਰੀ ਦੇ ਖੇਤਰ ਵਿੱਚ ਸਭ ਤੋਂ ਵੱਡਾ ਵਿਸਥਾਰ ਕੀਤਾ ਗਿਆ ਹੈ। ਹਾਈਡ੍ਰੋਸੀਲ ਆਪਰੇਸ਼ਨ, ਫੋੜੇ ਦਾ ਇਲਾਜ, ਐਪੈਂਡਿਕਸ ਸਰਜਰੀ ਅਤੇ ਓਪਨ ਅਤੇ ਲੈਪ੍ਰੋਸਕੋਪਿਕ ਦੋਵੇਂ ਤਰ੍ਹਾਂ ਦੀ ਗਾਲ ਬਲੈਡਰ ਸਰਜਰੀਆਂ ਹੁਣ ਯੋਜਨਾ ਤਹਿਤ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ ਉਪਲੱਬਧ ਹੋਣਗੀਆਂ। ਇਸ ਨਾਲ ਮਰੀਜ਼ਾਂ ਦੀ ਉਡੀਕ ਘਟੇਗੀ ਅਤੇ ਘਰ ਦੇ ਨੇੜੇ ਇਲਾਜ ਦਾ ਲਾਭ ਮਿਲੇਗਾ।

ਮਹਿਲਾ ਸਿਹਤ ਸੇਵਾਵਾਂ ਨੂੰ ਵੀ ਵਿਸ਼ੇਸ਼ ਤਰਜੀਹ ਦਿੱਤੀ ਗਈ ਹੈ। ਵਿਸਥਾਰਿਤ ਸੂਚੀ ਵਿੱਚ 12 ਹਫ਼ਤਿਆਂ ਤੋਂ ਵੱਧ ਸਮੇਂ ਦੀ ਗਰਭ ਪਾਤ ਸਬੰਧੀ ਪ੍ਰਕਿਰਿਆ, ਹਿਸਟੈਰੋਟੋਮੀ, ਗਰਭ ਅਵਸਥਾ ਨਾਲ ਜੁੜੀਆਂ ਸਮੱਸਿਆਵਾਂ ਲਈ ਹਸਪਤਾਲ ਵਿੱਚ ਦਾਖ਼ਲਾ ਅਤੇ ਨਾਬਾਲਗ ਲੜਕੀਆਂ, ਅਣਵਿਆਹੀਆਂ ਯੌਨ ਤੌਰ 'ਤੇ ਨਿਸ਼ਕ੍ਰਿਆ ਮਹਿਲਾਵਾਂ ਅਤੇ ਯੌਨ ਸ਼ੋਸ਼ਣ ਦੀਆਂ ਪੀੜਤਾਵਾਂ ਦੀ ਐਨੇਸਥੀਸੀਆ ਅਧੀਨ ਜਾਂਚ ਨੂੰ ਸ਼ਾਮਲ ਕੀਤਾ ਗਿਆ ਹੈ।

ਇਨ੍ਹਾਂ ਸੇਵਾਵਾਂ ਦੇ ਸ਼ਾਮਲ ਹੋਣ ਨਾਲ ਲੋੜਵੰਦ ਅਤੇ ਕਮਜ਼ੋਰ ਵਰਗਾਂ ਨੂੰ ਹੋਰ ਆਸਾਨੀ ਨਾਲ ਤੇ ਸਮੇਂ-ਸਿਰ ਇਲਾਜ ਮਿਲ ਸਕੇਗਾ। ਇਸੇ ਤਰ੍ਹਾਂ ਨੇਤਰ ਰੋਗ ਅਤੇ ਆਰਥੋਪੀਡਿਕ ਸੇਵਾਵਾਂ ਨੂੰ ਵੀ ਮਜ਼ਬੂਤ ਕੀਤਾ ਗਿਆ ਹੈ। ਹੁਣ ਪਟੈਰਿਜੀਅਮ ਐਕਸੀਜ਼ਨ ਅਤੇ ਐਂਟਰੋਪੀਅਨ ਕਰੈਕਸ਼ਨ ਵਰਗੀਆਂ ਅੱਖਾਂ ਨਾਲ ਸਬੰਧਤ ਪ੍ਰਕਿਰਿਆਵਾਂ ਵੀ ਨਿੱਜੀ ਹਸਪਤਾਲਾਂ ਵਿੱਚ ਕਰਵਾਈਆਂ ਜਾ ਸਕਣਗੀਆਂ। ਉੱਥੇ ਹੀ ਆਰਥੋਪੀਡਿਕ ਮਰੀਜ਼ਾਂ ਨੂੰ ਟੈਂਡਨ ਰਿਲੀਜ਼, ਛੋਟੇ ਜੋੜਾਂ ਦੀਆਂ ਸੱਟਾਂ ਦੇ ਇਲਾਜ ਅਤੇ ਗਿੱਟੇ ਦੇ ਫ੍ਰੈਕਚਰ ਦੇ ਆਪਰੇਸ਼ਨਾਂ ਵਰਗੀਆਂ ਸਰਜਰੀਆਂ ਦਾ ਲਾਭ ਮਿਲੇਗਾ। ਇਨ੍ਹਾਂ ਨਵੀਆਂ ਪ੍ਰਕਿਰਿਆਵਾਂ ਦੇ ਪੈਕੇਜ ਰੇਟ 2,000 ਰੁਪਏ ਤੋਂ ?27,800 ਰੁਪਏ ਤੱਕ ਨਿਰਧਾਰਤ ਕੀਤੇ ਗਏ ਹਨ।

ਇਸ ਐਲਾਨ ਦੇ ਨਾਲ ਯੋਜਨਾ ਦੇ ਦਾਇਰੇ ਦਾ ਇੱਕ ਹੋਰ ਮਹੱਤਵਪੂਰਨ ਵਿਸਥਾਰ ਕੀਤਾ ਗਿਆ ਹੈ। ਹੁਣ ਇਕੱਲੇ ਰਹਿਣ ਵਾਲੇ ਵਿਅਕਤੀ , ਜਿਨ੍ਹਾਂ ਵਿੱਚ ਸੀਨੀਅਰ ਸਿਟੀਜ਼ਨ, ਵਿਧਵਾਵਾਂ ਅਤੇ ਸੁਤੰਤਰ ਤੌਰ 'ਤੇ ਰਹਿਣ ਵਾਲੇ ਹੋਰ ਵਿਅਕਤੀ ਸ਼ਾਮਲ ਹਨ, ਵੀ ਇਸ ਯੋਜਨਾ ਦਾ ਲਾਭ ਲੈ ਸਕਣਗੇ।

ਸਭ ਲਈ ਉਪਲੱਬਧ ਇਹ ਸਿਹਤ ਬੀਮਾ ਪ੍ਰੋਗਰਾਮ ਪਹਿਲਾਂ ਕੇਵਲ ਦੋ ਜਾਂ ਇਸ ਤੋਂ ਵੱਧ ਮੈਂਬਰਾਂ ਵਾਲੇ ਪਰਿਵਾਰਾਂ ਤੱਕ ਸੀਮਤ ਸੀ। ਹੁਣ ਇਸ ਦਾ ਲਾਭ ਉਨ੍ਹਾਂ ਮਾਪਿਆਂ ਨੂੰ ਵੀ ਮਿਲੇਗਾ ਜਿਨ੍ਹਾਂ ਦੇ ਬੱਚੇ ਵਿਦੇਸ਼ਾਂ ਵਿੱਚ ਵੱਸਦੇ ਹਨ। ਅਰਜ਼ੀ ਦੇਣ ਲਈ ਪੰਜਾਬ ਦਾ ਆਧਾਰ ਕਾਰਡ ਅਤੇ ਵੋਟਰ ਪਛਾਣ ਪੱਤਰ ਪੇਸ਼ ਕਰਨਾ ਲਾਜ਼ਮੀ ਹੋਵੇਗਾ, ਜਦਕਿ 18 ਸਾਲ ਤੋਂ ਘੱਟ ਉਮਰ ਦੇ ਬਿਨੈਕਾਰਾਂ ਨੂੰ ਜਨਮ ਸਰਟੀਫਿਕੇਟ ਦੇਣਾ ਹੋਵੇਗਾ। ਇਕੱਲੇ ਰਹਿਣ ਵਾਲੇ ਵਿਅਕਤੀਆਂ ਨੂੰ ਨਾਮਾਂਕਨ ਲਈ ਇੱਕ ਘੋਸ਼ਣਾ ਪੱਤਰ ਜਮ੍ਹਾਂ ਕਰਵਾਉਣਾ ਹੋਵੇਗਾ, ਜਿਸ ਦੀ ਤਸਦੀਕ ਸਥਾਨਕ ਚੁਣੇ ਹੋਏ ਨੁਮਾਇੰਦਿਆਂ ਵੱਲੋਂ ਕੀਤੀ ਜਾਵੇਗੀ।

ਰਾਜ ਸਿਹਤ ਏਜੰਸੀ ਦੀ ਰਿਪੋਰਟ ਅਨੁਸਾਰ, ਮੌਜੂਦਾ ਸਮੇਂ ਵਿੱਚ ਲਗਭਗ 65 ਲੱਖ ਪਰਿਵਾਰ ਇਸ ਯੋਜਨਾ ਤਹਿਤ ਕਵਰ ਕੀਤੇ ਜਾ ਚੁੱਕੇ ਹਨ।

# ਮੁਹਾਲੀ, ਡੇਰਾਬੱਸੀ ਅਤੇ ਖਰੜ ਦੀਆਂ ਅਦਾਲਤਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ

**ਮੋਹਾਲੀ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁਹਾਲੀ, ਡੇਰਾਬੱਸੀ ਅਤੇ ਖਰੜ ਦੀਆਂ ਅਦਾਲਤਾਂ ਨੂੰ ਈ-ਮੇਲ ਰਾਹੀਂ ਬੰਬ ਨਾਲ ਉਡਾਉਣ ਦੀ ਮਿਲੀ ਧਮਕੀ ਤੋਂ ਬਾਅਦ ਪੂਰੇ ਜ਼ਿਲ੍ਹੇ ਵਿੱਚ ਹੜਕੰਪ ਮਚ ਗਿਆ ਹੈ। ਇਹ ਧਮਕੀ ਭਰਪੂਰ ਈ-ਮੇਲ ਲੰਘੀ 1 ਜੂਨ ਨੂੰ ਪ੍ਰਾਪਤ ਹੋਈ ਸੀ, ਜਿਸ ਤੋਂ ਬਾਅਦ ਸੁਰੱਖਿਆ ਨੂੰ ਮੁੱਖ ਰੱਖਦਿਆਂ ਅਦਾਲਤੀ ਕੰਪਲੈਕਸਾਂ ਵਿੱਚ 4 ਜੂਨ ਤੋਂ 5 ਜੂਨ ਤੱਕ ਆਮ ਲੋਕਾਂ ਦੀ ਐਂਟਰੀ 'ਤੇ ਸਖ਼ਤ ਪਾਬੰਦੀਆਂ ਲਗਾ ਦਿੱਤੀਆਂ ਗਈਆਂ ਹਨ। ਹੁਣ ਅਦਾਲਤਾਂ ਦੇ ਅੰਦਰ ਸਿਰਫ਼ ਮੁਲਜ਼ਮਾਂ, ਲਿਟੀਗੈਂਟਸ ਅਤੇ ਸਰਕਾਰੀ ਸਟਾਫ਼ ਨੂੰ ਹੀ ਜਾਣ ਦੀ ਇਜਾਜ਼ਤ ਹੋਵੇਗੀ।

ਅੱਜ ਸਵੇਰੇ ਮੁਹਾਲੀ ਅਦਾਲਤ ਵਿੱਚ ਸੁਰੱਖਿਆ ਕਾਰਨਾਂ ਕਰਕੇ ਐਂਟਰੀ ਪੂਰੀ ਤਰ੍ਹਾਂ ਬੰਦ ਕਰ ਦਿੱਤੀ ਗਈ ਸੀ। ਬੰਬ ਨਿਰੋਧਕ ਦਸਤੇ ਅਤੇ ਐਂਟੀ-ਸਬੋਤਾਜ ਟੀਮ ਵੱਲੋਂ ਸਵੇਰ ਤੋਂ ਹੀ ਪੂਰੇ ਕੋਰਟ ਕੰਪਲੈਕਸ ਨੂੰ ਬਾਰੀਕੀ ਨਾਲ ਸਕੈਨ ਅਤੇ ਸੈਨੀਟਾਈਜ਼ ਕੀਤਾ ਗਿਆ। ਪੁਲੀਸ ਪ੍ਰਸ਼ਾਸਨ ਵੱਲੋਂ ਪੂਰੀ ਇਮਾਰਤ ਨੂੰ ਸੁਰੱਖਿਅਤ ਐਲਾਨਣ ਤੋਂ ਬਾਅਦ ਦੁਪਹਿਰ 12 ਵਜੇ ਤੋਂ ਬਾਅਦ ਹੀ ਅਦਾਲਤਾਂ ਦਾ ਸਰਕਾਰੀ ਕੰਮਕਾਜ ਮੁੜ ਸ਼ੁਰੂ ਹੋ ਸਕਿਆ। ਸੁਰੱਖਿਆ ਦੇ ਮੱਦੇਨਜ਼ਰ ਨਿਆਂਇਕ ਅਧਿਕਾਰੀਆਂ (ਜੱਜਾਂ) ਨੇ ਆਪਣੇ ਪੀ.ਐੱਸ.ਓ. ਅਤੇ ਨਾਇਬ ਕੋਰਟਾਂ ਨੂੰ ਕਿਸੇ ਵੀ ਸ਼ੱਕੀ ਵਸਤੂ ਜਾਂ ਹਰਕਤ 'ਤੇ ਤਿੱਖੀ ਨਜ਼ਰ ਰੱਖਣ ਅਤੇ ਵਧੇਰੇ ਚੌਕਸ ਰਹਿਣ ਦੇ ਨਿਰਦੇਸ਼ ਦਿੱਤੇ ਹਨ। ਜ਼ਿਕਰਯੋਗ ਹੈ ਕਿ ਮੁਹਾਲੀ ਜ਼ਿਲ੍ਹੇ ਦੀਆਂ ਅਦਾਲਤਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲਣ ਦੀ ਇਹ ਤੀਜੀ ਘਟਨਾ ਹੈ, ਜਿਸ ਕਾਰਨ ਨਿਆਂਇਕ ਕੰਮਕਾਜ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ। ਇਸ ਤੋਂ ਪਹਿਲਾਂ ਵੀ ਅਜਿਹੀਆਂ ਧਮਕੀਆਂ ਦੇ ਮਾਮਲੇ ਵਿੱਚ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਐੱਫ.ਆਈ.ਆਰ. ਦਰਜ ਕੀਤੀ ਗਈ ਸੀ, ਪਰ ਬਾਰ-ਬਾਰ ਅਜਿਹੀਆਂ ਘਟਨਾਵਾਂ ਦਾ ਸਾਹਮਣੇ ਆਉਣਾ ਅਤੇ ਸਰਕਾਰ ਵੱਲੋਂ ਕੋਈ ਪੁਖ਼ਤਾ ਹੱਲ ਨਾ ਲੱਭਿਆ ਜਾਣਾ ਸੁਰੱਖਿਆ ਪ੍ਰਬੰਧਾਂ 'ਤੇ ਵੱਡੇ ਸਵਾਲ ਖੜ੍ਹੇ ਕਰਦਾ ਹੈ।

# ਮਾਲੇਰਕੋਟਲਾ ਪੁਲਿਸ ਵਪਾਰੀਆਂ ਦੇ ਬਰੂਹਾਂ 'ਤੇ; ਸੁਰੱਖਿਅਤ ਅਤੇ ਭਰੋਸੇਮੰਦ ਮਾਹੌਲ ਲਈ ਵਚਨਬੱਧ

**ਮਾਲੇਰਕੋਟਲਾ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਲੇਰਕੋਟਲਾ ਪੁਲਿਸ ਵੱਲੋਂ ਵਪਾਰੀਆਂ ਅਤੇ ਆਮ ਲੋਕਾਂ ਦੀ ਸੁਰੱਖਿਆ ਨੂੰ ਹੋਰ ਮਜ਼ਬੂਤ ਬਣਾਉਣ ਦੇ ਮਕਸਦ ਨਾਲ ਸ਼ਹਿਰ ਮਾਲੇਰਕੋਟਲਾ ਦੀ ਟਰੇਡਿੰਗ ਯੂਨੀਅਨ ਅਤੇ ਇਲੈਕਟ੍ਰਾਨਿਕ ਐਸੋਸੀਏਸ਼ਨ ਦੇ ਨੁਮਾਇੰਦਿਆਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਐੱਸ.ਐੱਸ.ਪੀ. ਮਾਲੇਰਕੋਟਲਾ ਗੁਰਮੀਤ ਸਿੰਘ ਨੇ ਕੀਤੀ, ਜਿਸ ਦੌਰਾਨ ਵਪਾਰੀਆਂ ਵੱਲੋਂ ਦਰਪੇਸ਼ ਸਮੱਸਿਆਵਾਂ, ਸੁਝਾਵਾਂ ਅਤੇ ਸੁਰੱਖਿਆ ਨਾਲ ਜੁੜੇ ਮੁੱਦਿਆਂ 'ਤੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਚੇਅਰਪਰਸਨ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਮਾਲੇਰਕੋਟਲਾ ਆਜਮ ਦਾਰਾ, ਚੇਅਰਪਰਸਨ ਵਿਧਾਨ ਸਭਾ ਹਲਕਾ ਮਾਲੇਰਕੋਟਲਾ ਇਮਤਿਆਜ ਅਲੀ, ਮੈਂਬਰ ਮੁਹੰਮਦ ਖਾਲਿਦ, ਯਾਸੀਨ ਜੋਸ਼, ਮੁਹੰਮਦ ਸ਼ਹਬਾਜ਼ ਮੁਹੰਮਦ ਜ਼ਾਹਿਦ, ਹੈਰਿਸ ਪਾਸੀ, ਮੁਹੰਮਦ ਸਾਦਿਕ, ਮੁਹੰਮਦ ਸੁਭਾਨ, ਡੀ.ਐਸ.ਪੀ. ਸੁਮੀਤ ਸੂਦ, ਐਸ.ਐਚ.ਓ ਸਿਟੀ-1 ਦਲਜੀਤ ਸਿੰਘ ਗਿੱਲ, ਹੈਪੀ ਗਰਗ, ਮਜੀਦ, ਸੁਰਿੰਦਰ ਸਿੰਘ, ਅਮਰੀਕ ਸਿੰਘ, ਚਤਰ ਸਿੰਘ, ਮਨਪ੍ਰੀਤ ਸਿੰਘ ਪਰੂਥੀ, ਅਰੁਣ ਕੁਮਾਰ, ਵਿਜੇ ਕੁਮਾਰ ਵੀ ਮੌਜੂਦ ਸਨ ।

ਇਸ ਮੌਕੇ ਐੱਸ.ਐੱਸ.ਪੀ. ਗੁਰਮੀਤ ਸਿੰਘ ਨੇ ਕਿਹਾ ਕਿ ਮਾਲੇਰਕੋਟਲਾ ਪੁਲਿਸ ਹਰ ਵਰਗ ਦੀ ਸਾਥੀ ਹੈ ਅਤੇ ਵਪਾਰੀਆਂ ਦੀ ਸੁਰੱਖਿਆ ਅਤੇ ਸੁਖਾਵੇਂ ਕਾਰੋਬਾਰੀ ਮਾਹੌਲ ਨੂੰ ਯਕੀਨੀ ਬਣਾਉਣਾ ਪੁਲਿਸ ਦੀ ਪ੍ਰਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਪੁਲਿਸ ਪ੍ਰਸ਼ਾਸਨ ਵਪਾਰੀਆਂ ਦੇ ਬਰੂਹਾਂ ਤੱਕ ਪਹੁੰਚ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣ ਰਿਹਾ ਹੈ ਤਾਂ ਜੋ ਜ਼ਮੀਨੀ ਪੱਧਰ 'ਤੇ ਤੁਰੰਤ ਹੱਲ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਵਪਾਰੀਆਂ ਵੱਲੋਂ ਉਠਾਏ ਗਏ ਮੁੱਦਿਆਂ 'ਤੇ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਵੀ ਜਾਰੀ ਕੀਤੇ।

ਐੱਸ.ਐੱਸ.ਪੀ. ਨੇ ਕਿਹਾ ਕਿ ਬਾਜ਼ਾਰਾਂ ਅਤੇ ਵਪਾਰਕ ਖੇਤਰਾਂ ਵਿੱਚ ਪੁਲਿਸ ਗਸ਼ਤ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾਵੇਗਾ ਅਤੇ ਕਾਨੂੰਨ-ਵਿਵਸਥਾ ਨੂੰ ਹਰ ਹਾਲ ਵਿੱਚ ਕਾਇਮ ਰੱਖਿਆ ਜਾਵੇਗਾ, ਤਾਂ ਜੋ ਵਪਾਰੀ ਭਾਈਚਾਰਾ ਬਿਨਾਂ ਕਿਸੇ ਡਰ ਜਾਂ ਚਿੰਤਾ ਦੇ ਆਪਣਾ ਕਾਰੋਬਾਰ ਕਰ ਸਕੇ।

ਚੇਅਰਪਰਸਨ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਮਾਲੇਰਕੋਟਲਾ ਆਜਮ ਦਾਰਾ ਨੇ ਮਾਲੇਰਕੋਟਲਾ ਪੁਲਿਸ ਦੀ ਇਸ ਪਹਿਲ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਵਪਾਰੀਆਂ ਅਤੇ ਪੁਲਿਸ ਵਿਚਕਾਰ ਮਜ਼ਬੂਤ ਤਾਲਮੇਲ ਹੀ ਸੁਰੱਖਿਅਤ ਅਤੇ ਵਿਕਾਸਸ਼ੀਲ ਵਪਾਰਕ ਮਾਹੌਲ ਦੀ ਬੁਨਿਆਦ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਅਤੇ ਮਾਲੇਰਕੋਟਲਾ ਪੁਲਿਸ ਵਪਾਰੀ ਭਾਈਚਾਰੇ ਦੀਆਂ ਸਮੱਸਿਆਵਾਂ ਦੇ ਹੱਲ ਲਈ ਪੂਰੀ ਤਰ੍ਹਾਂ ਵਚਨਬੱਧ ਹਨ।

# ਪੰਜਾਬੀ ਲੋਕਧਾਰਾ ਦੇ ਮੁੱਢਲੇ ਵਿਗਿਆਨੀ



## ਡਾ. ਵਣਜਾਰਾ ਬੇਦੀ

ਡਾ. ਵਣਜਾਰਾ ਬੇਦੀ ਦਾ ਜਨਮ ਸੁੰਦਰ ਸਿੰਘ ਦੇ ਘਰ ਧਿਆਨ ਕੋਟ ਵਿਚ ਹੋਇਆ। ਜੋ ਕਲਕੱਤੇ ਵਿਖੇ ਨੌਕਰੀ ਕਰਦੇ ਸਨ। ਉਨ੍ਹਾਂ ਦਾ ਜਨਮ 28 ਨਵੰਬਰ, 1924 ਨੂੰ ਹੋਇਆ ਪਰੰਤੂ ਸਰਟੀਫ਼ਿਕੇਟਾਂ ਅਨੁਸਾਰ ਉਨ੍ਹਾਂ ਦਾ ਜਨਮ 1 ਅਪ੍ਰੈਲ, 1925 ਦਰਜ ਹੈ।

ਉਹ ਆਪ ਲਿਖਦੇ ਹਨ ਕਿ 'ਮੈਨੂੰ ਮਾਣ ਹੈ ਗੁਰੂ ਨਾਨਕ ਦੀ ਕੁਲ ਵਿਚ ਜਨਮ ਲੈਣ ਦਾ, ਜੋ ਨਾ ਤਾਂ ਕਿਸੇ ਵਿਸ਼ਨੂੰ ਤੋਂ ਦੇਵ-ਅੰਸ਼ ਲੋਕ ਧਰਤੀ ਉੱਤੇ ਆਏ ਸਨ ਅਤੇ ਨਾ ਹੀ ਕਿਸੇ ਰਾਜੇ ਦੇ ਘਰ ਜਨਮੇ ਸਨ, ਉਹ ਤਾਂ ਲੋਕਾਂ ਵਿੱਚੋਂ ਸਨ ਤੇ ਉਨ੍ਹਾਂ ਵਿੱਚੋਂ ਹੀ ਉਠਕੇ ਮਨੁੱਖ ਤੋਂ ਗੁਰੂ, ਗੁਰੂ ਤੋਂ ਵਾਹਿਗੁਰੂ, ਭਾਵ ਸ੍ਰਿਸ਼ਟੀ ਦੇ ਸਿਰਜਣਹਾਰ ਤੇ ਬ੍ਰਹਿਮੰਡਾਂ ਦੀ ਮੂਲ ਸ਼ਕਤੀ ਬਣ ਗਏ ਸਨ। ਉਨ੍ਹਾਂ ਨੇ ਦੇਵੀ-ਦੇਵਤਿਆਂ ਨੂੰ ਨਹੀਂ, ਮਨੁੱਖ ਨੂੰ ਵਡਿਆਇਆ ਹੈ।'

ਡਾ. ਵਣਜਾਰਾ ਬੇਦੀ ਹੋਰਾਂ ਦੀ ਬਹੁਤੀ ਜਾਣ-ਪਛਾਣ ਦੀ ਲੋੜ ਨਹੀਂ। ਇਕ ਤਾਂ ਇਸ ਕਰਕੇ ਕਿ ਲੋਕ ਧਾਰਾ ਨਾਲ ਸਬੰਧਿਤ ਹਰ ਵਿਅਕਤੀ ਉਨ੍ਹਾਂ ਬਾਰੇ ਜਾਣ ਦਾ ਹੈ। ਦੂਜਾ ਇਸ ਕਰਕੇ ਵੀ ਕਿ ਉਨ੍ਹਾਂ ਨੇ ਆਪਣੀ ਜੀਵਨੀ ਨਾਲ ਸਬੰਧਿਤ ਚਾਰ ਪੁਸਤਕਾਂ ਸਵੈ-ਜੀਵਨੀ ਦੇ ਰੂਪ ਵਿਚ, ਅੱਧੀ ਮਿੱਟੀ ਅੱਧਾ ਸੋਨਾ (1979), ਮੇਰੇ ਰਾਹਾਂ ਦੇ ਰੰਗ (1982), ਮੇਰਾ ਨਾਨਕਾ ਪਿੰਡ (1984), ਗਲੀਏ ਚਿੱਕੜ ਦੂਰਿ ਘਰੁ (1985) ਛਪਵਾਈਆਂ ਹਨ।

ਇਨ੍ਹਾਂ ਪੁਸਤਕਾਂ ਵਿਚ ਉਨ੍ਹਾਂ ਨੇ ਆਪਣੀ ਜੀਵਨੀ ਨਾਲ ਸਬੰਧਿਤ ਵੇਰਵਿਆਂ ਨੂੰ ਬੜੀ ਬਾਰੀਕੀ ਅਤੇ ਵਿਸ਼ਾਲਤਾ ਨਾਲ ਪੇਸ਼ ਕੀਤਾ ਹੈ। ਫਿਰ ਵੀ ਇਸ ਪੁਸਤਕ ਦੀ ਲੋੜ ਮੁਤਾਬਕ ਅਸੀਂ ਉਨ੍ਹਾਂ ਬਾਰੇ ਸੰਖੇਪ ਜਾਣਕਾਰੀ ਦੇਣਾ ਜ਼ਰੂਰੀ ਸਮਝਦੇ ਹਾਂ। ਭਾਵੇਂ ਇਹ ਜਾਣਕਾਰੀ ਵੀ ਉਨ੍ਹਾਂ ਵੱਲੋਂ ਦਿੱਤੀ ਜਾਣਕਾਰੀ ਉੱਪਰ ਹੀ ਆਧਾਰਤ ਹੈ।

ਡਾ.ਵਣਜਾਰਾ ਬੇਦੀ ਨੂੰ ਬਚਪਨ ਵਿਚ ਹੀ ਲੋਕ-ਕਹਾਣੀਆਂ ਸੁਣਨ ਦਾ ਅਤੇ ਰਾਸ ਲੀਲਾ ਜਾਂ ਨਟ-ਨਟੀ ਦੇ ਤਮਾਸ਼ੇ ਵੇਖਣ ਦਾ ਬਹੁਤ ਸ਼ੌਕ ਸੀ। ਡਾ.ਵਣਜਾਰਾ ਬੇਦੀ ਦਾ ਕੰਮ ਤਕਰੀਬਨ ਲੋਕਧਾਰਾ ਦੀਆਂ ਸਾਰੀਆਂ ਵੰਨਗੀਆਂ ਉੱਪਰ ਮਿਲਦਾ ਹੈ ਪਰੰਤੂ ਉਨ੍ਹਾਂ ਦੇ ਸਾਰੇ ਕਾਰਜ ਉੱਪਰ ਧਿਆਨ ਮਾਰਿਆਂ ਇਹ ਗੱਲ ਸਾਹਮਣੇ ਆਉਂਦੀ ਹੈ ਕਿ ਲੋਕ-ਕਹਾਣੀਆਂ ਉੱਪਰ ਉਨ੍ਹਾਂ ਦਾ ਕਾਰਜ ਬੜਾ ਵਿਗਿਆਨਕ ਅਤੇ ਇਤਿਹਾਸਕ ਭਾਂਤ ਦਾ ਹੈ। ਉਨ੍ਹਾਂ ਨੇ ਜਿੱਥੇ ਪੰਜਾਬ ਦੀਆਂ ਬਹੁਤ ਸਾਰੀਆਂ ਲੋਕ ਕਹਾਣੀਆਂ ਨੂੰ ਇਕੱਤਰ ਕਰਨ ਅਤੇ ਪਰਿਭਾਸ਼ਤ ਕਰਨ ਵਿਚ ਯੋਗਦਾਨ ਪਾਇਆ ਹੈ ਉੱਥੇ ਉਨ੍ਹਾਂ ਨੇ ਲੋਕ ਕਹਾਣੀਆਂ ਦੀ ਵਰਗ ਵੰਡੀ ਕੀਤੀ ਹੈ।

ਡਾ.ਵਣਜਾਰਾ ਬੇਦੀ ਦੀ ਲੋਕਧਾਰਾਈ ਸ਼ਾਸਤਰੀ ਵਜੋਂ ਉਨ੍ਹਾਂ ਦੀ ਸੂਝ ਦੀ ਦਾਦ ਦੇਣੀ ਬਣਦੀ ਹੈ ਕਿ ਉਨ੍ਹਾਂ ਨੇ ਲੋਕ ਸਾਹਿਤ ਦੀ ਜਿਹੜੀ ਵੰਨਗੀ ਜਾਂ ਰੂਪ ਜਿਸ ਪਾਸੋਂ ਵੀ ਸੁਣਿਆਂ ਉਸ ਦਾ ਵੇਰਵਾ ਜ਼ਰੂਰ ਦਿੱਤਾ ਹੈ। ਡਾ. ਵਣਜਾਰਾ ਬੇਦੀ ਸਰੀਰਕ ਤੌਰ 'ਤੇ ਭਾਵੇ ਸਾਡੇ ਤੋਂ ਵਿਛੜ ਗਏ ਹਨ ਪਰੰਤੂ ਉਹ ਆਪਣੇ ਲੋਕਧਾਰਾ ਦੇ ਮਹਾਨ ਕਾਰਜ ਕਰਕੇ ਸਦਾ ਹੀ ਸਾਡੀ ਯਾਦ ਵਿਚ ਬਣੇ ਰਹਿਣਗੇ। •



**ਜੋਗਿੰਦਰ ਸਿੰਘ ਕੈਰੋਂ (ਡਾ.)**
*ਮੋਬਾਈਲ : 97804-51372*



## ਡਾ. ਮਹਿੰਦਰ ਸਿੰਘ ਰੰਧਾਵਾ

ਡਾ. ਮਹਿੰਦਰ ਸਿੰਘ ਰੰਧਾਵਾ ਦਾ ਜਨਮ ਸਤੰਬਰ 1908 ਨੂੰ ਆਪਣੇ ਭਰਾ ਰਾਜਿੰਦਰ ਸਿੰਘ ਦੇ ਨਾਲ ਹੀ ਸ਼ੇਰ ਸਿੰਘ ਤਹਿਸੀਲਦਾਰ ਦੇ ਘਰ ਹੋਇਆ। ਇੰਜ ਮਹਿੰਦਰ ਸਿੰਘ ਅਤੇ ਰਾਜਿੰਦਰ ਸਿੰਘ ਦੋਵੇਂ ਜੌੜੇ ਭਰਾ ਸਨ। ਕੁਝ ਦੇਰ ਇਹ ਆਪਣੇ ਜੱਦੀ ਪਿੰਡ ਹੀ ਰਹੇ ਪ੍ਰੰਤੂ ਇਨ੍ਹਾਂ ਦੇ ਪਿਤਾ ਸ਼ੇਰ ਸਿੰਘ, ਜਿਹੜੇ ਕਿ ਉਸ ਸਮੇਂ ਤਹਿਸੀਲਦਾਰ ਸਨ, ਦੀ ਬਦਲੀ ਜਦ ਕਰਤਾਰਪੁਰ ਹੋ ਗਈ ਤਾਂ ਇਹ ਦੋਵੇਂ ਭਰਾ ਵੀ ਉਨ੍ਹਾਂ ਦੇ ਨਾਲ ਹੀ ਕਰਤਾਰਪੁਰ ਆ ਗਏ। ਜਿੱਥੇ ਦੋਹਾਂ ਭਰਾਵਾਂ ਨੂੰ ਗੌਰਮਿੰਟ ਹਾਈ ਸਕੂਲ ਵਿਚ ਦਾਖ਼ਲ ਕਰਵਾ ਦਿੱਤਾ ਗਿਆ।

1946 ਤੋਂ 1948 ਤਕ ਆਪ ਦਿੱਲੀ ਦੇ ਡਿਪਟੀ ਕਮਿਸ਼ਨਰ ਰਹੇ। ਅਕਤੂਬਰ, 1948 ਨੂੰ ਉਹ ਪੰਜਾਬ ਪਰਤ ਆਏ ਅਤੇ ਅੰਬਾਲੇ ਦੇ ਡਿਪਟੀ ਕਮਿਸ਼ਨਰ ਨਿਯੁਕਤ ਹੋਏ। ਇੱਥੇ ਆਪਣੇ ਪਾਕਿਸਤਾਨੀ ਪੰਜਾਬ ਤੋਂ ਉਜੜ ਕੇ ਆਏ ਸ਼ਰਨਾਰਥੀਆਂ ਦੇ ਵਸੇਬੇ ਲਈ ਬੜਾ ਕੰਮ ਕੀਤਾ। ਉਸ ਤੋਂ ਬਾਅਦ ਆਪ ਪੰਜਾਬ ਦੇ ਵਿਕਾਸ ਕਮਿਸ਼ਨਰ ਲੱਗ ਗਏ। ਉਨ੍ਹਾਂ ਨੇ ਆਪਣੀਆਂ ਕਈ ਸਕੀਮਾਂ ਨਾਲ ਪੰਜਾਬ ਨੂੰ ਵਿਕਾਸ ਦੇ ਰਾਹ ਪਾਇਆ। ਇਸੇ ਸਮੇਂ ਹੀ ਆਪ ਦੀ ਮੁਲਾਕਾਤ ਪਰਤਾਪ ਸਿੰਘ ਕੈਰੋਂ ਨਾਲ ਹੋਈ। ਆਪ ਦੀ ਸੂਝ ਅਤੇ ਮਿਹਨਤ ਨੇ ਸ. ਕੈਰੋਂ ਉੱਪਰ ਬੜਾ ਚੰਗਾ ਪ੍ਰਭਾਵ ਪਾਇਆ ਅਤੇ ਜਦ ਪਰਤਾਪ ਸਿੰਘ ਕੈਰੋਂ ਪੰਜਾਬ ਦੇ ਮੁੱਖ ਮੰਤਰੀ ਬਣੇ ਤਾਂ ਉਨ੍ਹਾਂ ਨੇ ਇਨ੍ਹਾਂ ਨੂੰ ਮਹੱਤਵਪੂਰਨ ਅਹੁਦਿਆਂ ਉੱਪਰ ਲਗਾ ਕੇ ਚੰਗੇ-ਚੰਗੇ ਕੰਮ ਕਰਵਾਏ। ਇਹੋ ਸਮਾਂ ਸੀ ਜਦ ਉਨ੍ਹਾਂ ਨੇ ਪੰਜਾਬ, ਹਰਿਆਣਾ, ਕਾਂਗੜਾ ਤੇ ਕੁੱਲੂ ਦੇ ਲੋਕ-ਗੀਤ ਇਕੱਠੇ ਕਰਨ ਦਾ ਮਨ ਬਣਾਇਆ। 'ਕੁੱਲੂ ਦੇ ਲੋਕ ਗੀਤ' ਡਾ. ਰੰਧਾਵਾ ਨੇ ਨਵੰਬਰ 1955 ਵਿਚ ਪ੍ਰਕਾਸ਼ਿਤ ਕਰਵਾਈ। ਇਸ ਪੁਸਤਕ ਦਾ ਪੈਟਰਨ ਵੀ ਉਨ੍ਹਾਂ ਨੇ 'ਕਾਂਗੜੇ ਦੇ ਲੋਕ-ਗੀਤ' ਪੁਸਤਕ ਵਰਗਾ ਹੀ ਰੱਖਿਆ। 'ਹਰਿਆਣੇ ਦੇ ਲੋਕ-ਗੀਤ' ਉਨ੍ਹਾਂ ਦੀ ਇਕ ਹੋਰ ਪੁਸਤਕ ਹੈ। ਇਹ ਪੁਸਤਕ ਵੀ ਇਸੇ ਸਮੇਂ ਹੀ ਪ੍ਰਕਾਸ਼ਿਤ ਹੋਈ ਲੱਗਦੀ ਹੈ। ਇਸ ਪੁਸਤਕ ਨੂੰ ਵੀ ਪਹਿਲੀਆਂ ਪੁਸਤਕਾਂ ਦੀ ਵਿਧੀ ਵਾਂਗ ਹੀ ਤਿਆਰ ਕੀਤਾ ਗਿਆ ਹੈ। 1960 ਵਿਚ ਹੀ 'ਪੰਜਾਬ' ਨਾਂ ਦੀ ਪੁਸਤਕ, ਜਿਸ ਦੇ ਮੁੱਖ ਸੰਪਾਦਕ ਡਾ. ਮਹਿੰਦਰ ਸਿੰਘ ਰੰਧਾਵਾ ਸਨ, ਭਾਸ਼ਾ ਵਿਭਾਗ ਪੰਜਾਬ, ਪਟਿਆਲਾ ਵੱਲੋਂ ਪ੍ਰਕਾਸ਼ਿਤ ਕੀਤੀ ਗਈ। ਇਹ ਪੁਸਤਕ ਪ੍ਰਤਾਪ ਸਿੰਘ ਕੈਰੋਂ ਦੀ ਸਰਕਾਰ ਸਮੇਂ ਉਨ੍ਹਾਂ ਦੀ ਯੋਗ ਅਗਵਾਈ ਵਿਚ ਛਾਪੀ ਗਈ। 1963 ਵਿਚ ਇਨ੍ਹਾਂ ਨੇ 'ਕਾਂਗੜਾ ਕਲਾ, ਲੋਕ ਤੇ ਗੀਤ' ਨਾਂ ਦੀ ਪੁਸਤਕ ਸਾਹਿਤ ਅਕਾਦਮੀ ਦਿੱਲੀ ਤੋਂ ਪ੍ਰਕਾਸ਼ਿਤ ਕਰਵਾਈ।

ਸਮੁੱਚੇ ਰੂਪ ਵਿਚ ਡਾ.ਮਹਿੰਦਰ ਸਿੰਘ ਰੰਧਾਵਾ ਦੀ ਪੰਜਾਬੀ ਲੋਕਧਾਰਾ ਦੀ ਦੇਣ ਨੂੰ ਨਕਾਰਿਆ ਨਹੀ ਜਾ ਸਕਦਾ। ਉਨ੍ਹਾਂ ਨੇ ਵੱਡੇ ਪੰਜਾਬ ਦੇ ਬਹੁਤ ਸਾਰੇ ਹਿੱਸਿਆਂ ਨਾਲ ਸੰਬੰਧਿਤ ਲੋਕ-ਗੀਤਾਂ ਨੂੰ ਇਕੱਤਰ ਵੀ ਕੀਤਾ ਅਤੇ ਇਨ੍ਹਾਂ ਲੋਕ-ਗੀਤਾਂ ਦੇ ਸੰਗ੍ਰਹਿਆਂ ਦੇ ਮੁੱਢਲੇ ਪੰਨਿਆਂ ਵਿਚ ਲੋਕ-ਗੀਤਾਂ ਨੂੰ ਪਰਿਭਾਸ਼ਤ ਕਰਨ ਦਾ ਯਤਨ ਵੀ ਕੀਤਾ। ਉਨ੍ਹਾਂ ਦੀ ਇਹ ਵੀ ਖ਼ੂਬੀ ਰਹੀ ਕਿ ਉਨ੍ਹਾਂ ਨੇ ਇਨ੍ਹਾਂ ਲੋਕ-ਗੀਤਾਂ ਨੂੰ ਅਪਾਣੇ ਢੰਗ ਨਾਲ ਵਰਗੀ ਕ੍ਰਿਤ ਵੀ ਕੀਤਾ। •

## ਦੇਵਿੰਦਰ ਸਤਿਆਰਥੀ

*ਸਾਹਿਤ ਜਗਤ ਵਿਚ ਕਿੰਨੇ ਹੀ ਮਾਣ ਸਨਮਾਨ ਆਏ ਤੇ ਗਏ। ਉਸ ਨੇ ਮਾਨਤਾ ਲਈ ਕਿਸੇ ਅੱਗੇ ਵੀ ਹੱਥ ਨਹੀਂ ਅੱਡੇ। ਸਾਰੀ ਉਮਰ ਕੇਵਲ ਇਕ ਹੀ ਭੀਖ ਮੰਗੀ ਹੈ ਤੇ ਉਹ ਹੈ ਗੀਤਾਂ ਦੀ...*

ਦੇਵਿੰਦਰ ਸਤਿਆਰਥੀ ਦੇ ਪਿਤਾ ਜੀ ਨਹਿਰ ਦੇ ਮਹਿਕਮੇ ਦੀ ਠੇਕੇਦਾਰੀ ਕਰ ਦੇ ਸਨ ਅਤੇ ਉਹ ਆਪਣੇ ਇਸ ਫਿਰਤੂ ਮੁੰਡੇ ਨੂੰ ਵੀ ਠੇਕੇਦਾਰੀ ਵਿਚ ਲਾਉਣਾ ਚਾਹੁੰਦੇ ਸਨ। ਪ੍ਰੰਤੂ ਉਨ੍ਹਾਂ ਦੀ ਮਾਂ ਨੂੰ ਤਾਂ ਕਿਸੇ ਜੋਤਸ਼ੀ ਨੇ ਇਨ੍ਹਾਂ ਦੇ ਬਚਪਨ ਵਿਚ ਹੀ ਦੱਸ ਦਿੱਤਾ ਸੀ, 'ਤੇਰੇ ਪੁੱਤਰ ਦੇ ਪੈਰਾਂ ਵਿਚ ਚੱਕਰ ਏ, ਉਹ ਕਿਤੇ ਇਕ ਥਾਂ ਟਿਕ ਨਹੀਂ ਸਕੇਗਾ। ਪੈਰਾਂ ਦਾ ਚੱਕਰ ਬੜਾ ਪ੍ਰਬਲ ਹੁੰਦਾ ਹੈ ਤੇ ਜਿਸ ਦੇ ਪੈਰਾਂ ਵਿਚ ਕੁਦਰਤ ਚੱਕਰ ਪਾ ਦੇਵੇ, ਉਹ ਇਕ ਉਡਾਰੂ ਪੰਖੇਰੂ ਬਣ ਜਾਂਦਾ ਹੈ। ਉਹ ਉੱਡਦਾ ਹੈ ਦੂਰ-ਦੂਰ।'ਜਦੋਂ ਪਹਿਲੀ ਵਾਰ ਉਹ ਥਾਂ-ਥਾਂ ਦੀ ਮੁਸਾਫ਼ਰੀ ਪਿੱਛੋਂ ਢਾਈ ਤਿੰਨ ਸਾਲ ਬਾਅਦ ਖ਼ਾਨਾ ਬਦੋਸ਼ਾਂ ਦੀ ਜ਼ਿੰਦਗੀ ਗੁਜ਼ਾਰ ਕੇ ਘਰ ਮੁੜਿਆ ਤਾਂ ਘਰ ਵਾਲਿਆਂ ਨੇ ਇਹ ਸੋਚ ਕੇ ਉਸ ਦਾ ਵਿਆਹ ਕਰ ਦਿੱਤਾ ਕਿ ਘਰ-ਪਿਆਰ ਦੀ ਡੋਰ ਨਾਲ ਇਹ ਘਰ ਵਿਚ ਬੱਝ ਜਾਵੇਗਾ ਅਤੇ ਨਿੱਤ ਦੀ ਖ਼ਾਨਾ-ਬਦੋਸ਼ੀ ਤੋ ਮੂੰਹ ਮੋੜ ਲਵੇਗਾ।


ਦੇਵਿੰਦਰ ਸਤਿਆਰਥੀ ਨੂੰ ਲੋਕ ਗੀਤ ਇਕੱਤਰ ਕਰਨ ਦਾ ਖ਼ਿਆਲ 1924 ਵਿਚ ਆਇਆ। ਉਨ੍ਹਾਂ ਦਾ ਇਹ ਸ਼ੌਕ ਏਨਾ ਵੱਧ ਗਿਆ ਕਿ 1927 ਵਿਚ ਕਾਲਜ ਦੀ ਪੜ੍ਹਾਈ ਵਿੱਚੇ ਛੱਡ ਕੇ ਲੋਕ-ਗੀਤ ਇਕੱਠੇ ਕਰਨ ਨਿਕਲ ਤੁਰੇ। ਵਿਆਹ ਤੋਂ ਬਾਅਦ ਇਨ੍ਹਾਂ ਨੇ ਆਪਣੇ ਪਿਤਾ ਕੋਲੋਂ ਕੁਝ ਦੇਰ ਆਪਣੀ ਪਤਨੀ ਨਾਲ ਲਾਹੌਰ ਰਹਿਣ ਦੀ ਇਜਾਜ਼ਤ ਲੈ ਲਈ। ਲਾਹੌਰ ਵੀ ਉਹ ਆਪਣੀ ਪਤਨੀ ਨੂੰ ਵਿਛੋੜੇ ਦਾ ਉਹ ਗੀਤ ਸੁਣਾਉਣ ਲਈ ਜ਼ੋਰ ਦੇਂਦੇ ਰਹੇ, ਜਿਹੜਾ ਪਹਿਲੀ ਵਾਰ ਸਹੁਰੇ ਗਿਆਂ ਉਨ੍ਹਾਂ ਨੇ ਕੁੜੀਆਂ ਨੂੰ ਗਾਉਂਦਿਆਂ ਸੁਣਿਆ ਸੀ। ਗਾਉਣ ਵਾਲੀਆਂ ਕੁੜੀਆਂ ਵਿਚ ਉਹ ਦੀ ਵਹੁਟੀ ਰਾਣੋਂ ਵੀ ਸੀ। ਜਿਸ ਨੂੰ ਉਹ, ਉਹ ਗੀਤ ਸੁਣਾਉਣ ਲਈ ਕਹਿੰਦੇ, ਜਿਹੜਾ ਉਨ੍ਹਾਂ ਨੇ ਕੁੜੀਆਂ ਨਾਲ ਰਲਕੇ ਗਾਇਆ ਸੀ :

*ਦੀਵਾ ਬਲੇ ਸਾਰੀ ਰਾਤ*
*ਮੇਰਿਆ ਬਾਲਮਾ*
*ਬੱਤੀਆਂ ਬਟਾ ਰੱਖਦੀ।*

ਅਜੇ ਉਨ੍ਹਾਂ ਨੇ ਕੁਝ ਮਹੀਨੇ ਹੀ ਆਪਣੀ ਨਵ-ਵਿਆਹੀ ਵਹੁਟੀ ਨਾਲ ਗੁਜ਼ਾਰੇ ਸਨ ਕਿ ਮਨ ਵਿਚ ਮੁੜ ਪਹਾੜੀ ਪਿੰਡਾਂ ਦੇ ਗੀਤ ਗੂੰਜਣ ਲੱਗ ਪਏ। ਉਨ੍ਹਾਂ ਨੂੰ ਇੰਜ ਲੱਗਦਾ ਜਿਵੇਂ ਉਹ ਲੋਕ-ਗੀਤ ਉਨ੍ਹਾਂ ਨੂੰ ਦਰਦ-ਭਰੀਆਂ ਆਵਾਜ਼ਾਂ ਮਾਰ ਰਹੇ ਹੋਣ। ਉਹ ਆਪਣੀ ਘਰਵਾਲੀ ਨੂੰ ਵੀ ਆਪਣੇ ਸਫ਼ਰਾਂ ਦੀ ਹਮਸਫ਼ਰ ਬਣਾਉਣਾ ਚਾਹੁੰਦੇ ਸਨ, ਪਰੰਤੂ ਪਰਿਵਾਰਕ ਮਾਹੌਲ ਇਹ ਇਜਾਜ਼ਤ ਨਹੀਂ ਸੀ ਦੇਂਦਾ। ਇਕ ਦਿਨ ਜਦੋਂ ਉਨ੍ਹਾਂ ਨੇ ਘਰੋਂ ਚੋਰੀ ਭੱਜਣ ਦਾ ਮਨ ਬਣਾ ਲਿਆ ਸੀ । ਭੱਜਣ ਤੋਂ ਦੋ-ਤਿੰਨ ਘੰਟੇ ਪਹਿਲਾਂ ਉਨ੍ਹਾਂ ਸੁਣਿਆ ਰਾਣੋਂ ਲੋਕ-ਗੀਤ ਦੇ ਇਹ ਬੋਲ ਗੁਣਗੁਣਾ ਰਹੀ ਸੀ :

*ਜੇ ਉਠ ਚਲਿਓਂ ਚਾਕਰੀ*
*ਨੀਲੇ ਘੋੜੇ ਵਾਲਿਆ*
*ਸਾਨੂੰ ਬੋਝੇ ਪਾ*
*ਜਿੱਥੇ ਆਵੇ ਰਾਤੜੀ*
*ਸਾਨੂੰ ਕੱਢ ਕਲੇਜੜੇ ਲਈ ਲਾ।*

ਲੋਕ ਗੀਤਾਂ ਦੀ ਹੂਕ ਨੂੰ ਇਹ ਦਰਦੀਲਾ ਗੀਤ ਵੀ ਰੋਕ ਨਾ ਸਕਿਆ ਅਤੇ ਲੋਕ-ਗੀਤਾਂ ਦਾ ਇਹ ਵਣਜਾਰਾ ਘਰ ਤੋਂ ਭੱਜ ਕੇ ਡਲਹੌਜ਼ੀ ਦੇ ਪਿੰਡਾਂ ਵਿਚ ਪਹੁੰਚ ਗਿਆ, ਉੱਥੇ ਚੰਬੇ ਦੇ ਗੱਦੀ ਭੇਡਾਂ ਚਰਾਉਂਦੇ ਲੋਕ ਗੀਤ ਗਾਉਂਦੇ ਸਨ। ਧਰਮਸ਼ਾਲਾ ਅਤੇ ਪਾਲਮ ਪੁਰ ਦੀ ਸੈਰ ਵੀ ਉਨ੍ਹਾਂ ਲਈ ਬੜੀ ਸੁਆਦਲੀ ਰਹੀ। ਫਿਰਦੇ-ਫਿਰਾਉਂਦੇ ਉਹ ਮੰਡੀ ਹੁੰਦੇ ਹੋਏ ਕੁੱਲੂ ਪਹੁੰਚ ਗਏ, ਇੱਥੇ ਉਹ ਲਿਖਣ ਦੇ ਨਾਲ-ਨਾਲ ਫ਼ੋਟੋਗ੍ਰਾਫ ਦਾ ਸ਼ੌਕ ਵੀ ਪੂਰਾ ਕਰਦੇ ਰਹੇ। ਕੁੱਲੂ ਤੋਂ ਪੈਦਲ ਹੀ ਉਹ ਸ਼ਿਮਲੇ ਪਹੁੰਚ ਗਏ। ਕੁਝ ਦਿਨ ਉੱਥੇ ਰਹਿਕੇ ਉਹ ਸਿੱਧੇ ਸ਼ਾਂਤੀ ਨਿਕੇਤਨ ਜਾ ਪਹੁੰਚੇ ਅਤੇ ਉਸ ਤੋਂ ਬਾਅਦ ਸਿੱਧੇ ਆਸਾਮ ਚਲੇ ਗਏ। ਇਨਸਾਨ ਵਜੋਂ ਸਤਿਆਰਥੀ ਹਰ ਪਹਿਲੂ ਤੋਂ ਰੱਜਿਆ ਪੁੱਜਿਆ ਹੈ।



ਸਾਹਿਤ ਜਗਤ ਵਿਚ ਕਿਨੇ ਹੀ ਮਾਣ ਸਨਮਾਨ ਆਏ ਤੇ ਗਏ। ਉਸ ਨੇ ਮਾਨਤਾ ਲਈ ਕਿਸੇ ਅੱਗੇ ਵੀ ਹੱਥ ਨਹੀਂ ਅੱਡੇ। ਸਾਰੀ ਉਮਰ ਕੇਵਲ ਇਕ ਹੀ ਭੀਖ ਮੰਗੀ ਹੈ ਤੇ ਉਹ ਹੈ ਸਰੋਤਿਆਂ ਦੀ। ਉਸ ਨੂੰ ਹਰ ਤਰ੍ਹਾਂ ਦਾ ਸਰੋਤਾ ਪ੍ਰਵਾਨ ਹੈ। ਉਹ ਘੋੜੇ ਨੂੰ ਕਥਾ ਸੁਣਾ ਸਕਦਾ ਹੈ ਤੇ ਪੌਦੇ ਨੂੰ ਕਵਿਤਾ। ਦੇਵਿੰਦਰ ਸਤਿਆਰਥੀ ਭਾਵੇਂ ਸਰੀਰਕ ਤੌਰ 'ਤੇ ਸਾਡੇ ਵਿਚ ਨਹੀਂ ਰਹੇ ਪਰੰਤੂ ਉਨ੍ਹਾਂ ਦੀ ਹੋਂਦ ਲੋਕ-ਗੀਤਾਂ ਦੇ ਰੂਪ ਵਿਚ ਹਮੇਸ਼ਾਂ ਲਈ ਸਾਡੀ ਰੂਹ ਨੂੰ ਸਰਸ਼ਾਰ ਕਰਦੀ ਰਹੇਗੀ। ਪੰਜਾਬੀ ਲੋਕਧਾਰਾ ਨੂੰ ਸਤਿਆਰਥੀ ਵਰਗੇ ਮਹਾਨ ਸਪੂਤ ਉਪਰ ਹਮੇਸ਼ਾਂ ਮਾਣ ਰਹੇਗਾ। •



## ਗਿਆਨੀ ਗੁਰਦਿੱਤ ਸਿੰਘ

*ਗਿਆਨੀ ਗੁਰਦਿੱਤ ਸਿੰਘ ਸਾਹਿਤਕਾਰ, ਪੱਤਰਕਾਰ, ਗੁਰਬਾਣੀ ਵਿਦਵਾਨ ਅਤੇ ਲੋਕਧਾਰਾ ਸ਼ਾਸਤਰੀ ਸਨ। ਉਹ ਪੰਜਾਬੀ ਭਾਸ਼ਾ ਅਤੇ ਸੱਭਿਆਚਾਰ ਦੇ ਖੋਜਕਾਰ ਦੇ ਵਿਸ਼ਾਲ ਕਾਰਜ ਵਿਚ ਸਾਰੀ ਉਮਰ ਰਮੇ ਰਹੇ...*

ਗਿਆਨੀ ਗੁਰਦਿੱਤ ਸਿੰਘ ਦਾ ਜਨਮ 24 ਫਰਵਰੀ 1923 ਨੂੰ ਮਲੇਰਕੋਟਲਾ ਦੀ ਰਿਆਸਤ ਦੇ ਪਿੰਡ ਮਿੱਠੇਵਾਲ ਵਿਚ ਹੋਇਆ। ਗਿਆਨੀ ਹੋਰਾਂ ਨੇ ਆਪਣੇ ਪਿੰਡ ਮਿੱਠੇਵਾਲ ਨੂੰ 'ਮੇਰਾ ਪਿੰਡ' ਪੁਸਤਕ ਰਾਹੀ ਪੰਜਾਬੀ ਇਤਿਹਾਸ ਅਤੇ ਸਾਹਿਤ ਵਿਚ ਸਦਾ ਲਈ ਅਮਰ ਕਰ ਦਿੱਤਾ ਹੈ।

ਆਪ ਜੀ ਨੇ 1945 ਵਿਚ ਪੰਜਾਬ ਯੂਨੀਵਰਸਿਟੀ, ਲਾਹੌਰ ਤੋਂ ਗਿਆਨੀ ਦੀ ਡਿਗਰੀ ਹਾਸਲ ਕੀਤੀ। ਗਿਆਨੀ ਕਰਨ ਤੋਂ ਦੋ ਸਾਲ ਬਾਅਦ ਹੀ ਆਪ ਪੱਤਰਕਾਰੀ ਦੇ ਖੇਤਰ ਵਿਚ ਆ ਗਏ। ਗਿਆਨੀ ਗੁਰਦਿੱਤ ਸਿੰਘਜੀ ਅੰਦਰ ਸੱਭਿਆਚਾਰ ਅਤੇ ਲੋਕਧਾਰਾ ਪ੍ਰਤੀ ਮੋਹ ਤਾਂ ਭਾਵੇ ਪਹਿਲਾਂ ਹੀ ਸੀ। ਪਰ 'ਮੇਰਾ ਪਿੰਡ' ਪੁਸਤਕ ਜਿਸ ਵਿਚ ਉਨ੍ਹਾਂ ਨੇ ਆਪਣੇ ਪਿੰਡ ਨੂੰ ਆਧਾਰ ਬਣਾ ਕੇ ਪੰਜਾਬ ਦੇ ਸਾਰੇ ਪਿੰਡਾਂ ਦਾ ਮੂੰਹ-ਮੁਹਾਂਦਰਾ ਉਲੀਕ ਦਿੱਤਾ। ਇਸ ਵਿੱਚੋਂ ਪੰਜਾਬ ਦੇ ਸਾਰੇ ਪਿੰਡਾਂ ਦੇ ਦਰਸ਼ਨ ਹੋ ਜਾਂਦੇ ਹਨ। ਇਹ ਪੁਸਤਕ 1961 ਵਿਚ ਪਹਿਲੀ ਵਾਰ ਛਪੀ ਤੇ ਬਹੁਤ ਮਕਬੂਲ ਹੋਈ। ਇਸ ਕਿਤਾਬ ਵਿਚ ਉਨ੍ਹਾਂ ਪੇਂਡੂ ਜੀਵਨ ਦੀ ਝਲਕ ਪੇਸ਼ ਕੀਤੀ ਹੈ। ਮੇਰਾ ਪਿੰਡ ਨੂੰ ਪੰਜਾਬ ਦੀ ਸੱਭਿਆਚਾਰਕ ਵਿਰਾਸਤ ਦਾ ਕੋਸ਼ ਕਿਹਾ ਜਾ ਸਕਦਾ ਹੈ। ਇਸ ਦੀ ਬੋਲੀ, ਸ਼ੈਲੀ ਨਿਵੇਕਲੀ ਹੈ ਅਤੇ ਇਹ ਪੇਂਡੂ ਲੋਕਾਂ ਦੀਆਂ ਮਨੌਤਾਂ, ਆਰਥਿਕ ਤੰਗੀਆਂ, ਵਹਿਮਾਂ-ਭਰਮਾਂ ਤੇ ਲੋਪ ਹੋ ਰਹੇ ਪੱਖਾਂ ਦੀ ਰੌਚਿਕ ਪਰ ਪ੍ਰਮਾਣਿਕ ਪੇਸ਼ਕਾਰੀ ਹੈ।

ਪੱਤਰਕਾਰੀ ਦੇ ਖੇਤਰ ਵਿਚ ਵੀ ਆਪ ਜੀ ਦਾ ਵਿਸ਼ੇਸ਼ ਯੋਗਦਾਨ ਹੈ। 1947 ਵਿਚ ਉਨ੍ਹਾਂ ਨੇ ਪਟਿਆਲੇ ਤੋਂ 'ਪ੍ਰਕਾਸ਼' ਨਾਮ ਦਾ ਅਖ਼ਬਾਰ ਸ਼ੁਰੂ ਕੀਤਾ ਜਿਹੜਾ 1961 ਤਕ ਰੋਜ਼ਾਨਾ ਅਖ਼ਬਾਰ ਵੱਜੋਂ ਛਪਦਾ ਰਿਹਾ ਅਤੇ ਉਸ ਤੋਂ ਬਾਅਦ 1978 ਤਕ ਸਪਤਾਹਿਕ ਪੱਤ੍ਰਿਕਾ ਦੇ ਰੂਪ ਵਿਚ ਪ੍ਰਕਾਸ਼ਿਤ ਹੁੰਦਾ ਰਿਹਾ। ਉਨ੍ਹਾਂ ਨੇ ਇਕ ਸਾਹਿਤਕ ਮੈਗਜ਼ੀਨ 'ਜੀਵਨ ਸੰਦੇਸ਼' 1953 ਵਿਚ ਸੰਪਾਦਿਤ ਕਰਨਾ ਸ਼ੁਰੂ ਕੀਤਾ। ਉਨ੍ਹਾਂ ਦਾ ਸਬੰਧ 'ਸਿੰਘ ਸਭਾ ਪੱਤ੍ਰਿਕਾ' ਨਾਲ ਵੀ ਰਿਹਾ ਜਿਹੜਾ ਕਿ ਅੰਮ੍ਰਿਤਸਰ, ਦਿੱਲੀ ਅਤੇ ਚੰਡੀਗੜ੍ਹ ਤੋਂ ਪ੍ਰਕਾਸ਼ਿਤ ਹੁੰਦਾ ਰਿਹਾ ਹੈ। •



## ਡਾ. ਕਰਨੈਲ ਸਿੰਘ ਥਿੰਦ

ਡਾ. ਕਰਨੈਲ ਸਿੰਘ ਥਿੰਦ ਦਾ ਜਨਮ ਪਾਕਿਸਤਾਨੀ ਪੰਜਾਬ, ਜ਼ਿਲ੍ਹਾ ਲਾਇਲਪੁਰ ਦੇ ਚੱਕ ਨੰਬਰ 288 ਜੇਬੀ ਵਿਚ 12 ਅਪ੍ਰੈਲ, 1929 ਨੂੰ ਕਿਸਾਨ ਘਰਾਣੇ ਵਿਚ ਹੋਇਆ। ਉਨ੍ਹਾਂ ਦੇ ਪਿਤਾ ਦਾ ਨਾਂ ਭਾਨ ਸਿੰਘ ਥਿੰਦ ਅਤੇ ਮਾਤਾ ਦਾ ਨਾਂ ਅਨੰਦ ਕੌਰ ਸੀ।

1953 ਵਿਚ ਖ਼ਾਲਸਾ ਕਾਲਜ, ਅੰਮ੍ਰਿਤਸਰ ਤੋਂ ਐਮਏ ਪੰਜਾਬੀ ਦੀ ਡਿਗਰੀ ਹਾਸਲ ਕਰਕੇ ਜਨਵਰੀ 1955 ਤੋਂ ਖ਼ਾਲਸਾ ਕਾਲਜ, ਅੰਮ੍ਰਿਤਸਰ ਪੜ੍ਹਾਉਣਾ ਸ਼ੁਰੂ ਕੀਤਾ। 1962 ਤੋਂ ਬੀਏ ਵਿਚ ਖ਼ਾਲਸਾ ਕਾਲਜ ਵਿਚ ਹੀ ਮੈਂ ਥਿੰਦ ਸਾਹਿਬ ਦਾ ਵਿਦਿਆਰਥੀ ਰਿਹਾ ਸੀ। ਡਾ. ਥਿੰਦ ਹੋਰਾਂ 1971 ਵਿਚ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਤੋਂ ਲੋਕਧਾਰਾ ਵਿਚ ਡਾਕਟ੍ਰੇਟਦੀ ਡਿਗਰੀ ਪ੍ਰਾਪਤ ਕੀਤੀ। ਉਨ੍ਹਾਂ ਨੇ ਗਾਈਡ ਡਾ. ਤਾਰਨ ਸਿੰਘ ਸਨ। 1973 ਵਿਚ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਵਿਭਾਗ ਵਿਚ ਬਤੌਰ ਰੀਡਰ ਨਿਯੁਕਤ ਹੋਏ। ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਚ ਸਮੇਂ-ਸਮੇਂ ਪੰਜਾਬੀ ਅਧਿਐਨ ਸਕੂਲ ਦੇ ਪ੍ਰੋਫ਼ੈਸਰ ਤੇ ਮੁਖੀ ਅਤੇ ਰਜਿਸਟਰਾਰ ਦੇ ਤੌਰ 'ਤੇ ਕੰਮ ਕਰ ਦੇ ਰਹੇ। 1989 ਵਿਚ ਯੂਨੀਵਰਸਿਟੀ ਤੋਂ ਰਿਟਾਇਰ ਹੋ ਕੇ ਪੰਜਾਬ ਸਟੇਟ ਯੂਨੀਵਰਸਿਟੀ ਟੈਕਸਟ ਬੁਕ ਬੋਰਡ ਦੇ ਡਾਇਰੈਕਟਰ ਲੱਗ ਗਏ। ਡਾ.ਕਰਨੈਲ ਸਿੰਘ ਥਿੰਦ ਜਿੱਥੇ ਵੱਖ ਵੱਖ ਯੂਨੀਵਰਸਿਟੀਆਂ ਨਾਲ ਬਤੌਰ ਮੈਂਬਰ ਸਿੰਡੀਕੇਟ, ਸੈਨੇਟ ਮੈਂਬਰ, ਅਕਾਦਮਿਕ ਕੌਂਸਲ ਮੈਂਬਰ, ਚੈਅਰਮੇਨ ਪੰਜਾਬੀ ਬੋਰਡ ਅਤੇ ਡੀਨ ਭਾਸ਼ਾ ਫ਼ੈਕਲਟੀ ਵਜੋਂ ਜੁੜੇ ਰਹੇ ਹਨ ਅਤੇ ਪੰਜਾਬੀ ਸਾਹਿਤ ਅਕਾਦਮੀ ਦੇ ਜੀਵਨ ਮੈਂਬਰ ਹਨ।

1973 ਵਿਚ ਡਾ. ਕਰਨੈਲ ਸਿੰਘ ਥਿੰਦ ਦੀ ਪੁਸਤਕ 'ਲੋਕਯਾਨ ਤੇ ਮੱਧਕਾਲੀਨ ਪੰਜਾਬੀ ਸਾਹਿਤ' ਛੱਪੀ। ਪਹਿਲੀ ਵਾਰ ਇਸ ਪੁਸਤਕ ਵਿਚ ਲੋਕਧਾਰਾ/ ਲੋਕਯਾਨ ਨੂੰ ਪਰਿਭਾਸ਼ਤ ਕਰਨ ਅਤੇ ਇਸ ਦੀਆਂ ਵੰਨਗੀਆਂ ਦੀ ਪਛਾਣ ਕਰਨ ਅਤੇ ਉਨ੍ਹਾਂ ਦਾ ਖੇਤਰ ਨਿਸ਼ਚਿੱਤ ਕਰਨ ਦਾ ਯਤਨ ਕੀਤਾ ਗਿਆ।

'ਪੰਜਾਬ ਦਾ ਲੋਕ ਵਿਰਸਾ' (ਭਾਗਦੂਜਾ), ਪੰਜਾਬੀ ਯੂਨੀਵਰਸਿਟੀ ਦੁਆਰਾ ਪ੍ਰਕਾਸ਼ਿਤ ਹੋ ਚੁੱਕਾ ਹੈ। ਲੋਕਯਾਨ ਤੋਂ ਇਲਾਵਾ ਡਾ. ਥਿੰਦ ਹੋਰਾਂ ਦੀ ਵਿਸ਼ੇਸ਼ਤਾ ਦਾ ਦੂਜਾ ਖੇਤਰ ਪਾਕਿਸਤਾਨ ਵਿਚ ਰਚਿਆ ਗਿਆ ਪੰਜਾਬੀ ਸਾਹਿਤ ਹੈ। ਇਸ ਸਬੰਧ ਵਿਚ ਪੰਜਾਬੀ ਯੂਨੀਵਰਸਿਟੀ ਦੁਆਰਾ ਉਨ੍ਹਾਂ ਦੀ ਹੁਣੇ ਹੁਣੇ ਛਪੀ ਪੁਸਤਕ 'ਪਾਕਿਸਤਾਨੀ ਪੰਜਾਬੀ ਸਾਹਿਤ ਦਾ ਸੰਖੇਪ ਜਾਇਜ਼ਾ' ਖ਼ਾਸ ਵਰਨਣ ਯੋਗ ਹੈ।

ਇਸ ਪੁਸਤਕ ਦਾ ਪਹਿਲਾ ਅਧਿਆਇ ਪਾਕਿਸਤਾਨ ਵਿਚ ਪੰਜਾਬੀ ਭਾਸ਼ਾ ਦੀ ਸਥਿਤੀ ਨਾਲ ਸਬੰਧਿਤ ਹੈ ਅਤੇ ਅੰਤਲਾ ਲੇਖ ਪਾਕਿਸਤਾਨੀ ਮੂਲ ਦੇ ਬਦੇਸ਼ਾਂ ਵਿਚ ਰਹਿੰਦੇ ਪੰਜਾਬੀ ਲੋਕਾਂ ਬਾਰੇ ਜਾਣਕਾਰੀ ਦੇਂਦਾ ਹੈ। •



**ਪੁਨੀਤ ਕੌਰ**
*ਮੋਬਾਈਲ : 90562-18720*

## ਸੁਖਦੇਵ ਮਾਦਪੁਰੀ



*ਮਾਦਪੁਰੀ ਬਚਪਨ ਤੋਂ ਹੀ ਲੋਕ ਸਾਹਿਤ ਨਾਲ ਜੁੜੇ ਹੋਏ ਸਨ ਜਾਂ ਕਹੋ ਉਨ੍ਹਾਂ ਨੂੰ ਗੁੜ੍ਹਤੀ ਹੀ ਲੋਕ ਸਾਹਿਤ ਦੀ ਮਿਲੀ। ਬੇਬੇ ਵਲੋਂ ਗਾਏ ਜਾਂਦੇ ਲੰਬੇ ਗੀਤ ਉਸ ਦੇ ਦਿਲ ਨੂੰ ਧੂ ਪਾਉਂਦੇ ਸਨ...*

ਸੁਖਦੇਵ ਮਾਦਪੁਰੀ ਦਾ ਜਨਮ 12 ਜੂਨ 1935 ਨੂੰ ਜ਼ਿਲ੍ਹਾ ਲੁਧਿਆਣਾ ਦੀ ਤਹਿਸੀਲ ਸਮਰਾਲਾ ਦੇ ਪਿੰਡ ਮਾਦਪੁਰ, ਦਇਆ ਸਿੰਘ ਦੇ ਘਰ ਮਾਤਾ ਸੁਰਜੀਤ ਕੌਰ ਦੇ ਉਦਰੋਂ ਹੋਇਆ। ਦੋਨੋਂ ਅਨਪੜ੍ਹ ਸਨ ਪਰ ਮਿਹਨਤੀ, ਸਿਰੜੀ, ਸੂਝਵਾਨ ਅਤੇ ਸਬਰ ਸੰਤੋਖ ਵਾਲ ਸਨ। ਪਛੜਿਆ ਹੋਇਆ ਇਲਾਕਾ ਹੋਣ ਕਰਕੇ ਪਿੰਡ ਵੀ ਸੁਖ ਸਹੂਲਤਾਂ ਤੋਂ ਵਾਂਝਾ ਸੀ। ਹਰ ਪਾਸੇ ਅਨਪੜ੍ਹਤਾ ਦਾ ਪਸਾਰਾ। ਬਹੁਤੇ ਲੋਕਾਂ ਵਾਂਗ ਉਸ ਦਾ ਪਰਿਵਾਰ ਵੀ ਖੇਤੀਬਾੜੀ ਤੇ ਨਿਰਭਰ ਸੀ। ਪਰ ਬੇਬੇ ਨੇ ਅਮਦਾਦੀ ਪ੍ਰਾਇਮਰੀ ਸਕੂਲ ਮਾਦਪੁਰ ਵਿਖੇ ਉਸ ਨੂੰ ਦਾਖ਼ਲ ਕਰਵਾ ਦਿੱਤਾ। ਉਸ ਦਾ ਪੜ੍ਹਾਈ ਦਾ ਮਾਧਿਅਮ ਉਰਦੂ ਸੀ। ਖ਼ਾਲਸਾ ਹਾਈ ਜਸਪਾਲੋਂ ਤੋਂ ਦਸਵੀਂ ਪਾਸ ਕੀਤੀ। ਪੜ੍ਹਾਈ ਦੇ ਨਾਲ-ਨਾਲ ਬਾਪੂ ਨਾਲ ਖੇਤੀ ਦੇ ਕੰਮ 'ਚ ਹੱਥ ਵਟਾਉਂਦਾ, ਹਰ ਕੰਮ ਨੂੰ ਬੜੀ ਲਗਨ ਨਾਲ ਕਰਦਾ ਰਿਹਾ ਉਹ।

ਸੁਖਦੇਵ ਮਾਦਪੁਰੀ 1954 'ਚ ਜੀਬੀਟੀ ਕਰ ਕੇ ਪ੍ਰਾਇਮਰੀ ਅਧਿਆਪਕ ਲੱਗ ਗਏ। ਇੱਥੇ ਉਨ੍ਹਾਂ ਸਕੂਲ ਦੇ ਬੱਚਿਆਂ ਲਈ ਬਾਲ ਸਾਹਿਤ ਦਾ ਸਿਰਜਣ ਸ਼ੁਰੂ ਕਰ ਦਿੱਤਾ। ਲੁਧਿਆਣੇ ਤੋਂ ਲਾਹੌਰ ਬੁੱਕ ਸ਼ਾਪ ਵੱਲੋਂ ਬੱਚਿਆਂ ਵਾਸਤੇ 'ਬਾਲ ਦਰਬਾਰ' ਨਾਂ ਦਾ ਰਸਾਲਾ ਪ੍ਰਕਾਸ਼ਿਤ ਹੁੰਦਾ ਸੀ। ਅਜਾਇਬ ਚਿੱਤਰਕਾਰ ਇਸ ਦੇ ਸੰਪਾਦਕ ਸਨ। ਜਿਨ੍ਹਾਂ ਨੇ ਉਸ ਪਾਸੋਂ ਬਹੁਤ ਸਾਰੀਆਂ ਕਹਾਣੀਆਂ ਤੇ ਲੇਖ ਲਿਖਵਾਏ। ਉਸ ਸਮੇਂ ਨਵਤੇਜ ਸਿੰਘ 'ਬਾਲ ਸੰਦੇਸ਼' ਦੇ ਸੰਪਾਦਕ ਸਨ ਜਿਨ੍ਹਾਂ ਨੇ ਵੀ ਬਾਲ ਸਾਹਿਤ ਲਿਖਣ ਲਈ ਉਸ ਨੂੰ ਪ੍ਰੇਰਿਆ।

ਉਹ ਬਚਪਨ ਤੋਂ ਹੀ ਲੋਕ ਸਾਹਿਤ ਨਾਲ ਜੁੜਿਆਂ ਹੋਇਆ ਸੀ ਜਾਂ ਕਹੋ ਗੁੜ੍ਹਤੀ ਹੀ ਲੋਕ ਸਾਹਿਤ ਦੀ ਮਿਲੀ। ਬੇਬੇ ਅਕਸਰ ਚੱਕੀ ਪੀਹਦਿਆਂ ਤੇ ਚਰਖਾ ਕੱਤਦਿਆਂ ਲੰਬੇ ਗੀਤ ਗਾਉਂਦੀ ਰਹਿੰਦੀ ਸੀ। ਇਹ ਗੀਤ ਉਸ ਦੇ ਦਿਲ ਨੂੰ ਧੂ ਪਾਉਂਦੇ, ਜੋ ਸੁਤੇ-ਸਿੱਧ ਉਸ ਦੇ ਮਨ ਮਸਤਕ ਵਿਚ ਵਸ ਗਏ। ਬਾਪੂ ਨੂੰ ਬਹੁਤ ਸਾਰੀਆਂ ਕਲੀਆਂ ਅਤੇ ਦੋਹੇ ਯਾਦ ਸਨ, ਉਹ ਖੇਤਾਂ ਵਿਚ ਕੰਮ ਕਰਦਿਆਂ ਲੰਬੀਆਂ ਹੇਕਾਂ ਲਾ ਕੇ ਗਾਉਂਦਾ ਹੁੰਦਾ ਸੀ। ਇਸ ਤਰ੍ਹਾਂ ਉਸ ਦੀ ਅੰਤਰ-ਆਤਮਾ ਨੇ ਲੋਕ ਗੀਤਾਂ ਨੂੰ ਇਕੱਠਾ ਕਰਨ ਲਈ ਪ੍ਰੇਰਿਆ। ਹੁਣ ਵੀ ਜਿੱਥੋਂ-ਕਿਤੇ ਪਤਾ ਲੱਗਦਾ ਬੇਬੇ, ਮਾਈ ਜਾਂ ਕਿਸੇ ਮੁਟਿਆਰ ਪਾਸੋਂ ਗੀਤ, ਕਹਾਣੀਆਂ ਸੁਣ ਕੇ ਉਹ ਲਿਖ ਲੈਂਦਾ ਹੈ। ਜੇ ਇਸ ਤਰ੍ਹਾਂ ਵੀ ਕਹਿ ਲਈਏ ਕਿ ਪੰਜਾਬੀ ਸੱਭਿਆਚਾਰ ਦੇ ਲੋਪ ਹੋ ਰਹੇ ਤੱਤਾਂ, ਲੋਕ ਬੁਝਾਰਤਾਂ, ਲੋਕ ਕਹਾਣੀਆਂ, ਲੋਕ ਗੀਤ, ਬਾਲ ਗੀਤ, ਲੋਕ ਨਾਚਾਂ ਆਦਿ ਨੂੰ ਉਸ ਨੇ ਆਪਣੀਆਂ ਪੁਸਤਕਾਂ ਵਿਚ ਸਾਂਭਣ ਦਾ ਯਤਨ ਕੀਤਾ ਹੈ ਤਾਂ ਗਲਤ ਨਹੀ ਹੋਵੇਗਾ। ਉਨ੍ਹਾਂ ਦਾ ਪਹਿਲਾ ਸੰਗ੍ਰਹਿ 'ਲੋਕ ਬੁਝਾਰਤਾਂ' 1956 ਵਿਚ ਛਪਿਆ। ਇਸ ਮਗਰੋਂ ਅਗਲਾ ਸੰਗ੍ਰਹਿ 'ਪੰਜਾਬੀ ਬੁਝਾਰਤਾਂ' ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ 1979 ਵਿਚ ਪ੍ਰਕਾਸ਼ਿਤ ਕੀਤਾ। 'ਪੰਜਾਬੀ ਸਭਿਆਚਾਰ ਦੀ ਆਰਸੀ' ਉਸ ਦੀ ਇਕ ਅਜਿਹੀ ਰਚਨਾ ਹੈ, ਜਿਸ ਵਿਚ ਪੰਜਾਬੀ ਸਭਿਆਚਾਰ ਅਤੇ ਲੋਕ ਵਿਰਸੇ ਦੇ ਭਿੰਨ-ਭਿੰਨ ਅੰਗਾਂ ਬਾਰੇ ਲੋੜੀਂਦੀ ਜਾਣਕਾਰੀ ਪ੍ਰਦਾਨ ਕੀਤੀ ਗਈ ਹੈ। ਪੰਜਾਬੀਆਂ ਦੇ ਮਨੋਰੰਜਨ ਦੇ ਸਾਧਨਾਂ, ਲੋਕ ਸਾਹਿਤ ਦੇ ਵਿਭਿੰਨ ਰੂਪਾਂ, ਮੇਲਿਆਂ, ਲੋਕ ਨਾਚਾਂ, ਤਿਉਹਾਰਾਂ ਅਤੇ ਰਸਮਾਂ ਰਿਵਾਜਾਂ ਬਾਰੇ ਪਾਠਕ ਇਸ ਰਚਨਾ ਦੁਆਰਾ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ। 'ਮਹਾਨ ਸੁਤੰਤਰਤਾ ਸੰਗਰਾਮੀ ਸਤਿਗੁਰੂ ਰਾਮ ਸਿੰਘ' ਦੀ ਜੀਵਨੀ ਪੰਜਾਬ ਸਰਕਾਰ ਨੇ ਉਨ੍ਹਾਂ ਤੋਂ ਲਿਖਵਾਈ ਤੇ ਇਕ ਨਾਟਕ 'ਪ੍ਰਾਇਆ ਧਨ' ਜੋ ਇਸਤਰੀ ਸਭਾ ਦੁਆਰਾ ਲਿਖਵਾਇਆ ਗਿਆ ਤੇ ਇਹ ਖੇਡਿਆ ਵੀ ਗਿਆ ਸੀ। ਇਸ ਨਾਟਕ ਔਰਤਾਂ ਦੇ ਹੱਕਾਂ ਲਈ ਲਿਖਿਆ ਗਿਆ ਸੀ। ਜਿਸ ਦਾ ਵਿਸ਼ਾ ਔਰਤਾਂ ਨੂੰ ਜਾਇਦਾਦ ਵਿੱਚੋਂ ਹੱਕ ਮਿਲਣਾ ਬਾਰੇ ਸੀ। ਮਾਲਵੇ ਵਿਚ ਕਲੀਆਂ ਲਾਉਣ ਦਾ ਬਹੁਤ ਰਿਵਾਜ ਰਿਹਾ ਹੈ, ਕਲੀਆਂ ਦਾ ਅਜੇ ਤਕ ਕੋਈ ਸੰਗ੍ਰਹਿ ਨਹੀਂ ਛਪਿਆ। ਲੋਕ ਦੋਹੇ ਅਤੇ ਮਾਹੀਆ ਕਾਵਿ ਰੂਪ ਵੀ ਵਿਖਰਿਆ ਪਿਆ ਹੈ। 'ਕੱਲਰ ਦੀਵਾ ਮੱਚਦਾ' ਪੁਸਤਕ ਵਿਚ ਉਸ ਨੇ ਦੋਹੇ ਅਤੇ ਮਾਹੀਆ ਕਾਵਿ ਰੂਪ ਨੂੰ ਸਾਂਭਣ ਦਾ ਯਤਨ ਕੀਤਾ ਹੈ। ਲੋਕ ਦੋਹੇ ਪੰਜਾਬੀ ਲੋਕ ਸਾਹਿਤ ਦੇ ਅਨਮੋਲ ਮੋਤੀ ਹਨ। ਜਿਨ੍ਹਾਂ ਵਿਚ ਪੰਜਾਬ ਦੀ ਸਦਾਚਾਰਕ, ਦਾਰਸ਼ਨਿਕ ਅਤੇ ਰੁਮਾਂਚਕ ਜ਼ਿੰਦਗੀ ਧੜਕਦੀ ਹੈ। ਲੋਕ ਦੋਹੇ ਵਾਂਗ ਹੀ 'ਮਾਹੀਆ' ਪੰਜਾਬੀ ਦਾ ਹਰਮਨ ਪਿਆਰਾ ਛੋਟੇ ਆਕਾਰ ਦਾ ਕਾਵਿ ਰੂਪ ਹੈ, ਜੋ ਪੰਜਾਬ ਦੀਆਂ ਸਾਰੀਆਂ ਉਪਭਾਸ਼ਾਵਾਂ ਵਿਚ ਰਚਿਆ ਮਿਲਦਾ ਹੈ।ਲੋਕ ਗਾਥਾਵਾਂ ਵਿਚ ਮੱਧਕਾਲ ਦੇ ਕਿੱਸਿਆਂ, ਵਾਰਾਂ ਤੇ ਜੰਗਨਾਮਿਆਂ ਦੇ ਬਿਰਤਾਂਤਕ-ਕਾਵਿ ਰਾਂਹੀ ਪੰਜਾਬੀ ਲੋਕ ਮਾਨਸ ਵਿਚ ਵਸੇ ਲੋਕ ਨਾਇਕਾਂ ਨੂੰ ਪਹਿਲੀ ਵਾਰ ਕਵਿਤਾ ਤੋਂ ਵਾਰਤਕ ਵਿਚ ਪੇਸ਼ ਕਰ ਕੇ ਇਕ ਵਿਲੱਖਣ ਕਾਰਜ ਕੀਤਾ ਹੈ। 'ਪੰਜਾਬ ਦੀਆਂ ਵਿਰਾਸਤੀ ਖੇਡਾਂ' ਪੁਸਤਕ 'ਚ ਸੁਖਦੇਵ ਮਾਦਪੁਰੀ ਦਾ ਇਕ ਹੋਰ ਸ਼ਲਾਘਾਯੋਗ ਕਾਰਜ ਹੈ। ਪੇਂਡੂ ਜੀਵਨ ਵਿੱਚੋਂ ਲੋਪ ਹੋ ਰਹੀਆਂ 77 ਵਿਰਾਸਤੀ ਖੇਡਾਂ ਬਾਰੇ ਭਰਪੂਰ ਜਾਣਕਾਰੀ ਦਿੱਤੀ ਗਈ ਹੈ। ਖੇਡਾਂ ਨਾਲ ਸੰਬੰਧਿਤ ਸ਼ਬਦਾਵਲੀ, ਖੇਡ ਕਾਰਜ ਵਿਧੀ ਅਤੇ ਸਭਿਆਚਾਰਕ ਮੁੱਲ-ਮਹੱਤਵ ਨੂੰ ਉਜਾਗਰ ਕੀਤਾ ਗਿਆ ਹੈ।

ਇਸ ਤਰ੍ਹਾਂ ਸਪੱਸ਼ਟ ਹੈ ਕਿ ਸੁਖਦੇਵ ਮਾਦਪੁਰੀ ਲੋਕਧਾਰਾ ਦੇ ਉਨ੍ਹਾਂ ਪੱਖਾਂ ਦਾ ਅਧਿਐਨ ਕਰਦੇ ਹਨ, ਜਿਨ੍ਹਾਂ ਤੇ ਸਾਨੂੰ ਹੁਣ ਤਕ ਬਹੁਤ ਘੱਟ ਕਾਰਜ ਹੋਇਆ ਮਿਲਦਾ ਹੈ। ਜਿਵੇਂ ਲੋਕ ਬੁਝਾਰਤਾਂ, ਲੋਕ ਖੇਡਾਂ, ਲੋਕ ਅਖਾਣ, ਲੋਕ ਗਾਥਾਵਾਂ ਆਦਿ। ਇਹ ਲੋਕ ਸਾਹਿਤ ਮਾਲਵਾ ਖੇਤਰ ਵਿਚ ਅਗਰਸਰ ਲੋਕਧਾਰਾ ਦੀ ਅਮੀਰ ਪਰੰਪਰਾ, ਸੱਭਿਆਚਾਰ ਅਤੇ ਲੋਕ ਮਾਨਸ ਦੀ ਤਰਜ਼ਮਾਨੀ ਕਰਦਾ ਹੈ। ਸੁਖਦੇਵ ਮਾਦਪੁਰੀ ਨੇ ਇਹ ਲੋਕਧਾਰਾਈ ਸਮੱਗਰੀ ਨੂੰ ਇਕੱਤਰ, ਸੰਪਾਦਿਤ ਤੇ ਅਧਿਐਨ ਕਰ ਕੇ ਲੋਕਧਾਰਾ ਵਿਚ ਵਡਮੁੱਲਾ ਯੋਗਦਾਨ ਪਾਇਆ। ਜਿਹੜਾ ਕਾਰਜ ਉਸ ਨੂੰ ਲੋਕਧਾਰਾ ਸ਼ਾਸਤਰੀ ਚਿੰਤਕ ਵਜੋਂ ਸਥਾਪਿਤ ਕਰਦਾ ਹੈ। ਮਾਦਪੁਰੀ ਦੀਆਂ ਰਚਨਾਵਾਂ ਦੀ ਖਾਸੀਅਤ ਇਹ ਹੈ ਕਿ ਉਸ ਨੇ ਲੋਕ ਸਾਹਿਤ ਨੂੰ ਜਿਵੇਂ ਲੋਕਾਂ ਕੋਲੋਂ ਸੁਣਿਆਂ ਉਸ ਨੂੰ ਉਸੇ ਤਰ੍ਹਾਂ ਲੋਕ ਭਾਸ਼ਾ ਵਿਚ ਕਲਮਬੱਧ ਕੀਤਾ। ਜੋ ਪ੍ਰਮਾਣਕਿਤਾ ਦੇ ਆਧਾਰ ਦਾ ਪ੍ਰਮਾਣ ਹੈ। •

## ਗ਼ਜ਼ਲ



ਗੋਡੇ ਗੋਡੇ ਧੁੱਪ ਚੜ੍ਹੀ ਹੈ।
ਕਿਉਂ ਕਰ ਨੈਣੀਂ ਨੀਂਦ ਅੜੀ ਹੈ।

ਅੱਖਾਂ ਬਦਲੇ ਸੁਪਨੇ ਦੇਵੋ,
ਸ਼ਾਸਕ ਨੀਤੀ ਇੰਝ ਘੜੀ ਹੈ।

ਗੂੜ੍ਹੀ ਨੀਂਦਰ ਸ਼ਾਇਰ ਨ ਲੋਚਣ,
ਇਕ ਝਪਕੀ ਪਲ ਝੱਟ ਬੜੀ ਹੈ।

ਕਿੰਜ ਸ਼ਹੀਦੀ ਪਾਈ ਜਾਂਦੀ,
ਖ਼ੁਦ ਜਾਮਨ ਸਰਹਿੰਦ ਗੜ੍ਹੀ ਹੈ।

ਹੁਸਨ ਸਮੂਰਤ, ਸੁੰਦਰ ਸੂਰਤ,
ਅੱਲ੍ਹੜ ਕਾਦਰ ਆਪ ਘੜੀ ਹੈ।

ਜਾਬਰ ਆਖੇ ਸੀਸ ਝੁਕਾਓ,
ਨਾਬਰ ਪੱਲੇ ਅਣਖ ਬੜੀ ਹੈ।

ਪੱਥਰ 'ਚੋਂ ਭਗਵਾਨ ਦੀ ਮੂਰਤ,
ਕਿਰਤੀ ਸੰਦਾਂ ਨਾਲ ਘੜੀ ਹੈ।

ਨੈਣ ਨਿਰਾਸੇ, ਦੀਦ ਹਿਰਾਸੇ,
ਚੀਕ ਲਬਾਂ 'ਤੇ ਆਣ ਖੜ੍ਹੀ ਹੈ।

ਉਸ ਨੂੰ ਕੌਣ ਮਿਟਾ ਸਕਦਾ ਹੈ,
ਮੱਥੇ ਪੱਕੀ ਸੋਚ ਜੜੀ ਹੈ।

ਮਾਣ ਕਰੇਂ ਹਥਿਆਰਾਂ ਦਾ ਤੂੰ,
ਅਪਣੇ ਹੱਥੀਂ ਕਲਮ ਫੜੀ ਹੈ।

ਰਾਜਾ ! ਤੇਰੇ ਜਬਰ ਦੀ ਨਿਸਬਤ,
ਸਾਡੀ ਧੌਣ 'ਚ ਵੱਧ ਤੜ੍ਹੀ ਹੈ।

ਪੁੱਠੇ ਕਾਰੇ, ਬੰਦਾ ਕਰਦਾ,
ਸੂਲ਼ੀ ਸਾਰੀ ਧਰਤ ਚੜ੍ਹੀ ਹੈ।

ਅੱਟਣ ਵਾਲੇ ਹੱਥਾਂ 'ਸੂਫ਼ੀ',
ਅਪਣੀ ਕਿਸਮਤ ਆਪ ਘੜੀ ਹੈ।



• **ਅਮਰ 'ਸੂਫ਼ੀ',**
*ਮੋਬਾਈਲ : 98555 43660*

## ਕਵਿਤਾ

ਉਹ ਕੁੜੀ ਮੇਰੀ ਜਾਂ ਵਰਗੀ ਸੀ
ਆਉਂਦੇ ਜਾਂਦੇ ਸਾਹ ਵਰਗੀ ਸੀ।

ਪੌਣਾਂ ਵਿਚ ਰਸ ਘੋਲ਼ਦੀ
ਜਦ ਵੀ ਮੂੰਹੋਂ ਬੋਲਦੀ
ਸੋਹਣੀ ਆਪਣੇ ਨਾਂ ਵਰਗੀ ਸੀ।
ਆਉਂਦੇ ਜਾਂਦੇ ...

ਕਲੋਲ ਵੱਟਾਂ 'ਤੇ ਕਰਦੀ ਸੀ
ਪੱਬ ਪੋਲੇ-ਪੋਲੇ ਧਰਦੀ ਸੀ
ਠੰਢੀ-ਠੰਢੀ ਵਾਅ ਵਰਗੀ ਸੀ।
ਆਉਂਦੇ ਜਾਂਦੇ ...

ਗੁੱਸਾ ਰਤਾ ਨਾ ਕਰਦੀ ਸੀ
ਕਦੇਂ ਕਦਾਈ ਲੜਦੀ ਸੀ
ਨਾ ਨਾ ਉਹ ਦੀ ਹਾਂ ਵਰਗੀ ਸੀ।
ਆਉਂਦੇ ਜਾਂਦੇ ...



ਮਾੜਾ ਨਾ ਉਹ ਚਾਹੁੰਦੀ ਸੀ
ਗਲਤ ਗੱਲ ਤੇ ਸਮਝਾਉਂਦੀ ਸੀ
ਲੱਗਦੀ ਮੈਨੂੰ ਮਾਂ ਵਰਗੀ ਸੀ।
ਆਉਂਦੇ ਜਾਂਦੇ ...

ਬੜਾ ਹੀ ਯਾਦ ਆਉਂਦੀ ਆ
ਖੌਰੇ ਕਿੱਥੇ ਖੋ ਗਈ ਆ
ਮੇਰੀ ਸੱਜੀ ਬਾਂਹ ਵਰਗੀ ਸੀ
ਆਉਂਦੇ ਜਾਂਦੇ ..

• **ਕਮਲ ਸੇਖੋਂ**

## ਗੀਤ

ਨਾ ਵੱਢੀਏ , ਨਾ ਕੱਟੀਏ ਸੋਹਣੇ ਰੁੱਖਾਂ ਨੂੰ
'ਵਾਜ਼ ਮਾਰ ਕੇ ਨਾ ਬੁਲਾਈਏ ਦੁੱਖਾਂ ਨੂੰ
ਨਾ ਵੱਢੀਏ , ਨਾ ਕੱਟੀਏ ਸੋਹਣੇ ਰੁੱਖਾਂ ਨੂੰ...।

ਪੀ ਲੈਂਦੇ ਇਹ ਧੂੰਏ ਵਰਗੀਆਂ ਜ਼ਹਿਰਾਂ ਨੂੰ
ਰੱਖਦੇ ਸੋਹਣਾ ਸਾਫ਼ ਇਹ ਪਿੰਡਾਂ ਸ਼ਹਿਰਾਂ ਨੂੰ
ਦਿੰਦੇ ਸੋਹਣਾ ਵਾਤਾਵਰਨ ਮਨੁੱਖਾਂ ਨੂੰ
ਨਾ ਵੱਢੀਏ ,ਨਾ ਕੱਟੀਏ ਸੋਹਣੇ ਰੁੱਖਾਂ ...।

ਧੁੱਪ, ਗਰਮੀ ਵਿਚ ਦਿੰਦੇ ਮੀਂਹ ਤੇ ਛਾਵਾਂ ਨੇ
ਬਣ ਕੇ ਮਿੱਤਰ ਵੰਡਦੇ ਸੀਤ ਹਵਾਵਾਂ ਨੇ
ਦਿੰਦੇ ਹਾਸੇ, ਖੇੜੇ ਸਾਡੇ ਮੁੱਖਾਂ ਨੂੰ
ਨਾ ਵੱਢੀਏ, ਨਾ ਕੱਟੀਏ ਸੋਹਣੇ ਰੁੱਖਾਂ ਨੂੰ....।

ਰੁੱਖਾਂ ਬਾਝੋਂ ਸਾਉਣ ਮਹੀਨਾ ਸੁੱਕ ਜਾਣਾ
ਤੀਆਂ, ਗਿੱਧੇ,ਪੀਂਘਾਂ, ਤ੍ਰਿੰਝਣ, ਮੁੱਕ ਜਾਣਾ
ਹੱਥੀਂ ਮਾਰ-ਮੁਕਾਈਏ ਨਾ ਸਭ ਸੁੱਖਾਂ ਨੂੰ
ਨਾ ਵੱਢੀਏ, ਨਾ ਕੱਟੀਏ ਸੋਹਣੇ ਰੁੱਖਾਂ ਨੂੰ...।



ਦੇਸ਼ ਦਾ ਇਹ ਵਡਮੁੱਲਾ ਧਨ ਵਧਾਉਣਾ ਹੈ
ਕਰੀਏ ਵਾਅਦਾ ਇਕ-ਇਕ ਰੁੱਖ ਲਗਾਉਣਾ ਹੈ
ਆਜੋ ਮਾਰੀਏ ਮਿਰਗ ਤ੍ਰਿਸ਼ਨੀ ਭੁੱਖਾਂ ਨੂੰ
ਨਾ ਵੱਢੀਏ, ਨਾ ਕੱਟੀਏ ਸੋਹਣੇ ਰੁੱਖਾਂ ਨੂੰ...।

ਜਸਵਿੰਦਰ ਫਗਵਾੜਾ ਸਾਂਝ ਪੁਰਾਣੀ ਹੈ
ਰੁੱਖ ਧਰਤੀ ਵਿਚ ਸਾਂਭੀ ਬੈਠੇ ਪਾਣੀ ਹੈ
ਦੇਣ ਬਹਾਰਾਂ ਧਰਤੀ ਮਾਂ ਦੀਆਂ ਕੁੱਖਾਂ ਨੂੰ
ਨਾ ਵੱਢੀਏ, ਨਾ ਕੱਟੀਏ ਸੋਹਣੇ ਰੁੱਖਾਂ ਨੂੰ
'ਵਾਜ਼ ਮਾਰ ਕੇ ਨਾ ਬੁਲਾਈਏ ਦੁੱਖਾਂ ਨੂੰ...।

• **ਜਸਵਿੰਦਰ ਕੌਰ ਫਗਵਾੜਾ**
*ਮੋਬਾਈਲ : 94171-35083*

## ਮਿੰਨੀ ਕਹਾਣੀ

### ਰੱਬ

ਟੈਸਟ ਦੀ ਰਿਪੋਰਟ ਆਉਣ ਵਾਲੀ ਸੀ। ਅਮਨ ਦਿਲ ਵਿਚ ਡਰ ਜਿਹਾ ਲੈ ਕੇ ਆਪਣੀ ਸੱਸ ਨਾਲ ਆਉਣ ਵਾਲੀ ਖ਼ਬਰ ਦਾ ਇੰਤਜ਼ਾਰ ਕਰ ਰਹੀ ਸੀ। ਅਚਾਨਕ ਡਾਕਟਰ ਆਈ ਤੇ ਢਿੱਲੇ ਜਹੇ ਮੂੰਹ ਨਾਲ ਗਰਭ 'ਚ ਕੁੜੀ ਹੋਣ ਦੀ ਗੱਲ ਕਹਿ ਗਈ। ਕਮਰੇ 'ਚ ਸੰਨਾਟਾ ਛਾ ਗਿਆ।

ਜੇਰਾ ਜਿਹਾ ਕਰ ਕੇ ਅਮਨ ਦੀ ਸੱਸ ਨੇ ਡਾਕਟਰ ਨੂੰ ਇਸ਼ਾਰਾ ਕੀਤਾ ਤਾਂ ਅਮਨ ਦਾ ਰੋਮ ਰੋਮ ਕੁਰਲਾ ਉੱਠਿਆ 'ਬੀਜੀ, ਜਿਹੜੇ ਰੱਬ ਦੇ ਅੱਗੇ ਆਪਾਂ ਸਵੇਰੇ ਨੱਕ ਰਗੜ ਕੇ ਆਏ ਆਂ? ਕੀ ਇਹ ਸਭ ਸਹੀ ਹੋਵੇ, ਉਸ ਤਾਂ ਇਹ ਨੀਂ ਕਿਹਾ ਕਿ ਧੀ ਨੂੰ ਕੁੱਖ 'ਚ ਮਰਵਾ ਦਿਉ, ਹੋ ਸਕਦਾ ਆਪਣਾ ਚੰਗਾ ਏਸੇ 'ਚ ਹੀ ਹੋਵੇ'? ਅਮਨ ਨੇ ਤਰਲਾ ਜਿਹਾ ਪਾਇਆ। 'ਚੁੱਪ ਕਰ ਨੀਂ, ਜੇ ਤੇਰਾ ਰੱਬ ਐਡਾ ਸੱਚਾ ਹੁੰਦਾ ਤਾਂ ਕੋਈ ਚੱਜ ਦੀ ਖ਼ਬਰ ਨਾ ਆਉਦੀ'? ਏਨਾ ਕਹਿ ਕੇ ਓਹ ਡਾਕਟਰ ਨਾਲ ਸਲਾਹ ਕਰਨ ਲੱਗ ਪਈ।ਅਮਨ ਦੀ ਸੱਸ ਜੋ ਸਵੇਰੇ ਰੱਬ ਤੇ ਡੋਰੀਆਂ ਸੁੱਟ ਰਹੀ ਸੀ, ਹੁਣ ਆਪ ਰੱਬ ਬਣ ਕੇ ਹੁਕਮ ਚਲਾ ਰਹੀ ਸੀ।

• **ਅਰਸ਼ ਸਿੱਧੂ,** *ਮੋਬਾਈਲ : 94642-15070*

# ਐਲਨ ਬਠਿੰਡਾ ਦੇ ਯਸ਼ਿਤ ਕਾਂਸਲ ਨੇ ਜੇਈਈ-ਐਡਵਾਂਸਡ ਵਿੱਚ ਹਾਸਲ ਕੀਤਾ ਆਲ ਇੰਡੀਆ ਰੈਂਕ-137

**ਬਠਿੰਡਾ,4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**




ਆਈਆਈਟੀ ਰੁੜਕੀ ਵੱਲੋਂ ਅੱਜ ਜਾਰੀ ਜੇਈਈ-ਐਡਵਾਂਸਡ 2026 ਦੇ ਇਮਤਿਹਾਨੀ ਨਤੀਜਿਆਂ ਵਿੱਚ ਐਲਨ ਕਰੀਅਰ ਇੰਸਟੀਚਿਊਟ ਦੇ ਵਿਦਿਆਰਥੀਆਂ ਨੇ ਇੱਕ ਵਾਰ ਫਿਰ ਆਪਣੀ ਸਰਵੋਤਮਤਾ ਸਾਬਤ ਕੀਤੀ ਹੈ। ਐਲਨ ਬਠਿੰਡਾ ਦੇ ਕਲਾਸਰੂਮ ਸਟੂਡੈਂਟ ਯਸ਼ਿਤ ਕੰਸਲ ਨੇ ਆਲ ਇੰਡੀਆ ਰੈਂਕ (AIR)-137 ਪ੍ਰਾਪਤ ਕਰਕੇ ਸ਼ਹਿਰ ਵਿੱਚੋਂ ਟਾਪ ਕੀਤਾ ਹੈ। ਨਤੀਜੇ ਘੋਸ਼ਿਤ ਹੋਣ ਦੇ ਨਾਲ ਹੀ ਐਲਨ ਸੰਸਥਾ ਵਿੱਚ ਜਸ਼ਨ ਅਤੇ ਖੁਸ਼ੀ ਦਾ ਮਾਹੌਲ ਬਣ ਗਿਆ। ਢੋਲ-ਨਗਾਰਿਆਂ ਦੀ ਗੂੰਜ ਵਿੱਚ ਅਧਿਆਪਕਾਂ ਨੇ ਸਾਰੇ ਸਫਲ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਦਾ ਮੂੰਹ ਮਿੱਠਾ ਕਰਵਾ ਕੇ ਵਧਾਈ ਦਿੱਤੀ।

ਐਲਨ ਬਠਿੰਡਾ ਦੇ ਸੈਂਟਰ ਹੈੱਡ ਸੁਨੀਲ ਗੁਪਤਾ ਨੇ ਦੱਸਿਆ ਕਿ ਐਲਨ ਹਮੇਸ਼ਾ ਤੋਂ ਹੀ ਆਪਣੇ ਇਤਿਹਾਸਕ ਅਤੇ ਸਰਵੋਤਮ ਨਤੀਜਿਆਂ ਲਈ ਜਾਣਿਆ ਜਾਂਦਾ ਹੈ। ਇਸ ਸਾਲ ਵੀ ਸੰਸਥਾ ਨੇ ਆਪਣੀ ਇਸੇ ਪਰੰਪਰਾ ਨੂੰ ਬਰਕਰਾਰ ਰੱਖਿਆ ਹੈ। ਉਨ੍ਹਾਂ ਕਿਹਾ ਕਿ ਇਹ ਸ਼ਾਨਦਾਰ ਨਤੀਜਾ ਸਾਰੇ ਵਿਦਿਆਰਥੀਆਂ ਦੀ ਸਖ਼ਤ ਮਿਹਨਤ, ਅਧਿਆਪਕਾਂ ਦੇ ਮਾਰਗਦਰਸ਼ਨ ਅਤੇ ਮਾਪਿਆਂ ਦੇ ਅਟੁੱਟ ਭਰੋਸੇ ਦੀ ਜਿੱਤ ਹੈ। ਐਲਨ ਬਠਿੰਡਾ ਇਸੇ ਵਿਸ਼ਵਾਸ ਦੇ ਨਾਲ ਨਿਰੰਤਰ ਅੱਗੇ ਵਧ ਰਿਹਾ ਹੈ। ਯਸ਼ਿਤ ਕੰਸਲ ਤੋਂ ਇਲਾਵਾ, ਟਾਪ-500 ਤੋਂ ਲੈ ਕੇ ਟਾਪ-10 ਹਜ਼ਾਰ ਤੱਕ ਦੇ ਰੈਂਕ ਵਿੱਚ ਐਲਨ ਬਠਿੰਡਾ ਦੇ 15 ਕਲਾਸਰੂਮ ਸਟੂਡੈਂਟਸ ਨੇ ਆਪਣੀ ਜਗ੍ਹਾ ਬਣਾਈ ਹੈ।

**ਐਲਨ ਨੇ ਰਾਸ਼ਟਰੀ ਪੱਧਰ 'ਤੇ ਰਚਿਆ ਨਵਾਂ ਇਤਿਹਾਸ: ਲਗਾਤਾਰ ਤੀਜੇ ਸਾਲ ਹਾਸਲ ਕੀਤਾ AIR-1**

ਆਈਆਈਟੀ ਰੁੜਕੀ ਵੱਲੋਂ ਅੱਜ ਘੋਸ਼ਿਤ ਜੇਈਈ-ਐਡਵਾਂਸਡ 2026 ਦੇ ਨਤੀਜਿਆਂ ਵਿੱਚ ਐਲਨ ਕਰੀਅਰ ਇੰਸਟੀਚਿਊਟ ਨੇ ਲਗਾਤਾਰ ਤੀਜੇ ਸਾਲ ਆਲ ਇੰਡੀਆ ਰੈਂਕ (AIR)-1 ਹਾਸਲ ਕਰਕੇ ਇੱਕ ਨਵਾਂ ਰਿਕਾਰਡ ਕਾਇਮ ਕੀਤਾ ਹੈ। ਇਨ੍ਹਾਂ ਨਤੀਜਿਆਂ ਦੇ ਨਾਲ, ਐਲਨ ਨੇ ਹੁਣ ਤੱਕ ਆਈਆਈਟੀ-ਜੇਈਈ (IIT-JEE) ਵਿੱਚ 7 ਵਾਰ ਆਲ ਇੰਡੀਆ ਰੈਂਕ-1 'ਤੇ ਕਬਜ਼ਾ ਕੀਤਾ ਹੈ, ਅਤੇ ਆਪਣੇ ਇਤਿਹਾਸ ਵਿੱਚ ਦੂਜੀ ਵਾਰ ਲਗਾਤਾਰ ਆਲ ਇੰਡੀਆ ਰੈਂਕ 1, 2, ਅਤੇ 3 ਹਾਸਲ ਕਰਨ ਦਾ ਕਾਰਨਾਮਾ ਦੁਹਰਾਇਆ ਹੈ। ਐਲਨ ਨੇ ਇਸ ਤੋਂ ਪਹਿਲਾਂ ਇਹ ਮੁਕਾਮ 2016 ਵਿੱਚ ਹਾਸਲ ਕੀਤਾ ਸੀ। ਰਾਸ਼ਟਰੀ ਪੱਧਰ 'ਤੇ ਐਲਨ ਦੇ ਵਿਦਿਆਰਥੀਆਂ ਨੇ ਟਾਪ-10 ਵਿੱਚ 6 ਆਲ ਇੰਡੀਆ ਰੈਂਕ, ਟਾਪ-50 ਵਿੱਚ 24 ਕਲਾਸਰੂਮ ਸਟੂਡੈਂਟਸ ਅਤੇ ਟਾਪ-100 ਵਿੱਚ 41 ਰੈਂਕ ਹਾਸਲ ਕੀਤੇ ਹਨ।

ਇਹ ਸ਼ਾਨਦਾਰ ਪ੍ਰਦਰਸ਼ਨ ਇੱਕ ਵਾਰ ਫਿਰ ਸਾਬਤ ਕਰਦਾ ਹੈ ਕਿ ਐਲਨ ਦੇਸ਼ ਦੇ ਚੋਟੀ ਦੇ ਰਾਸ਼ਟਰੀ ਰੈਂਕਰ ਪੈਦਾ ਕਰਨ ਵਾਲੀ ਸਭ ਤੋਂ ਸਫਲ ਅਤੇ ਨਿਰੰਤਰ ਸੰਸਥਾ ਹੈ।

ਰਾਸ਼ਟਰੀ ਪੱਧਰ 'ਤੇ ਐਲਨ ਦੀ ਇਸ ਦੇਸ਼-ਵਿਆਪੀ ਸਫ਼ਲਤਾ ਦੀ ਅਗਵਾਈ ਐਲਨ ਕੋਟਾ ਕਲਾਸਰੂਮ ਦੇ ਸਟੂਡੈਂਟ ਸ਼ੁਭਮ ਕੁਮਾਰ ਨੇ ਕੀਤੀ। ਸ਼ੁਭਮ ਨੇ 360 ਵਿੱਚੋਂ 330 ਅੰਕ ਪ੍ਰਾਪਤ ਕਰਕੇ ਆਲ ਇੰਡੀਆ ਰੈਂਕ-1 ਹਾਸਲ ਕੀਤਾ। ਉੱਤਮਤਾ ਦੇ ਇਸ ਸਿਲਸਿਲੇ ਨੂੰ ਬਰਕਰਾਰ ਰੱਖਦਿਆਂ ਐਲਨ ਕਲਾਸਰੂਮ ਦੇ ਵਿਦਿਆਰਥੀ ਕਬੀਰ ਛਿੱਲਰ ਨੇ 360 ਵਿੱਚੋਂ 329 ਅੰਕਾਂ ਨਾਲ ਆਲ ਇੰਡੀਆ ਰੈਂਕ-2 ਅਤੇ ਜਤਿਨ ਚਾਹਰ ਨੇ 319 ਅੰਕਾਂ ਨਾਲ ਆਲ ਇੰਡੀਆ ਰੈਂਕ-3 ਹਾਸਲ ਕੀਤਾ।

ਆਲ ਇੰਡੀਆ ਗਰਲਜ਼ ਟਾਪਰ ਆਰੋਹੀ ਦੇਸ਼ਪਾਂਡੇ ਵੀ ਐਲਨ ਕੋਟਾ ਕਲਾਸਰੂਮ ਦੀ ਵਿਦਿਆਰਥਣ ਹੈ। ਆਰੋਹੀ ਨੇ 280 ਅੰਕਾਂ ਨਾਲ ਆਲ ਇੰਡੀਆ ਰੈਂਕ-77 ਹਾਸਲ ਕੀਤਾ ਹੈ। ਐਲਨ ਔਨਲਾਈਨ ਲਾਈਵ ਕੋਰਸ ਦੇ ਵਿਦਿਆਰਥੀ ਯਸ਼ਵਰਧਨ ਨੇ ਔਨਲਾਈਨ ਕੋਰਸਾਂ ਵਿੱਚ ਸਰਵੋਤਮ ਪ੍ਰਦਰਸ਼ਨ ਕਰਦੇ ਹੋਏ ਆਲ ਇੰਡੀਆ ਰੈਂਕ-52 ਪ੍ਰਾਪਤ ਕੀਤਾ ਹੈ।

# ਫੁਟਬਾਲ ਲੀਗ ਮੈਚਾਂ ਵਿੱਚ ਮਾਣੇਵਾਲ ਦੀਆਂ ਟੀਮਾਂ ਜੇਤ



**ਮਾਛੀਵਾੜਾ ਸਾਹਿਬ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਛੀਵਾੜਾ ਨਜ਼ਦੀਕ ਪਿੰਡ ਮਾਣੇਵਾਲ ਵਿਖੇ ਫੁਟਬਾਲ ਦੇ ਲੀਗ ਮੈਚਾਂ ਦੀ ਸ਼ੁਰੂਆਤ ਕੀਤੀ ਗਈ। ਪ੍ਰਧਾਨ ਕੁਲਦੀਪ ਸਿੰਘ ਭੰਗਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨੌਜਵਾਨਾਂ ਨੂੰ ਖੇਡ ਗਰਾਊਂਡਾਂ ਅਤੇ ਖੇਡਾਂ ਨਾਲ ਜੋੜਨ ਲਈ ਕੀਤੇ ਜਾਂਦੇ ਉਪਰਾਲਿਆਂ ਤਹਿਤ ਮਾਣੇਵਾਲ ਫੁਟਬਾਲ ਕਲੱਬ ਵੱਲੋਂ ਫੁਟਬਾਲ ਲੀਗ ਮੈਚਾਂ ਦੀ ਸ਼ੁਰੂਆਤ ਕੀਤੀ ਗਈ ਹੈ , ਜਿਸ ਵਿਚ ਫੁਟਬਾਲ ਕਲੱਬ ਇੱਕ ਪਿੰਡ ਦਾ ਸ਼ੁਰੂਆਤੀ ਮੈਚ ਮਾਣੇਵਾਲ ਅਤੇ ਮਿਹਰਬਾਨ ਦੀਆਂ ਟੀਮਾਂ ਵਿਚਕਾਰ ਕਰਵਾਇਆ ਗਿਆ ਜਿਸ ਵਿੱਚ ਮਾਣੇਵਾਲ ਦੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਇੱਕ ਗੋਲ ਦੇ ਮੁਕਾਬਲੇ ਸਿਫਰ ਨਾਲ ਮਿਹਰਬਾਨ ਦੀ ਟੀਮ ਨੂੰ ਹਰਾਇਆ। ਅੰਡਰ ਦੀ ਟੀਮ ਦੇ ਮੈਚ ਵਿੱਚ ਮਾਣੇਵਾਲ ਨੇ ਮਾਛੀਵਾੜਾ ਸਾਹਿਬ ਦੀ ਟੀਮ ਨੂੰ ਹਰਾਉਂਦਿਆਂ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਮੌਕੇ ਭੁਪਿੰਦਰ ਸਿੰਘ ਧਾਲੀਵਾਲ, ਗੁਰਭੇਜ ਸਿੰਘ ਖੱਡੀ, ਜਸਵੀਰ ਸਿੰਘ ਜੱਸੀ ,ਗੁਰਟੇਕ ਸਿੰਘ, ਸਤਨਾਮ ਸਿੰਘ ਸੱਤਾ, ਜੋਰਾ ਸਿੰਘ, ਮਲਕੀਤ ਸਿੰਘ ਸੇਠੀ, ਅੰਗਰੇਜ਼ ਸਿੰਘ ,ਬਾਗ ਸਿੰਘ ਪੰਚ ,ਲਵਦੀਪ ਸਿੰਘ, ਜਸਪਾਲ ਸਿੰਘ, ਇੰਦਰਜੀਤ ਸਿੰਘ, ਗ੍ਰਾਮ ਪੰਚਾਇਤ ਅਤੇ ਨਗਰ ਨਿਵਾਸੀ ਵੀ ਮੌਜੂਦ ਸਨ। ਕੋਚ ਕੁਲਦੀਪ ਸਿੰਘ ਭੰਗਾਂ ਨੇ ਦੱਸਿਆ ਕਿ ਇਹਨਾਂ ਮੁਕਾਬਲਿਆਂ ਲਈ ਅਮਨਦੀਪ ਸਿੰਘ ਧਾਲੀਵਾਲ ਅਤੇ ਬਚਿੱਤਰ ਸਿੰਘ ਯੂ.ਕੇ. ਦਾ ਵਿਸ਼ੇਸ਼ ਤੌਰ ਤੇ ਯੋਗਦਾਨ ਹੈ।

# ਬਿਕਰਮ ਮਜੀਠੀਆ ਦੇ ਘਰ ਛਾਪਾ; 50 ਤੋਂ ਵੱਧ ਲੋਕਾਂ ਖ਼ਿਲਾਫ਼ ਕੇਸ ਦਰਜ, ਜਾਂਚ ਲਈ SIT ਗਠਿਤ

## ਐੱਸ.ਐੱਸ.ਪੀ. ਸੋਹੇਲ ਕਾਸਿਮ ਮੀਰ ਦੇ ਵੱਡੇ ਖੁਲਾਸੇ- ਭੀੜ ਨੇ ਥਾਣੇ ਅੰਦਰ ਵੜ ਕੇ ਫਾਈਲਾਂ ਪਾੜੀਆਂ, ਪੁਲੀਸ 'ਤੇ ਹਮਲਾ ਕਰਕੇ ਮੁਲਜ਼ਮ ਛੁਡਾਉਣ ਦੀ ਕੀਤੀ ਕੋਸ਼ਿਸ਼

**ਅੰਮ੍ਰਿਤਸਰ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਮਜੀਠਾ ਪੁਲੀਸ ਸਟੇਸ਼ਨ 'ਤੇ ਹੋਏ ਕਥਿਤ ਹਮਲੇ, ਭੰਨਤੋੜ ਅਤੇ ਪੁਲੀਸ ਹਿਰਾਸਤ ਵਿੱਚੋਂ ਇੱਕ ਨਜ਼ਰਬੰਦ ਵਿਅਕਤੀ ਨੂੰ ਜ਼ਬਰਦਸਤੀ ਛੁਡਾਉਣ ਦੀ ਕੋਸ਼ਿਸ਼ ਦੇ ਮਾਮਲੇ ਵਿੱਚ ਅੰਮ੍ਰਿਤਸਰ ਦਿਹਾਤੀ ਪੁਲੀਸ ਨੇ ਅੱਜ ਵੱਡੀ ਕਾਰਵਾਈ ਕੀਤੀ ਹੈ। ਐਸ.ਪੀ. ਆਦਿਤਿਆ ਵਾਰੀਅਰ ਦੀ ਅਗਵਾਈ ਹੇਠ ਪੁਲੀਸ ਦੀ ਇੱਕ ਭਾਰੀ ਬਲ ਵਾਲੀ ਟੀਮ ਨੇ ਅੱਜ ਇੱਥੋਂ ਦੇ ਗ੍ਰੀਨ ਐਵੇਨਿਊ ਇਲਾਕੇ ਵਿੱਚ ਸਥਿਤ ਸੀਨੀਅਰ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਦੇ ਘਰ ਛਾਪੇਮਾਰੀ ਕੀਤੀ। ਹਾਲਾਂਕਿ, ਛਾਪੇਮਾਰੀ ਦੌਰਾਨ ਬਿਕਰਮ ਸਿੰਘ ਮਜੀਠੀਆ ਆਪਣੇ ਘਰ ਮੌਜੂਦ ਨਹੀਂ ਸਨ। ਪੁਲੀਸ ਵੱਲੋਂ ਉਨ੍ਹਾਂ ਦੀ ਗ੍ਰਿਫ਼ਤਾਰੀ ਲਈ ਹੋਰ ਕਈ ਥਾਵਾਂ 'ਤੇ ਵੀ ਛਾਪੇ ਮਾਰੇ ਜਾ ਰਹੇ ਹਨ।

ਇਸ ਪੂਰੇ ਮਾਮਲੇ ਬਾਰੇ ਮੀਡੀਆ ਨੂੰ ਅਧਿਕਾਰਤ ਜਾਣਕਾਰੀ ਦਿੰਦਿਆਂ ਅੰਮ੍ਰਿਤਸਰ ਦਿਹਾਤੀ ਦੇ ਐੱਸ.ਐੱਸ.ਪੀ. ਸੋਹੇਲ ਕਾਸਿਮ ਮੀਰ ਨੇ ਕਈ ਵੱਡੇ ਖੁਲਾਸੇ ਕੀਤੇ ਹਨ। ਉਨ੍ਹਾਂ ਦੱਸਿਆ ਕਿ ਜੋਬਨਪ੍ਰੀਤ (ਜੋਬਨਜੀਤ) ਨੂੰ ਮਜੀਠਾ ਪੁਲੀਸ ਸਟੇਸ਼ਨ ਵਿੱਚ ਦਰਜ ਐਫ.ਆਈ.ਆਰ. ਨੰਬਰ 90 ਤਹਿਤ ਗ੍ਰਿਫ਼ਤਾਰ ਕੀਤਾ ਗਿਆ ਸੀ। ਐਤਵਾਰ ਸਵੇਰੇ ਲਗਭਗ 11:30 ਵਜੇ ਬਿਕਰਮ ਸਿੰਘ ਮਜੀਠੀਆ ਸਮੇਤ ਇੱਕ ਜਥੇਬੰਦੀ (ਕਿਰਤੀ ਕਿਸਾਨ ਯੂਨੀਅਨ) ਦੇ ਲੋਕ ਪੁਲੀਸ ਸਟੇਸ਼ਨ ਦੇ ਬਾਹਰ ਇਕੱਠੇ ਹੋਏ। ਕਾਨੂੰਨ ਦੀ ਪੂਰੀ ਤਰ੍ਹਾਂ ਅਣਦੇਖੀ ਕਰਦੇ ਹੋਏ, ਇਹ ਭੀੜ ਪੁਲੀਸ ਸਟੇਸ਼ਨ ਦੇ ਅੰਦਰ ਗੈਰ-ਕਾਨੂੰਨੀ ਢੰਗ ਨਾਲ ਦਾਖਲ ਹੋਈ ਅਤੇ ਥਾਣੇ ਦੀ ਤਲਾਸ਼ੀ ਲੈਣ ਲੱਗੀ। ਉਹ ਉਸ ਕਮਰੇ ਵਿੱਚ ਪਹੁੰਚ ਗਏ ਜਿੱਥੇ



ਜੋਬਨਪ੍ਰੀਤ ਤੋਂ ਪੁੱਛਗਿੱਛ ਕੀਤੀ ਜਾ ਰਹੀ ਸੀ। ਐੱਸ.ਐੱਸ.ਪੀ. ਨੇ ਇਸ ਘਟਨਾ ਨੂੰ ਪਹਿਲਾਂ ਤੋਂ ਯੋਜਨਾਬੱਧ ਕਰਾਰ ਦਿੰਦਿਆਂ ਕਿਹਾ ਕਿ ਭੀੜ ਨੇ ਕਥਿਤ ਤੌਰ 'ਤੇ ਉਸ ਨੂੰ ਕਮਰੇ ਵਿੱਚੋਂ ਛੁਡਾਉਣ ਦੀ ਕੋਸ਼ਿਸ਼ ਕੀਤੀ। ਇਸ ਹੰਗਾਮੇ ਦੌਰਾਨ ਭੀੜ ਨੇ ਥਾਣੇ ਵਿੱਚ ਪਏ ਕੇਸਾਂ ਦੀਆਂ ਅਹਿਮ ਫਾਈਲਾਂ ਵੀ ਪਾੜ ਦਿੱਤੀਆਂ, ਜਨਤਕ ਜਾਇਦਾਦ ਨੂੰ ਭਾਰੀ ਨੁਕਸਾਨ ਪਹੁੰਚਾਇਆ ਅਤੇ ਉੱਥੇ ਤਾਇਨਾਤ ਪੁਲੀਸ ਮੁਲਾਜ਼ਮਾਂ 'ਤੇ ਵੀ ਹਮਲਾ ਕਰ ਦਿੱਤਾ। ਉਨ੍ਹਾਂ ਨੇ ਥਾਣੇ ਦੇ ਅੰਦਰ ਡਰ ਅਤੇ ਹੰਗਾਮੇ ਦਾ ਮਾਹੌਲ ਪੈਦਾ ਕੀਤਾ।

**50 ਤੋਂ ਵੱਧ ਵਿਅਕਤੀਆਂ ਵਿਰੁੱਧ ਐਫ.ਆਈ.ਆਰ.; ਜਾਂਚ ਲਈ ਬਣੀ 'ਸਿਟ'**

ਐੱਸ.ਐੱਸ.ਪੀ. ਸੋਹੇਲ ਕਾਸਿਮ ਮੀਰ ਨੇ ਸਾਫ਼ ਸ਼ਬਦਾਂ ਵਿੱਚ ਚਿਤਾਵਨੀ ਦਿੱਤੀ ਕਿ ਸਾਰੇ ਸਬੂਤਾਂ ਅਤੇ ਵੀਡੀਓ ਫੁਟੇਜ ਨੂੰ ਘੋਖਣ ਤੋਂ ਬਾਅਦ ਇਸ ਸਬੰਧ ਵਿੱਚ ਮਜੀਠਾ ਪੁਲੀਸ ਸਟੇਸ਼ਨ ਵਿੱਚ 50 ਤੋਂ ਵੱਧ ਵਿਅਕਤੀਆਂ ਵਿਰੁੱਧ ਐਫ.ਆਈ.ਆਰ. ਦਰਜ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਕਾਨੂੰਨ ਨੂੰ ਹੱਥ ਵਿੱਚ ਲੈਣ ਵਾਲਾ ਕੋਈ ਵੀ ਵਿਅਕਤੀ ਬਖਸ਼ਿਆ ਨਹੀਂ ਜਾਵੇਗਾ ਅਤੇ ਇਸ ਮਾਮਲੇ ਵਿੱਚ ਜੋ ਵੀ ਜ਼ਿੰਮੇਵਾਰ ਹੋਵੇਗਾ, ਉਸ ਨੂੰ ਹਰ ਹਾਲ ਵਿੱਚ ਗ੍ਰਿਫ਼ਤਾਰ ਕੀਤਾ ਜਾਵੇਗਾ। ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਨ ਲਈ ਪੁਲੀਸ ਵੱਲੋਂ ਇੱਕ ਵਿਸ਼ੇਸ਼ ਜਾਂਚ ਟੀਮ- 'ਸਿਟ' ਦਾ ਗਠਨ ਕੀਤਾ ਗਿਆ ਹੈ। ਇਹ ਹਾਈ-ਪ੍ਰੋਫਾਈਲ ਜਾਂਚ ਟੀਮ ਐਸ.ਪੀ., ਪੀ.ਬੀ.ਆਈ. ਦੀ ਅਗਵਾਈ ਹੇਠ ਕੰਮ ਕਰੇਗੀ, ਜਦਕਿ ਦੋ ਡੀ.ਐੱਸ.ਪੀ. ਵੀ ਇਸ ਵਿਸ਼ੇਸ਼ ਜਾਂਚ ਟੀਮ ਦਾ ਹਿੱਸਾ ਹੋਣਗੇ।

ਜ਼ਿਕਰਯੋਗ ਹੈ ਕਿ ਇਹ ਕਾਰਵਾਈ ਐਤਵਾਰ ਨੂੰ ਕਿਰਤੀ ਕਿਸਾਨ ਯੂਨੀਅਨ ਅਤੇ ਅਕਾਲੀ ਦਲ ਦੇ ਪ੍ਰਦਰਸ਼ਨ ਤੋਂ ਬਾਅਦ ਅਮਲ ਵਿੱਚ ਲਿਆਂਦੀ ਗਈ ਹੈ। ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਨੇ ਦੋਸ਼ ਲਾਇਆ ਸੀ ਕਿ ਜੋਬਨਪ੍ਰੀਤ ਹਾਲ ਹੀ ਵਿੱਚ ਹੋਈਆਂ ਨਗਰ ਨਿਗਮ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦਾ ਪੋਲਿੰਗ ਏਜੰਟ ਸੀ, ਜਿਸ ਕਾਰਨ ਸਿਆਸੀ ਬਦਲਾਖੋਰੀ ਤਹਿਤ ਉਸ ਨੂੰ ਝੂਠੇ ਕੇਸ ਵਿੱਚ ਫਸਾਇਆ ਗਿਆ ਹੈ। ਪਰ ਪੁਲੀਸ ਵੱਲੋਂ ਥਾਣੇ ਅੰਦਰ ਹੋਈ ਭੰਨਤੋੜ ਅਤੇ ਫਾਈਲਾਂ ਪਾੜਨ ਦੇ ਲਾਏ ਗਏ ਗੰਭੀਰ ਦੋਸ਼ਾਂ ਤੋਂ ਬਾਅਦ ਹੁਣ ਅਕਾਲੀ ਆਗੂ ਖ਼ਿਲਾਫ਼ ਪੁਲੀਸ ਦਾ ਸ਼ਿਕੰਜਾ ਪੂਰੀ ਤਰ੍ਹਾਂ ਕੱਸ ਗਿਆ ਹੈ।

# ਕੰਨਿਆਂ ਸਕੂਲ ਮਾਛੀਵਾੜਾ ਵਿਖੇ ਹੋਈ ਮਾਪੇ ਅਧਿਆਪਕ ਮੀਟਿੰਗ



**ਮਾਛੀਵਾੜਾ ਸਾਹਿਬ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੀ.ਐਮ. ਸ਼੍ਰੀ ਸਰਕਾਰੀ ਕੰਨਿਆ ਸੀਨੀਅਰ ਸੈਕੈਂਡਰੀ ਸਮਾਰਟ ਸਕੂਲ ਮਾਛੀਵਾੜਾ ਸਾਹਿਬ ਵਿਖੇ ਸਕੂਲ ਦੇ ਕਾਰਜਕਾਰੀ ਪ੍ਰਿੰਸੀਪਲ ਹਰਦੀਪ ਕੌਰ ਦੀ ਯੋਗ ਅਗਵਾਈ ਦੇ ਹੇਠ ਮੈਗਾ ਪੀ. ਟੀ.ਐਮ. ਕਰਵਾਈ ਗਈ।

ਇਸ ÷ਸਿੱਖਿਆ ਦੇ ਮਹਾ ਜਸ਼ਨ ਦੇ ਦੌਰਾਨ÷ ਸਕੂਲ ਦੇ ਵਿੱਚ ਐਸ. ਐਮ. ਸੀ. ਕਮੇਟੀ ਦੇ ਚੇਅਰਮੈਨ ਸੰਦੀਪ ਕੌਰ ਹਾਜ਼ਰ ਰਹੇ। ਮੌਸਮ ਖਰਾਬ ਹੋਣ ਦੇ ਬਾਵਜੂਦ ਵੀ ਵਿਦਿਆਰਥੀਆਂ ਤੇ ਮਾਪਿਆਂ ਦੀ ਭਰਵੀਂ ਸ਼ਮੂਲੀਅਤ ਦੇਖਣ ਨੂੰ ਮਿਲੀ ।

ਇਸ ਮੌਕੇ ਤੇ ਮਾਪਿਆਂ ਨੇ ਆਪਣੇ ਬੱਚਿਆਂ ਦੀ ਪੜ੍ਹਾਈ, ਪ੍ਰਗਤੀ ਅਤੇ ਭਵਿੱਖ ਸਬੰਧੀ ਅਧਿਆਪਕਾਂ ਦੇ ਨਾਲ ਵਿਚਾਰ ਵਟਾਂਦਰਾ ਕੀਤਾ। ਸਰਕਾਰੀ ਸਕੂਲਾਂ ਦੇ ਵਿੱਚ ਆਏ ਬਦਲਾਅ ਆਧੁਨਿਕ ਸਹੂਲਤਾਂ ਅਤੇ ਜਮਾਨੇ ਦੇ ਹਾਣ ਦੀ ਸਿੱਖਿਆ ਨੇ ਲੋਕਾਂ ਦਾ ਭਰੋਸਾ ਹੋਰ ਮਜਬੂਤ ਕੀਤਾ ਹੈ।

ਸਕੂਲ ਦੇ ਪ੍ਰਿੰਸੀਪਲ ਮੈਡਮ ਹਰਦੀਪ ਕੌਰ ਨੇ ਦੱਸਿਆ ਕਿ ਅੱਜ ਦਾ ÷ਮਹਾ ਜਸ਼ਨ ਸਿੱਖਿਆ ਪ੍ਰਤੀ ਪੰਜਾਬ ਸਰਕਾਰ ਦੀ ਬਚਨ ਬੱਧਤਾ ਅਤੇ ਮਾਪਿਆਂ ਦੀ ਭਾਗੇਦਾਰੀ ਦਾ ਪ੍ਰਤੀਕ ਹੈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਹਰਦੀਪ ਕੌਰ ਵੱਲੋਂ ਸਾਰੇ ਅਧਿਆਪਕਾਂ ਨੂੰ ਸਨਮਾਨ ਚਿੰਨ੍ਹ ਦਿੱਤਾ ਗਿਆ,ਤੇ ਬੋਰਡ ਦੀਆਂ ਜਮਾਤਾਂ ਵਿੱਚੋਂ ਪੁਜੀਸ਼ਨਾਂ ਲੈਣ ਵਾਲੇ ਵਿਦਿਆਰਥੀਆਂ ਨੂੰ ਵੀ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡਿੰਪਲ ਰਾਓ ਦੇ ਦੁਆਰਾ ਬਾਰ੍ਹਵੀਂ ਜਮਾਤ ਵਿੱਚੋਂ ਪਹਿਲੀ ਪੁਜੀਸ਼ਨ ਲੈਣ ਵਾਲੀ ਵਿਦਿਆਰਥਣ ਨੂੰ 2000 ਦੀ ਨਗਦ ਇਨਾਮੀ ਰਾਸ਼ੀ ਦਿੱਤੀ ਗਈ ਤੇ ਵਿਦਿਆਰਥੀ ਦੀ ਹੌਸਲਾ ਅਫਜਾਈ ਕੀਤੀ ਗਈ।

# ਵਪਾਰੀਆਂ ਤੇ ਦੁਕਾਨਦਾਰਾਂ ਦੀਆਂ ਸਮੱਸਿਆਵਾਂ ਦੇ ਹੱਲ ਨੂੰ ਦਿੱਤੀ ਜਾਵੇ ਤਰਜੀਹ : ਡਿਪਟੀ ਕਮਿਸ਼ਨਰ




**ਜਲੰਧਰ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਅੱਜ ਇਕ ਅਹਿਮ ਮੀਟਿੰਗ ਦੌਰਾਨ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਵਪਾਰੀਆਂ ਅਤੇ ਦੁਕਾਨਦਾਰਾਂ ਦੀਆਂ ਸਮੱਸਿਆਵਾਂ ਨੂੰ ਤਰਜੀਹ ਦਿੰਦਿਆਂ ਸਮਾਂਬੱਧ ਢੰਗ ਨਾਲ ਨਿਪਟਾਰਾ ਕੀਤਾ ਜਾਵੇ।

ਡਿਪਟੀ ਕਮਿਸ਼ਨਰ ਵੱਲੋਂ ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਅਧਿਕਾਰੀਆਂ ਅਤੇ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਨਾਲ ਮੀਟਿੰਗ ਕੀਤੀ ਗਈ, ਜਿਸ ਦੌਰਾਨ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਅਤੇ ਕਮਿਸ਼ਨਰ ਨਗਰ ਨਿਗਮ ਸੰਦੀਪ ਰਿਸ਼ੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਟਰੇਡਰਸ ਕਮਿਸ਼ਨ ਵੱਲੋਂ ਉਠਾਈਆਂ ਗਈਆਂ ਵਪਾਰੀਆਂ ਦੀਆਂ ਮੁਸ਼ਕਲਾਂ ਦੇ ਢੁੱਕਵੇਂ ਹੱਲ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲਗਾਤਾਰ ਗੰਭੀਰ ਯਤਨ ਕੀਤੇ ਜਾ ਰਹੇ ਹਨ ਅਤੇ ਹਰ ਹਫ਼ਤੇ ਸਮੀਖਿਆ ਮੀਟਿੰਗ ਕੀਤੀ ਜਾਂਦੀ ਹੈ, ਤਾਂ ਜੋ ਸਬੰਧਤ ਵਿਭਾਗਾਂ ਰਾਹੀਂ ਮੁਸ਼ਕਲਾਂ ਦਾ ਸਮਾਂਬੱਧ ਢੰਗ ਨਾਲ ਹੱਲ ਯਕੀਨੀ ਬਣਾਇਆ ਜਾ ਸਕੇ।

ਮੀਟਿੰਗ ਦੌਰਾਨ ਸ਼੍ਰੀ ਵਾਲੀਆ ਨੇ ਹਲਕਾ ਵਾਈਜ਼ ਵੱਖ-ਵੱਖ ਸਮੱਸਿਆਵਾਂ ਬਾਰੇ ਜਾਣਕਾਰੀ ਹਾਸਲ ਕੀਤੀ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਉਨ੍ਹਾਂ ਦਾ ਨਿਰਧਾਰਿਤ ਸਮੇਂ ਦੇ ਅੰਦਰ ਯੋਗ ਹੱਲ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

ਡਿਪਟੀ ਕਮਿਸ਼ਨਰ ਨੇ ਟਰੇਡਰਜ਼ ਕਮਿਸ਼ਨ ਵੱਲੋਂ ਉਠਾਈਆਂ ਮੁਸ਼ਕਲਾਂ ਦਾ ਸਮੇਂ-ਸਿਰ ਢੁੱਕਵਾਂ ਹੱਲ ਕਰਨ ਦੀ ਅਧਿਕਾਰੀਆਂ ਨੂੰ ਹਦਾਇਤ ਕੀਤੀ।

ਲੰਬਿਤ ਮਾਮਲਿਆਂ ਦੀ ਸਮੀਖਿਆ ਕਰਦਿਆਂ ਉਨ੍ਹਾਂ ਸਾਰੇ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਇਕ ਟੀਮ ਦੇ ਤੌਰ 'ਤੇ ਕੰਮ ਕਰਨ ਅਤੇ ਵਪਾਰੀਆਂ ਨੂੰ ਹੋਰ ਸੁਚੱਜੇ ਢੰਗ ਨਾਲ ਸੇਵਾਵਾਂ ਮੁਹੱਈਆ ਕਰਵਾਉਣ ਦੇ ਨਿਰਦੇਸ਼ ਵੀ ਦਿੱਤੇ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਪਾਰੀਆਂ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਪਾਰੀਆਂ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਦੇ ਹੱਲ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਕਿਹਾ ਕਿ ਕਮਿਸ਼ਨਰੇਟ ਪੁਲਿਸ ਜਲੰਧਰ ਵਲੋਂ ਸੁਰੱਖਿਆ ਵਿਵਸਥਾ ਕਾਇਮ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ। ਉਨ੍ਹਾਂ ਕਿਹਾ ਕਿ ਵਪਾਰੀਆਂ ਅਤੇ ਦੁਕਾਨਦਾਰਾਂ ਨੂੰ ਜ਼ਿਲ੍ਹਾ ਪੁਲਿਸ ਵਲੋਂ ਸੁਰੱਖਿਅਤ ਮਾਹੌਲ ਪ੍ਰਦਾਨ ਕੀਤਾ ਜਾ ਰਿਹਾ ਹੈ।

ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦਿਵਿਆ ਪੀ., ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਮਨਿੰਦਰ ਕੌਰ, ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਅਮਰਜੀਤ ਬੈਂਸ, ਸਮੂਹ ਐਸ.ਡੀ.ਐਮਜ਼ ਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਟਰੇਡਰਜ਼ ਕਮਿਸ਼ਨ ਦੇ ਮੈਂਬਰ ਹਰਿੰਦਰ ਪਾਲ ਸਿੰਘ ਮਨੋਚਾ ਤੇ ਇੰਦਰਵੰਸ਼ ਸਿੰਘ ਚੱਢਾ ਤੋਂ ਇਲਾਵਾ ਕਮਿਸ਼ਨ ਦੇ ਹੋਰ ਨੁਮਾਇੰਦੇ ਨਵਨੀਤ ਜੁਨੇਜਾ, ਸੁਮਿਤ ਸ਼ਰਮਾ, ਨਰਿੰਦਰ ਸਿੰਘ, ਸੁਖਵਿੰਦਰ ਸਿੰਘ, ਅਜੈ ਵਰਮਾ ਸ਼ਾਮਲ ਵੀ ਮੌਜੂਦ ਸਨ।

# ਪੰਜਾਬ ਚੋਣ ਕਮਿਸ਼ਨ ਨਗਰ ਨਿਗਮ ਤੇ ਨਗਰ ਕੌਂਸਲ ਚੋਣਾਂ ਵਿੱਚ ਰੱਦ ਹੋਈਆਂ ਵੋਟਾਂ ਦਾ ਪੂਰਾ ਵੇਰਵਾ ਜਨਤਕ ਕੀਤਾ ਜਾਵੇ: ਬੱਲੀਏਵਾਲ

**ਚੰਡੀਗੜ੍ਹ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਜਪਾ ਪੰਜਾਬ ਦੇ ਬੁਲਾਰੇ ਪ੍ਰਿਤਪਾਲ ਸਿੰਘ ਬੱਲੀਏਵਾਲ ਨੇ ਪੰਜਾਬ ਰਾਜ ਚੋਣ ਕਮਿਸ਼ਨ ਨੂੰ ਅਪੀਲ ਕੀਤੀ ਹੈ ਕਿ ਹਾਲ ਹੀ ਵਿੱਚ ਹੋਈਆਂ ਨਗਰ ਨਿਗਮ, ਨਗਰ ਕੌਂਸਲ ਅਤੇ ਨਗਰ ਪੰਚਾਇਤ ਚੋਣਾਂ ਦੌਰਾਨ ਰੱਦ ਕੀਤੀਆਂ ਗਈਆਂ ਵੋਟਾਂ ਦਾ ਸੰਪੂਰਨ ਵੇਰਵਾ ਜਨਤਕ ਕੀਤਾ ਜਾਵੇ।ਬੱਲੀਏਵਾਲ ਨੇ ਕਿਹਾ ਕਿ ਪਾਰਦਰਸ਼ਤਾ ਇੱਕ ਮਜ਼ਬੂਤ ਲੋਕਤੰਤਰ ਦੀ ਬੁਨਿਆਦ ਹੈ ਅਤੇ ਵੋਟਰਾਂ ਨੂੰ ਇਹ ਜਾਣਨ ਦਾ ਪੂਰਾ ਹੱਕ ਹੈ ਕਿ ਕਿੰਨੀਆਂ ਵੋਟਾਂ ਰੱਦ ਕਰਾਰ ਦਿੱਤੀਆਂ ਗਈਆਂ ਅਤੇ ਉਹਨਾਂ ਨੂੰ ਰੱਦ ਕਰਨ ਦੇ ਕੀ ਕਾਰਨ ਸਨ। ਉਨ੍ਹਾਂ ਕਿਹਾ ਕਿ ਇਹ ਜਾਣਕਾਰੀ ਜਨਤਕ ਕਰਨ ਨਾਲ ਚੋਣ ਪ੍ਰਕਿਰਿਆ ਵਿੱਚ ਲੋਕਾਂ ਦਾ ਭਰੋਸਾ ਹੋਰ ਮਜ਼ਬੂਤ ਹੋਵੇਗਾ ਅਤੇ ਬੈਲਟ ਪੇਪਰ ਅਧਾਰਿਤ ਚੋਣਾਂ ਦਾ ਨਿਰਪੱਖ ਮੁਲਾਂਕਣ ਕੀਤਾ ਜਾ ਸਕੇਗਾ।

ਉਨ੍ਹਾਂ ਮੰਗ ਕੀਤੀ ਕਿ ਚੋਣ ਕਮਿਸ਼ਨ ਹਰ ਵਾਰਡ ਵਿੱਚ ਰੱਦ ਅਤੇ ਅਵੈਧ ਵੋਟਾਂ ਦੀ ਕੁੱਲ ਗਿਣਤੀ, ਬੂਥ-ਵਾਰ ਰੱਦ ਹੋਏ ਬੈਲਟ ਪੇਪਰਾਂ ਦਾ ਵੇਰਵਾ, ਚੋਣ ਨਿਯਮਾਂ ਅਨੁਸਾਰ ਵੋਟਾਂ ਨੂੰ ਰੱਦ ਕਰਨ ਦੇ ਕਾਰਨ, ਕੁੱਲ ਪਈਆਂ ਵੋਟਾਂ, ਸਹੀ ਵੋਟਾਂ, ਰੱਦ ਵੋਟਾਂ ਅਤੇ ਉਮੀਦਵਾਰਾਂ ਦੇ ਜਿੱਤ ਦੇ ਫਰਕ ਦਾ ਤੁਲਨਾਤਮਕ ਵੇਰਵਾ ਜਨਤਕ ਕਰੇ। ਇਸਦੇ ਨਾਲ ਹੀ ਪੰਜਾਬ ਭਰ ਵਿੱਚ ਜ਼ਿਲ੍ਹਾ-ਵਾਰ ਰੱਦ ਅਤੇ ਅਵੈਧ ਵੋਟਾਂ ਦਾ ਇਕੱਠਾ ਡਾਟਾ ਵੀ ਜਾਰੀ ਕੀਤਾ ਜਾਵੇ।

ਬੱਲੀਏਵਾਲ ਨੇ ਕਿਹਾ ਕਿ ਕਈ ਵਾਰਡਾਂ ਵਿੱਚ ਜਿੱਤ ਦਾ ਫਰਕ ਬਹੁਤ ਘੱਟ ਰਿਹਾ ਹੈ, ਇਸ ਲਈ ਇਹ ਜਾਣਨਾ ਮਹੱਤਵਪੂਰਨ ਹੈ ਕਿ ਰੱਦ ਕੀਤੀਆਂ ਗਈਆਂ ਵੋਟਾਂ ਦਾ ਚੋਣ ਨਤੀਜਿਆਂ ਉੱਤੇ ਕੋਈ ਪ੍ਰਭਾਵ ਪਿਆ ਜਾਂ ਨਹੀਂ। ਅਜਿਹੀ ਜਾਣਕਾਰੀ ਜਵਾਬਦੇਹੀ ਨੂੰ ਯਕੀਨੀ ਬਣਾਉਣ ਅਤੇ ਚੋਣਾਂ ਦੀ ਨਿਰਪੱਖਤਾ ਪ੍ਰਤੀ ਲੋਕਾਂ ਦਾ ਵਿਸ਼ਵਾਸ ਹੋਰ ਮਜ਼ਬੂਤ ਕਰਨ ਵਿੱਚ ਸਹਾਈ ਸਾਬਿਤ ਹੋਵੇਗੀ।

ਉਨ੍ਹਾਂ ਕਿਹਾ ਕਿ ਇਨ੍ਹਾਂ ਚੋਣਾਂ ਦਾ ਤਜਰਬਾ ਇੱਕ ਵਾਰ ਫਿਰ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ (5ट$) ਦੇ ਫਾਇਦਿਆਂ ਨੂੰ ਉਜਾਗਰ ਕਰਦਾ ਹੈ। ਈ.ਵੀ.ਐਮ ਰਾਹੀਂ ਚੋਣਾਂ ਕਰਵਾਉਣ ਨਾਲ ਗਲਤ ਨਿਸ਼ਾਨ ਲੱਗਣ ਕਾਰਨ ਵੋਟਾਂ ਦੇ ਰੱਦ ਹੋਣ ਦੀ ਸੰਭਾਵਨਾ ਹੈ ਹੀ ਨਹੀਂ ਹੈ । ਈਵੀਐਮ ਮਸ਼ੀਨਾਂ ਆਧਾਰਿਤ ਚੋਣਾਂ ਤੇਜ਼ ਗਿਣਤੀ, ਵੱਧ ਸਹੀ ਨਤੀਜੇ ਅਤੇ ਵੋਟਰਾਂ ਦੀਆਂ ਵੋਟਾਂ ਦੇ ਤਕਨੀਕੀ ਕਾਰਨਾਂ ਕਰਕੇ ਰੱਦ ਹੋਣ ਦੀ ਸੰਭਾਵਨਾ ਨਹੀਂ ਹੈ ।ਬੱਲੀਏਵਾਲ ਨੇ ਕਿਹਾ ਕਿ ਚੋਣ ਕਮਿਸ਼ਨ ਨੂੰ ਇਹ ਸਾਰੀ ਜਾਣਕਾਰੀ ਖੁਦ ਜਨਤਕ ਕਰਨੀ ਚਾਹੀਦੀ ਹੈ ਤਾਂ ਜੋ ਸਾਰੇ ਹਿੱਸੇਦਾਰ ਚੋਣ ਪ੍ਰਕਿਰਿਆ ਦਾ ਨਿਰਪੱਖ ਮੁਲਾਂਕਣ ਕਰ ਸਕਣ ਅਤੇ ਰੱਦ ਵੋਟਾਂ ਦੀ ਅਸਲ ਸਥਿਤੀ ਨੂੰ ਸਮਝ ਸਕਣ। ਉਨ੍ਹਾਂ ਕਿਹਾ ਕਿ ਚੋਣ ਪ੍ਰਕਿਰਿਆ ਵਿੱਚ ਵੱਧ ਪਾਰਦਰਸ਼ਤਾ ਅਤੇ ਜਵਾਬਦੇਹੀ ਲੋਕਤੰਤਰੀ ਸੰਸਥਾਵਾਂ ਨੂੰ ਹੋਰ ਮਜ਼ਬੂਤ ਕਰੇਗੀ ਅਤੇ ਲੋਕਾਂ ਦਾ ਭਰੋਸਾ ਵਧਾਏਗੀ।

# ਹਰਿਆ- ਭਰਿਆ ਪੰਜਾਬ ਯਕੀਨੀ ਬਣਾਉਣ ਲਈ ਸੂਬੇ ਭਰ ਵਿੱਚ 1.50 ਕਰੋੜ ਬੂਟੇ ਲਗਾਉਣ ਦਾ ਟੀਚਾ : ਲਾਲ ਚੰਦ ਕਟਾਰੂਚੱਕ



**ਚੰਡੀਗੜ੍ਹ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਮੌਜੂਦਾ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ਼ ਅਤੇ ਹਰਿਆ-ਭਰਿਆ ਪੰਜਾਬ ਯਕੀਨੀ ਬਣਾਉਣ ਤੇ ਜੰਗਲਾਤ ਹੇਠਲੇ ਰਕਬੇ ਨੂੰ ਵਧਾਉਣ ਦੇ ਉਦੇਸ਼ ਨਾਲ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਨੇ ਸਾਰੀਆਂ ਯੋਜਨਾਵਾਂ ਅਧੀਨ ਸੂਬੇ ਦੇ 23 ਜ਼ਿਲਿਆਂ ਵਿੱਚੋਂ ਹਰੇਕ ਜ਼ਿਲੇ ਵਿੱਚ 6.50 ਲੱਖ ਬੂਟੇ ਲਗਾਉਣ ਦਾ ਟੀਚਾ ਮਿੱਥਿਆ ਹੈ, ਜਿਸ ਨਾਲ ਸੂਬੇ ਭਰ ਵਿੱਚ ਲਗਭਗ 1.50 ਕਰੋੜ ਬੂਟੇ ਲਗਾਉਣ ਦੀ ਯੋਜਨਾ ਹੈ।

ਇਹ ਮਹੱਤਵਪੂਰਨ ਪ੍ਰਾਜੈਕਟ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਜਨਮ ਦਿਵਸ ਨੂੰ ਸਮਰਪਿਤ ਹੈ ।

ਇਸ ਸਬੰਧ ਵਿੱਚ ਸਕਾਰਾਤਮਕ ਜ਼ਮੀਨੀ ਨਤੀਜਿਆਂ 'ਤੇ ਜ਼ੋਰ ਦਿੰਦਿਆਂ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਮੀਟਿੰਗ ਵਿੱਚ ਡਿਵੀਜ਼ਨਲ ਜੰਗਲਾਤ ਅਧਿਕਾਰੀਆਂ (ਡੀਐਫਓਜ਼) ਨੂੰ ਆਪੋ-ਆਪਣੇ ਜ਼ਿਲਿਆਂ ਦੇ ਡਿਪਟੀ ਕਮਿਸ਼ਨਰਾਂ ਨਾਲ ਸਲਾਹ-ਮਸ਼ਵਰਾ ਕਰਕੇ ਕਾਰਜ ਯੋਜਨਾ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਹਨ। ਮੰਤਰੀ ਨੇ ਅੱਗੇ ਕਿਹਾ ਕਿ ਜੇਕਰ ਲੋੜ ਪਵੇ ਤਾਂ ਵਾਤਾਵਰਣ ਸੰਭਾਲ ਅਤੇ ਜਾਗਰੂਕਤਾ ਨੂੰ ਇੱਕ ਲੋਕ ਲਹਿਰ ਬਣਾਉਣ ਲਈ ਸਾਰੇ ਖੇਤਰਾਂ ਦੀਆਂ ਉੱਘੀਆਂ ਸ਼ਖਸੀਅਤਾਂ ਨੂੰ ਸ਼ਾਮਿਲ ਕੀਤਾ ਜਾਵੇ।

ਸੂਬਾਈ ਰਾਜਮਾਰਗਾਂ ਦੇ ਦੋਵੇਂ ਪਾਸੇ 500 ਮੀਟਰ ਦੇ ਫਾਸਲੇ ਉੱਤੇ ਬੂਟੇ ਲਗਾਉਣ ਦੇ ਕੰਮ ਲਈ ਵੱਡੇ ਜ਼ਿਲਿਆਂ ਵਿੱਚ 2 ਥਾਵਾਂ ਅਤੇ ਛੋਟੇ ਜ਼ਿਲਿਆਂ ਵਿੱਚ ਇੱਕ ਥਾਂ ਦੀ ਪਛਾਣ ਦੀ ਵਕਾਲਤ ਕਰਦਿਆਂ ਮੰਤਰੀ ਨੇ ਡੀ.ਐਫ.ਓਜ਼. ਨੂੰ ਜ਼ਰੂਰੀ ਪ੍ਰਕਿਰਿਆਵਾਂ ਨੇਪਰੇ ਚੜ੍ਹਾਉਣ ਅਤੇ ਪਛਾਣੀਆਂ ਗਈਆਂ ਥਾਵਾਂ ਸਬੰਧੀ ਵੇਰਵੇ 10 ਜੂਨ ਤੱਕ ਹੈੱਡਕੁਆਰਟਰ ਨੂੰ ਭੇਜਣ ਲਈ ਕਿਹਾ।

ਮੀਟਿੰਗ ਦੌਰਾਨ ਸ੍ਰੀ ਕਟਾਰੂਚੱਕ ਨੂੰ ਦੱਸਿਆ ਗਿਆ ਕਿ ਗ੍ਰੀਨ ਪੰਜਾਬ ਮਿਸ਼ਨ ਵਰਗੀਆਂ ਵੱਖ-ਵੱਖ ਪਹਿਲਕਦਮੀਆਂ ਤਹਿਤ 584 ਹੈਕਟੇਅਰ ਰਕਬੇ 'ਤੇ ਬੂਟੇ ਲਗਾਏ ਜਾਣਗੇ।


ਇਸ ਤੋਂ ਇਲਾਵਾ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਜਨਮ ਦਿਵਸ ਨੂੰ ਸਮਰਪਿਤ 650 ਨਾਨਕ ਬਗੀਚੀਆਂ ਵੀ ਸਥਾਪਿਤ ਕੀਤੀਆਂ ਜਾਣਗੀਆਂ ਅਤੇ ਮਿੱਥੇ ਗਏ ਖੇਤਰਾਂ ਵਿੱਚ ਵਿੱਦਿਅਕ ਸੰਸਥਾਵਾਂ, ਹਸਪਤਾਲ ਅਤੇ ਉਦਯੋਗਿਕ ਸੰਸਥਾਵਾਂ ਸ਼ਾਮਿਲ ਹੋਣਗੀਆਂ। ਐਗਰੋ ਫਾਰੈਸਟਰੀ ਪਹਿਲਕਦਮੀ ਦੇ ਹਿੱਸੇ ਵਜੋਂ ਲਗਭਗ 3 ਲੱਖ ਬੂਟੇ ਲਗਾਉਣ ਦਾ ਟੀਚਾ ਹੈ।

ਮੰਤਰੀ ਨੇ ਇਸ ਮੌਕੇ ਵਿਭਾਗ ਵੱਲੋਂ ਬੂਟੇ ਲਗਾਉਣ ਸਬੰਧੀ ਸਥਿਤੀ ਬਾਰੇ ਅਸਲ ਸਮੇਂ ਦਾ ਜਾਇਜ਼ਾ ਲੈਣ ਦੇ ਉਦੇਸ਼ ਨਾਲ ਵਿਕਸਤ ਕੀਤੀ ਗਈ ਨਿਗਰਾਨੀ ਅਤੇ ਮੁਲਾਂਕਣ ਐਪ ਦੀ ਵੀ ਸ਼ਲਾਘਾ ਕੀਤੀ।

ਇਸ ਮੌਕੇ ਪ੍ਰਬੰਧਕੀ ਸਕੱਤਰ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਕਮਲ ਕਿਸ਼ੋਰ ਯਾਦਵ, ਪ੍ਰਮੁੱਖ ਮੁੱਖ ਵਣਪਾਲ (ਜੰਗਲਾਤ ਫੋਰਸ ਦੇ ਮੁਖੀ) ਧਰਮਿੰਦਰ ਸ਼ਰਮਾ, ਸੀਸੀਐਫ (ਪਲੇਨਜ਼) ਨਿਧੀ ਸ਼੍ਰੀਵਾਸਤਵ, ਏ.ਪੀ.ਸੀ.ਸੀ.ਐਫ. (ਬਜਟ) ਸੌਰਵ ਗੁਪਤਾ, ਏ.ਪੀ.ਸੀ.ਸੀ.ਐਫ. (ਮੁੱਖ ਜੰਗਲੀ ਜੀਵ ਵਾਰਡਨ) ਬਸੰਤਾ ਰਾਜ ਕੁਮਾਰ, ਏ.ਪੀ.ਸੀ.ਸੀ.ਐਫ. (ਐਫ.ਸੀ.ਏ.) ਆਪੋ-ਆਪਣੇ ਜ਼ਿਲਿਆਂ ਦੇ ਡਿਪਟੀ ਕਮਿਸ਼ਨਰਾਂ ਨਾਲ ਸਲਾਹ-ਮਸ਼ਵਰਾ ਕਰਕੇ ਕਾਰਜ ਯੋਜਨਾ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਹਨ।

ਮੰਤਰੀ ਨੇ ਅੱਗੇ ਕਿਹਾ ਕਿ ਜੇਕਰ ਲੋੜ ਪਵੇ ਤਾਂ ਵਾਤਾਵਰਣ ਸੰਭਾਲ ਅਤੇ ਜਾਗਰੂਕਤਾ ਨੂੰ ਇੱਕ ਲੋਕ ਲਹਿਰ ਬਣਾਉਣ ਲਈ ਸਾਰੇ ਖੇਤਰਾਂ ਦੀਆਂਪ੍ਰਤਿਮਾ ਸ਼੍ਰੀਵਾਸਤਵ ਅਤੇ ਸੀਸੀਐਫ (ਹਿਲਜ਼) ਮਹਾਂਵੀਰ ਸਿੰਘ ਮੌਜੂਦ ਸਨ।

# ਵਿਦਿਆਰਥੀਆਂ ਵਿੱਚ ਮੋਬਾਈਲ ਦਾ ਜਨੂੰਨ



**ਡਾ. ਅਮਨਦੀਪ ਕੌਰ**
**(ਐੱਮ.ਏ. ,ਐੱਮ ਫਿਲ.,**
**ਪੀ.ਐੱਚ.ਡੀ)**
**ਮੁਖੀ ਪੰਜਾਬੀ ਵਿਭਾਗ**
**ਗੁਰੂ ਗੋਬਿੰਦ ਸਿੰਘ ਕਾਲਜ ਆਫ ਮੈਨੇਜਮੈਂਟ ਐਂਡ ਟੈਕਨੋਲੋਜੀ**
**ਗਿੱਦੜਬਾਹਾ**

ਸੰਚਾਰ ਦੇ ਸਾਧਨਾਂ ਵਿੱਚ ਵਿਗਿਆਨ ਨੇ ਹੈਰਾਨੀਜਨਕ ਤਰੱਕੀ ਕੀਤੀ ਹੈ। ਹੁਣ ਮੋਬਾਈਲ, ਸਮਾਰਟ ਫੋਨ ਅਤੇ ਐਂਡਰਾਇਡ ਦਾ ਯੁੱਗ ਹੈ ।ਮੋਬਾਈਲ ਆਪਣੇ ਆਪ ਵਿੱਚ ਇੱਕ ਪੂਰਾ ਕੰਪਿਊਟਰ ਹੈ ਇਸ ਵਿੱਚ ਇੰਟਰਨੈਟ ਦੀਆਂ ਸਾਰੀਆਂ ਸਹੂਲਤਾਂ-ਕੈਮਰਾ ਵੀਡੀਓ,ਕੈਲਕੂਲੇਟਰ, ਗੇਮਾਂ, ਫਿਲਮਾਂ ,ਗੀਤ -ਸੰਗੀਤ, ਖਬਰਾਂ ਆਦਿ ਤੋਂ ਇਲਾਵਾ ਹਰ ਪ੍ਰਕਾਰ ਦੀ ਜਾਨ ਉਪਕਾਰੀ ਉਪਲਬਧ ਹੈ।ਵਟਸਐਪ,ਫੇਸਬੁੱਕ,ਇੰਸਟਾਗਰਾਮ, ਸਨੈਪਚੈਟ ਆਦਿ ਦੀ ਹਰਮਨ ਪਿਆਰਤਾ ਦਿਨੋ -ਦਿਨ ਹਰ ਵਰਗ ਦੇ ਲੋਕਾਂ ਵਿੱਚ ਵਧ ਰਹੀ ਹੈ9

ਮੋਬਾਈਲ ਫੋਨ ਦੀ ਵਰਤੋਂ ਸਾਰਿਆਂ ਤੋਂ ਵੱਧ ਵਿਦਿਆਰਥੀ ਵਰਗ ਵੱਲੋਂ ਕੀਤੀ ਜਾ ਰਹੀ ਹੈ। ਮੋਬਾਈਲ ਉਹਨਾਂ ਦਾ ਪੱਕਾ ਸਾਥੀ ਬਣ ਗਿਆ ਹੈ ਚਿੰਤਾ ਇਸ ਗੱਲ ਦੀ ਹੈ ਕਿ ਉਹ ਇਸ ਦੀ ਸਹੀ ਵਰਤੋਂ ਘੱਟ ਅਤੇ ਦਰਵਰਤੋਂ ਵੱਧ ਕਰਦੇ ਹਨ। ਭਾਵੇਂ ਵਿਦਿਆਰਥੀ ਇਸ ਵਿੱਚੋਂ ਕਈ ਤਰ੍ਹਾਂ ਦੀ ਜਾਣਕਾਰੀ ਹਾਸਿਲ ਕਰਕੇ ਆਪਣੇ ਗਿਆਨ ਵਿੱਚ ਵਾਧਾ ਵੀ ਕਰਦੇ ਹਨ ਪਰ ਉਹਨਾਂ ਦਾ ਧਿਆਨ ਇਸ ਪਾਸੇ ਨਹੀਂ ਹੈ ਉਹ ਸਾਰਾ ਦਿਨ ਵਟਸਐਪ ਫੇਸਬੁੱਕ, ਇੰਸਟਾਗਰਾਮ,ਸਨੈਪਚੈਟ ਆਦਿ 'ਤੇ ਹੀ ਰੁੱਝੇ ਰਹਿੰਦੇ ਹਨ ।ਜਿੱਥੇ ਬੇਲੋੜੇ ਐੱਸ.ਐੱਮ.ਐੱਸ, ਤਸਵੀਰਾਂ, ਵੀਡੀਓ, ਗੇਮਾਂ ਅਤੇ ਘਟੀਆ ਕਿਸਮਾਂ ਦੀ ਸਮੱਗਰੀ ਵੇਖਦੇ ਰਹਿੰਦੇ ਹਨ ਉਨਾਂ ਨੂੰ ਇਹਨਾਂ ਦਾ ਚਸਕਾ ਜਿਹਾ ਪੈ ਗਿਆ ਹੈ ਜੋ ਨਸ਼ੇ ਨਾਲੋਂ ਵੀ ਭੈੜਾ ਸਿੱਧ ਹੋ ਰਿਹਾ ਹੈ।ਇਸ ਵਿੱਚ ਕਈ ਤਰ੍ਹਾਂ ਦੀਆਂ ਮਨ ਲੁਭਾਊ ਗੇਮਾਂ ਵੀ ਹਨ ਜਿਨਾਂ ਦੇ ਚੱਕਰ ਵਿੱਚ ਵਿਦਿਆਰਥੀ ਐਸੇ ਉਲਝੇ ਹਨ ਕਿ ਇਹਨਾਂ ਤੋਂ ਪਿੱਛਾ ਹੀ ਨਹੀਂ ਛੁਡਾ ਸਕਦੇ ਇਸ ਨਾਲ ਵਿਦਿਆਰਥੀਆਂ ਦਾ ਸਮਾਂ ਵੀ ਬਰਬਾਦ ਹੁੰਦਾ ਹੈ ਅਤੇ ਦਿਮਾਗ ਵੀ ਥੱਕ ਜਾਂਦਾ ਹੈ ।ਇਹਨਾਂ ਦੀ ਲੜੀ ਅੱਗੇ ਹੀ ਅੱਗੇ ਤੁਰੀ ਜਾਂਦੀ ਹੈ ਜਿਸ ਦਾ ਨਸ਼ਾ ਕਦੇ ਉੱਤਰਦਾ ਨਹੀਂ।ਗੀਤ ਸੰਗੀਤ ਦੀ ਸਹੂਲਤ ਨੇ ਵੀ ਹਰ ਇੱਕ ਨੂੰ ਆਪਣੇ ਕਲਾਵੇ ਵਿੱਚ ਲੈ ਲਿਆ ਹੈ। ਈਅਰ ਫੋਨ ਲਗਾ ਕੇ ਵਿਦਿਆਰਥੀ ਘੰਟਿਆਂ ਬੱਧੀ ਇਸ ਨੂੰ ਸੁਣਦੇ ਰਹਿੰਦੇ ਹਨ ਸੁਣਨ ਵਾਲਾ ਇਸ ਵਿੱਚ ਇਹਨਾਂ ਮਸਤ ਹੋ ਜਾਂਦਾ ਹੈ ਕਿ ਉਸਨੂੰ ਆਪਣੇ ਆਲੇ ਦੁਆਲੇ ਦੀ ਕੋਈ ਖਬਰ ਸਾਰ ਹੀ ਨਹੀਂ ਰਹਿੰਦੀ ।ਕਈ ਵਾਰ ਦੁਰਘਟਨਾਵਾਂ ਵੀ ਹੋ ਜਾਂਦੀਆਂ ਹਨ। ਵਾਈ -ਫਾਈ ਦੀ ਸਹੂਲਤ ਨੇ ਇਹਨਾਂ ਦੇ ਜਨੂੰਨ ਨੂੰ ਹੋਰ ਵਧਾ ਦਿੱਤਾ ਹੈ ,ਜਿੱਥੇ ਵੀ ਵਾਈ- ਫਾਈ ਉਪਲਬਧ ਹੁੰਦਾ ਹੈ ਇਹਨਾਂ ਦਾ ਡੇਰਾ ਉੱਥੇ ਹੀ ਰਹਿੰਦਾ ਹੈ।

ਵਿਦਿਆਰਥੀ ਇਸ ਹੱਦ ਤੱਕ ਇਸ ਦੀ ਪਕੜ ਵਿੱਚ ਜਕੜੇ ਗਏ ਹਨ ਕਿ ਉਹਨਾਂ ਨੂੰ ਪੜ੍ਹਾ- ਲਿਖਣਾ, ਖਾਣਾ -ਪੀਣਾ, ਸੌਣਾ- ਜਾਗਣਾ ਭੁੱਲ ਗਿਆ ਹੈ ।ਸਧਾਰਨ ਗੱਲਬਾਤ ਲਈ ਘੰਟਿਆਂ ਬੱਧੀ ਸਮਾਂ ਬਰਬਾਦ ਕਰਨਾ ਆਮ ਜਿਹੀ ਗੱਲ ਹੋ ਗਈ ਹੈ ।ਕੀਮਤੀ ਸਮੇਂ ਅਤੇ ਪੈਸੇ ਦੀ ਬਰਬਾਦੀ ਨੂੰ ਧਿਆਨ ਵਿੱਚ ਰੱਖਿਆ ਹੀ ਨਹੀਂ ਜਾਂਦਾ ਇਸ ਦੀ ਹੱਦੋਂ ਵੱਧ ਵਰਤੋਂ ਖਾਸ ਕਰਕੇ ਰਾਤ ਦੇ ਹਨੇਰੇ ਵਿੱਚ ਵਰਤੋਂ ਨਾਲ ਕਈ ਤਰਾਂ ਦੀਆਂ ਸਰੀਰਕ ਅਤੇ ਮਾਨਸਿਕ ਬਿਮਾਰੀਆਂ ਨਾਲ ਵਿਦਿਆਰਥੀ ਰੋਗੀ ਹੁੰਦੇ ਜਾ ਰਹੇ ਹਨ, ਅੱਖਾਂ ਦੀ ਰੌਸ਼ਨੀ ਜਵਾਬ ਦੇ ਰਹੀ ਹੈ ,ਸੁਭਾਅ ਵਿੱਚ ਵੀ ਤਬਦੀਲੀ ਆ ਰਹੀ ਹੈ।ਕਈ ਵਾਰ ਸੋਸ਼ਲ ਮੀਡੀਆ ਸਾਈਟਾਂ ਉੱਤੇ ਨਿੱਜੀ ਜਾਣਕਾਰੀ ਸਾਂਝੀ ਕੀਤੀ ਜਾਂਦੀ ਹੈ ਜੋ ਖਤਰਨਾਕ ਹੋ ਸਕਦੀ ਹੈ। ਖਾਸ ਕਰਕੇ ਕੁੜੀਆਂ ਲਈ ਅਜਿਹੀ ਜਾਣਕਾਰੀ ਬੇਹੱਦ ਖਤਰਨਾਕ ਹੋ ਸਕਦੀ ਹੈ। ਕਈ ਤਰ੍ਹਾਂ ਦੇ ਧੋਖੇ ਫਰੇਬ ਵਿੱਚ ਉਹ ਮਾਨਸਿਕ ਤੌਰ ਤੇ ਵੀ ਪਰੇਸ਼ਾਨ ਰਹਿਣ ਲੱਗ ਪੈਂਦੀਆਂ ਹਨ।

ਕਈ ਵਾਰ ਪੜ੍ਹਾਈ ਦੌਰਾਨ ਫੋਨ ਜਾਂ ਮੈਸੇਜ ਆ ਜਾਵੇ ਤਾਂ ਝੱਟ ਧਿਆਨ ਉਧਰ ਚਲਾ ਜਾਂਦਾ ਹੈ ਪੜ੍ਹਾਈ ਛੱਡ ਕੇ ਮੈਸੇਜ ਆਦਾਨ-ਪ੍ਰਦਾਨ ਕਰਨ ਵਿੱਚ ਲੱਗ ਜਾਂਦੇ ਹਨ। ਵਕਤ ,ਪੈਸਾ ,ਸਿਹਤ ਅਤੇ ਭਵਿੱਖ ਬਚਾਉਣ ਲਈ ਵਿਦਿਆਰਥੀਆਂ ਨੂੰ ਇਸ ਦੀ ਸਹੀ ਵਰਤੋਂ ਕਰਨੀ ਚਾਹੀਦੀ ਹੈ ।

ਮਾਪਿਆਂ ,ਅਧਿਆਪਕਾਂ ਅਤੇ ਸਰਕਾਰ ਦੀ ਸਖਤਾਈ ਵੀ ਲਾਜ਼ਮੀ ਹੋਣੀ ਚਾਹੀਦੀ ਹੈ ।ਮਾਪਿਆਂ ਅਤੇ ਅਧਿਆਪਕਾਂ ਨੂੰ ਚਾਹੀਦਾ ਹੈ ਕਿ ਉਹ ਵਿਦਿਆਰਥੀਆਂ ਨੂੰ ਮੋਬਾਇਲ ਦੇ ਸਹੀ ਇਸਤੇਮਾਲ ਬਾਰੇ ਜਾਗਰੂਕ ਕਰਨ ਅਤੇ ਉਹਨਾਂ ਨੂੰ ਸਮੇਂ ਦੀ ਕਦਰ ਸਿਖਾਉਣ ਤਾਂ ਜੋ ਉਹ ਆਪਣੇ ਭਵਿੱਖ ਨੂੰ ਸੁਨਹਿਰਾ ਬਣਾ ਸਕਣ ।

# ਡੀ. ਸੀ. ਦਫ਼ਤਰ ਸੰਗਰੂਰ ਵਿਖੇ ਮੰਨੀਆਂ ਮੰਗਾਂ ਲਾਗੂ ਕਰਵਾਉਣ ਲਈ ਧਰਨਾ

**ਸੰਗਰੂਰ, 4 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਪਿੰਡ ਬੇਨੜਾ ਦੇ ਦਲਿਤ ਭਾਈਚਾਰੇ ਨਾਲ ਸਬੰਧਤ ਮਜ਼ਦੂਰ ਪਰਿਵਾਰਾਂ ਵੱਲੋਂ ਬੱਚਿਆਂ ਲਈ ਪਾਰਕ, ਅੰਬੇਡਕਰ ਭਵਨ ਅਤੇ ਖੁੱਲ੍ਹੀ ਜ਼ਮੀਨ ਵਿਚ ਸਰਕਾਰੀ ਪ੍ਰਾਇਮਰੀ ਸਕੂਲ ਦੀ ਇਮਾਰਤ ਬਣਾਉਣ ਦੀਆਂ ਮੰਨੀਆਂ ਮੰਗਾਂ ਤਹਿਤ ਕੰਮ ਸ਼ੁਰੂ ਕਰਵਾਉਣ ਲਈ ਡੀ ਸੀ ਦਫ਼ਤਰ ਅੱਗੇ ਰੋਸ ਧਰਨਾ ਦਿੱਤਾ ਗਿਆ। ਧਰਨੇ ਨੂੰ ਸੰਬੋਧਨ ਕਰਦਿਆਂ ਸਤਿਗੁਰ ਰਵਿਦਾਸ ਸ਼ਹੀਦ ਬਾਬਾ ਜੀਵਨ ਸਿੰਘ ਗੁਰਸੰਗਤ ਪਿੰਡ ਬੇਨੜਾ ਦੇ ਪ੍ਰਧਾਨ ਮਾਸਟਰ ਰਾਮ ਸਿੰਘ ਨੇ ਕਿਹਾ ਕਿ 1973 ਵਿੱਚ ਬਣਿਆ ਸਰਕਾਰੀ ਪ੍ਰਾਇਮਰੀ ਸਕੂਲ ਇੱਕ ਸਾਲ ਪਹਿਲਾਂ ਅਨਸੁਰੱਖਿਅਤ ਐਲਾਨ ਕੀਤਾ ਜਾ ਚੁੱਕਿਆ ਹੈ ਜਿਸ ਕਾਰਨ ਸਕੂਲੀ ਬੱਚੇ ਧਰਮਸ਼ਾਲਾ ਵਿਚ ਬੈਠ ਕੇ ਪੜ੍ਹਨ ਨੂੰ ਮਜਬੂਰ ਹਨ। ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ 6 ਅਪਰੈਲ ਨੂੰ ਇਸ ਸਬੰਧੀ ਮੰਗਾਂ ਮੰਨ ਲਈਆਂ ਸਨ ਪਰ ਹਾਲੇ ਤੱਕ ਲਾਗੂ ਨਹੀਂ ਕੀਤੀਆਂ ਜਿਸ ਕਾਰਨ ਸੰਗਤ ਵਿਚ ਭਾਰੀ ਰੋਸ ਹੈ। ਰੋਸ ਧਰਨੇ ਨੂੰ ਸਕੱਤਰ ਦਲਬਾਰ ਸਿੰਘ, ਮੀਤ ਪ੍ਰਧਾਨ ਹਰਦੀਪ ਸਿੰਘ,ਸਹਾਇਕ ਸਕੱਤਰ ਰਾਮ ਸਿੰਘ,ਖਜ਼ਾਨਚੀ ਗੁਰਦੀਪ ਸਿੰਘ, ਅਮਰਜੀਤ ਸਿੰਘ, ਗਿੰਦਰ ਸਿੰਘ, ਮਿਸਤਰੀ ਜਗਤਾਰ ਸਿੰਘ ਤੋਂ ਇਲਾਵਾ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਪ੍ਰਧਾਨ ਮੁਕੇਸ ਮਲੌਦ ਆਦਿ ਨੇ ਸੰਬੋਧਨ ਕੀਤਾ। ਇਸ ਦੌਰਾਨ ਡੀ ਸੀ ਨੇ ਭਰੋਸਾ ਦਿਵਾਇਆ ਗੁਰੂ-ਘਰ ਵਾਲੇ ਪਾਸੇ ਸ਼ਾਮਲਾਤ ਜ਼ਮੀਨ ਉੱਪਰ ਤੁਰੰਤ ਚਾਰਦੀਵਾਰੀ ਦਾ ਕੰਮ ਸ਼ੁਰੂ ਕਰਵਾਇਆ ਜਾਵੇਗਾ, ਪਾਰਕ, ਅੰਬੇਡਕਰ ਭਵਨ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਪਿੰਡ ਬੇਨੜਾ ਦੀ ਨਵੀਂ ਇਮਾਰਤ ਖਸਰਾ ਨੰਬਰ 527 ਵਿੱਚ ਬਣਾਉਣ ਸਬੰਧੀ ਪਾਏ ਗਏ ਮਤੇ ਦੀ ਕਾਪੀ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਵਿਕਾਸ ਕਾਰਜਾਂ ਲਈ ਲੋੜੀਂਦੀਆਂ ਗਰਾਂਟਾਂ ਜਾਰੀ ਕਰਵਾਉਣ ਲਈ ਢੁੱਕਵੇਂ ਕਦਮ ਚੁੱਕੇ ਜਾਣਗੇ। ਇਸ ਭਰੋਸੇ ਮਗਰੋਂ ਰੋਸ ਧਰਨਾ ਸਮਾਪਤ ਹੋਇਆ।

# ਬਾਂਝਪਨ ਦਾ ਇਲਾਜ ਕਰਨ ਵਾਲੀ ਦਵਾਈ ਖੋਜੀ



ਕੈਂਸਰ ਦੇ ਇਲਾਜ ਮਗਰੋਂ ਔਰਤਾਂ ਵਿੱਚ ਆਮਤੌਰ 'ਤੇ ਹੋਣ ਵਾਲੇ ਬਾਂਝਪਨ ਤੋਂ ਉਨ੍ਹਾਂ ਨੂੰ ਸੁਰੱਖਿਅਤ ਰੱਖਣ ਲਈ ਵਿਗਿਆਨੀਆਂ ਨੇ ਇੱਕ ਦਵਾਈ ਦੀ ਖੋਜ ਕਰ ਲਈ ਹੈ। ਜਿਹੜੀਆਂ ਔਰਤਾਂ ਦੇ ਕੈਂਸਰ ਦਾ ਇਲਾਜ ਰੇਡੀਏਸ਼ਨ ਅਤੇ ਕੁਝ ਤਰ੍ਹਾਂ ਦੀਆਂ ਕੀਮੋਥੈਰੇਪੀ ਦਵਾਈਆਂ ਜਰੀਏ ਕੀਤਾ ਜਾਂਦਾ ਹੈ, ਉਹ ਦਵਾਈਆਂ ਆਮ ਤੌਰ 'ਤੇ ਉਨ੍ਹਾਂ ਵਿੱਚ ਬਾਂਝਪਨ ਲਿਆਉਂਦੀਆਂ ਹਨ। ਪਹਿਲਾਂ ਹੋਏ ਸ਼ੋਧ ਮੁਤਾਬਕ ਛਾਤੀ ਕੈਂਸਰ ਤੋਂ ਬਚ ਚੁੱਕੀਆਂ ਸਾਰੀਆਂ ਔਰਤਾਂ ਵਿੱਚੋਂ ਲੱਗਭਗ 40 ਫ਼ੀਸਦੀ ਔਰਤਾਂ ਵਿੱਚ ਸਮੇਂ ਤੋਂ ਪਹਿਲਾਂ ਬੱਚੇਦਾਨੀ ਨੂੰ ਖਰਾਬ ਹੁੰਦੇ ਦੇਖਿਆ ਗਿਆ। ਇਸ ਵਿੱਚ ਬੱਚੇਦਾਨੀ ਦੀਆਂ ਸਧਾਰਨ ਕਿਰਿਆਵਾਂ ਬੰਦ ਹੋ ਜਾਂਦੀਆਂ ਹਨ ਅਤੇ ਅਕਸਰ ਬਾਂਝਪਨ ਦੀ ਸਥਿਤੀ ਸਾਹਮਣੇ ਆਉਂਦੀ ਹੈ। ਔਰਤਾਂ ਵਿੱਚ ਜਨਮ ਤੋਂ ਹੀ ਆਂਡਿਆਂ ਦਾ ਸਟਾਕ ਹੁੰਦਾ ਹੈ, ਜੋ ਪੂਰੀ ਜ਼ਿੰਦਗੀ ਚੱਲਦਾ ਹੈ। ਪਰ ਇਹ ਅੰਡੇ ਸਰੀਰ ਦੇ ਸਭ ਤੋਂ ਸੰਵੇਦਨਸ਼ੀਲ ਸੈੱਲਾਂ ਵਿੱਚੋਂ ਇੱਕ ਹੁੰਦੇ ਹਨ, ਜੋ ਇਸ ਤਰ੍ਹਾਂ ਦੇ ਕੈਂਸਰ ਇਲਾਜ ਵਿੱਚ ਖਤਮ ਹੋ ਸਕਦੇ ਹਨ। ਇਸ ਸ਼ੋਧ ਵਿੱਚ ਇੱਕ ਚੈਕਪੁਆਇੰਟ (ਸੀ. ਐੱਚ. ਕੇ2) ਦਾ ਪਤਾ ਲਗਾਇਆ ਗਿਆ ਸੀ, ਜੋ ਰੇਡੀਏਸ਼ਨ ਨਾਲ ਆਂਡਿਆਂ ਦੇ ਹਾਦਸਾਗ੍ਰਸਤ ਹੋ ਜਾਣ 'ਤੇ ਕਿਰਿਆਸ਼ੀਲ ਹੋ ਜਾਂਦੇ ਹਨ। ਸੀ. ਐੱਚ. ਕੇ2 ਉਸ ਰਸਤੇ ਨੂੰ ਨੁਕਸਾਨ ਪਹੁੰਚਾਉਂਦਾ ਹੈ, ਜੋ ਹਾਦਸਾਗ੍ਰਸਤ ਡੀ. ਐੱਨ. ਏ. ਵਾਲੇ ਆਂਡਿਆਂ ਨੂੰ ਹਟਾ ਦਿੰਦਾ ਹੈ। ਇਹ ਇੱਕ ਕੁਦਰਤੀ ਪ੍ਰਕਿਰਿਆ ਹੈ, ਜੋ ਵਿਕਾਰੀ ਬੱਚੇ ਨੂੰ ਜਨਮ ਦੇਣ ਤੋਂ ਬਚਾਉਂਦੀ ਹੈ।

ਡਾਕਟਰਾਂ ਦੁਆਰਾ ਆਂਡਿਆਂ ਨੂੰ ਨੁਕਸਾਨ ਪਹੁੰਚਾਉਣ ਵਾਲੇ ਇਸ ਤਰ੍ਹਾਂ ਦੇ ਕੈਂਸਰ ਦੇ ਇਲਾਜ ਨੂੰ ਜ਼ਰੂਰੀ ਸਮਝਿਆ ਜਾਣ 'ਤੇ ਔਰਤਾਂ ਆਪਣੇ ਆਂਡਿਆਂ ਦੇ ਸੈੱਲਾਂ ਨੂੰ ਹਟਾ ਜਾਂ ਫ਼ਰੀਜ਼ ਕਰਵਾ ਕੇ ਰੱਖ ਸਕਦੀਆਂ ਹਨ ਪਰ ਇਸ ਨਾਲ ਇਲਾਜ ਵਿੱਚ ਦੇਰੀ ਹੋ ਸਕਦੀ ਹੈ। ਇਸ ਦੇ ਇਲਾਵਾ ਆਂਡਿਆਂ ਦੀ ਕਮੀ ਕਾਰਨ ਔਰਤਾਂ ਕੁਦਰਤੀ ਤੌਰ 'ਤੇ ਮੀਨੋਪੌਜ਼ (ਮਾਹਵਾਰੀ ਦਾ ਬੰਦ ਹੋਣਾ) ਵੱਲ ਵੱਧਦੀਆਂ ਹਨ। ਇਸ ਅਧਿਐਨ ਜਰੀਏ ਵਿਗਿਆਨੀਆਂ ਨੇ ਸੀ. ਐੱਚ. ਕੇ2 ਨਿਰੋਧੀ ਜਾਂ ਸੰਬੰਧਿਤ ਦਵਾਈਆਂ ਦੇਣ ਅਤੇ ਕੈਂਸਰ ਥੈਰੇਪੀ ਨੂੰ ਨਾਲ-ਨਾਲ ਸ਼ੁਰੂ ਕਰਨ ਦਾ ਨਜ਼ਰੀਆ ਉਪਲਬਧ ਕਰਵਾਇਆ ਹੈ।

# ਮੋਟਾਪੇ ਦਾ ਕਾਰਨ ਬਣਦੀਆਂ ਨੇ ਸਵੇਰ ਦੀਆਂ ਇਹ ਗ਼ਲਤੀਆਂ



ਮੋਟਾਪਾ ਅੱਜਕਲ ਲੋਕਾਂ ਦੀ ਆਮ ਸਮੱਸਿਆ ਹੈ। ਗਲਤ ਖਾਣ-ਪੀਣ ਅਤੇ ਲਾਈਫ਼ਸਟਾਈਲ ਦੀ ਵਜ੍ਹਾ ਨਾਲ ਉਹ ਮੋਟਾਪੇ ਦਾ ਸ਼ਿਕਾਰ ਹੋ ਜਾਂਦੇ ਹਨ, ਜੋ ਮੋਟਾਪੇ ਦਾ ਮੁੱਖ ਕਾਰਨ ਹਨ। ਇਸ ਨਾਲ ਨਾ ਸਿਰਫ਼ ਭਾਰ ਵਧਦਾ ਹੈ ਬਲਕਿ ਸਰੀਰ ਨੂੰ ਕਈ ਬੀਮਾਰੀਆਂ ਵੀ ਲੱਗ ਜਾਂਦੀਆਂ ਹਨ। ਅਜਿਹੇ ਵਿੱਚ ਡਾਈਟਿੰਗ ਦੇ ਇਲਾਵਾ ਤੁਸੀਂ ਆਪਣੀ ਰੋਜ਼ਾਨਾ ਦੇ ਕੰਮਾਂ ਵਿੱਚ ਕੁਝ ਬਦਲਾਅ ਕਰਕੇ ਮੋਟਾਪੇ ਨੂੰ ਘੱਟ ਕਰ ਸਕਦੇ ਹੋ। ਆਓ ਜਾਣਦੇ ਹਾਂ ਸਵੇਰੇ ਕੀਤੀਆਂ ਹੋਈਆਂ ਕਿਹੜੀਆਂ ਗਲਤੀਆਂ ਦੇ ਕਾਰਨ ਭਾਰ ਵਧਦਾ ਹੈ।

1. ਨੀਂਦ ਘੱਟ ਲੈਣਾ

ਰਾਤ ਵਿੱਚ ਘੱਟ ਤੋਂ ਘੱਟ 8 ਘੰਟੇ ਦੀ ਨੀਂਦ ਲੈਣਾ ਬਹੁਤ ਜ਼ਰੂਰੀ ਹੈ ਪਰ ਇਸ ਭੱਜਦੋੜ ਭਰੀ ਜ਼ਿੰਦਗੀ ਵਿੱਚ ਲੋਕਾਂ ਦੇ ਕੋਲ ਭਰਪੂਰ ਨੀਂਦ ਲੈਣ ਦਾ ਸਮਾਂ ਨਹੀਂ ਹੁੰਦਾ। ਰੋਜ਼ਾਨਾ ਘੱਟ ਨੀਂਦ ਲੈਣ ਦੀ ਵਜ੍ਹਾ ਨਾਲ ਸਰੀਰ ਵਿੱਚ ਭਾਰ ਵਧਾਉਣ ਵਾਲੇ ਹਾਰਮੋਨਸ ਲੇਵਲ ਵਧ ਜਾਂਦਾ ਹੈ ਜਿਸ ਨਾਲ ਸਰੀਰ ਮੋਟਾਪੇ ਦਾ ਸ਼ਿਕਾਹ ਹੋ ਜਾਂਦਾ ਹੈ।

**ਗਲਤ ਖਾਣ-ਪੀਣ ਅਤੇ ਲਾਈਫ਼ਸਟਾਈਲ ਦੀ ਵਜ੍ਹਾ ਨਾਲ ਉਹ ਮੋਟਾਪੇ ਦਾ ਸ਼ਿਕਾਰ ਹੋ ਜਾਂਦੇ ਹਨ, ਜੋ ਮੋਟਾਪੇ ਦਾ ਮੁੱਖ ਕਾਰਨ ਹਨ। ਇਸ ਨਾਲ ਨਾ ਸਿਰਫ਼ ਭਾਰ ਵਧਦਾ ਹੈ ਬਲਕਿ ਸਰੀਰ ਨੂੰ ਕਈ ਬੀਮਾਰੀਆਂ ਵੀ ਲੱਗ ਜਾਂਦੀਆਂ ਹਨ।**

2. ਸਵੇਰੇ ਪਾਣੀ ਨਾਲ ਪੀਣਾ

ਕਈ ਲੋਕ ਸਵੇਰੇ ਉੱਠਦੇ ਹੀ ਬੈੱਡ ਟੀ ਪੀਂਦੇ ਹਨ। ਖਾਲੀ ਪੇਟ ਪਾਣੀ ਨਾ ਪੀਣ ਦੀ ਵਜ੍ਹਾ ਨਾਲ ਪੇਟ ਸਾਫ਼ ਨਹੀਂ ਹੁੰਦਾ, ਜਿਸ ਨਾਲ ਭਾਰ ਵਧਣ ਲੱਗਦਾ ਹੈ। ਅਜਿਹੇ ਵਿੱਚ ਸਵੇਰੇ ਉਠਦੇ ਹੀ 1 ਗਲਾਸ ਪਾਣੀ ਜ਼ਰੂਰ ਪੀਣਾ ਚਾਹੀਦਾ ਹੈ। ਜਿਸ ਸਰੀਰ ਦੇ ਜ਼ਹਿਰੀਲੇ ਪਦਾਰਥ ਬਾਹਰ ਨਿਕਲ ਜਾਂਦੇ ਹਨ ਅਤੇ ਮੈਟਾਬੋਲੀਜ਼ਮ ਵੀ ਤੇਜ਼ ਹੁੰਦਾ ਹੈ।

3. ਸਮੇਂ 'ਤੇ ਨਾਸ਼ਤਾ ਨਾ ਕਰਨਾ

ਕਈ ਲੋਕ ਸਵੇਰੇ ਸਮਾਂ ਨਾ ਹੋਣ ਦੀ ਵਜ੍ਹਾ ਨਾਲ ਬ੍ਰੇਕਫ਼ਾਸਟ ਨਹੀਂ ਕਰਦੇ ਜਾਂ ਦੇਰ ਨਾਲ ਕਰਦੇ ਹਨ। ਇਸ ਨਾਲ ਰਾਤ ਨੂੰ ਖਾਣੇ ਅਤੇ ਨਾਸ਼ਤੇ ਵਿੱਚ ਬਹੁਤ ਲੰਬਾ ਗੈਪ ਪੈ ਜਾਂਦਾ ਹੈ, ਜਿਸ ਨਾਲ ਸਰੀਰ ਵਿੱਚ ਮੈਟਾਬੋਲੀਜ਼ਮ ਘੱਟ ਹੋ ਜਾਂਦਾ ਹੈ ਅਤੇ ਭਾਰ ਵਧਣ ਲੱਗਦਾ ਹੈ।

4. ਪ੍ਰੋਟੀਨ ਦੀ ਕਮੀ

ਸਰੀਰ ਵਿੱਚ ਪ੍ਰੋਟੀਨ ਦੀ ਕਮੀ ਹੋਣ 'ਤੇ ਵੀ ਮੈਟਾਬੋਲਿਜਮ ਵਿਗੜ ਜਾਂਦਾ ਹੈ ਅਤੇ ਭਾਰ ਵੀ ਵਧਣ ਲੱਗਦਾ ਹੈ। ਅਜਿਹੇ ਵਿੱਚ ਤੁਸੀਂ ਆਪਣੇ ਆਹਾਰ ਵਿੱਚ ਦੁੱਧ, ਦਹੀਂ, ਪਨੀਰ ਅਤੇ ਅੰਡਾ ਜ਼ਰੂਰ ਸ਼ਾਮਲ ਕਰੋ।

5. ਕਸਰਤ ਨਾ ਕਰਨਾ

ਭਾਰ ਵਧਣ ਦਾ ਸਭ ਤੋਂ ਵੱਡਾ ਕਾਰਨ ਕਸਰਤ ਨਾ ਕਰਨਾ ਹੈ। ਇਸ ਨਾਲ ਸਰੀਰ ਦੀ ਕੈਲੋਰੀ ਬਰਨ ਨਹੀਂ ਹੁੰਦੀ ਅਤੇ ਹੋਲੀ-ਹੋਲੀ ਸਰੀਰ ਮੋਟਾਪੇ ਦਾ ਸ਼ਿਕਾਰ ਹੋ ਜਾਂਦਾ ਹੈ। ਇਸ ਲਈ ਰੋਜ਼ਾਨਾ ਦਿਨ ਵਿੱਚ ਘੱਟ ਤੋਂ ਘੱਟ ਅੱਧਾ ਘੰਟਾ ਕਸਰਤ ਜ਼ਰੂਰ ਕਰੋ।

# ਪਹਿਲਾਂ ਖਾਈ ਜਾਓ, ਫਿਰ ਪਛਤਾਈ ਜਾਓ



ਡਟ ਕੇ ਖਾਣ-ਪੀਣ ਦੀ ਪਰੰਪਰਾ ਜਿਹੀ ਚੱਲ ਪਈ ਹੈ। ਛੋਟੀ-ਵੱਡੀ ਸਫਲਤਾ ਮਿਲਣ ਅਤੇ ਖੁਸ਼ੀ ਹੋਣ 'ਤੇ ਲੋਕ ਖਾਣ ਅਤੇ ਖਵਾਉਣ ਲਈ ਤਿਆਰ ਮਿਲ ਜਾਂਦੇ ਹਨ। ਭੁੱਖ ਨਹੀਂ, ਭੁੱਖੇ ਨਹੀਂ, ਫਿਰ ਵੀ ਲੋਕ ਡਟ ਕੇ ਖਾਣੇ ਲਈ ਤਿਆਰ ਰਹਿੰਦੇ ਹਨ। ਪਾਰਟੀਆਂ ਦੇਣਾ, ਲੈਣਾ ਆਮ ਹੋ ਗਿਆ ਹੈ। ਖਾਈ ਜਾਓ, ਖਾਈ ਜਾਓ ਦਾ ਖ਼ਤਰਨਾਕ ਰਿਵਾਜ ਵਧ ਰਿਹਾ ਹੈ। ਲੋਕ ਬੇਪ੍ਰਵਾਹ ਹੋ ਕੇ ਭੋਜਨ ਕਰਨ ਲਈ ਤਤਪਰ ਰਹਿੰਦੇ ਹਨ।

ਪਾਰਟੀਆਂ ਵਗੈਰਾ ਵਿਚ ਲੋਕ ਡਟ ਕੇ ਖਾ ਰਹੇ ਹਨ। ਬੇਮੇਲ ਅਤੇ ਬੇਵਜ੍ਹਾ ਭੋਜਨ ਕਰ ਰਹੇ ਹਨ। ਘਰਾਂ ਵਿਚ ਟੀ. ਵੀ. ਦੇਖਦੇ ਸਮੇਂ ਖਾਣ ਦੀ ਆਦਤ ਪੈ ਗਈ ਹੈ। ਖਾਣੇ ਦਾ ਉਲਟਾ ਜਿਹਾ ਰਿਵਾਜ ਚੱਲਣ ਲੱਗਾ ਹੈ। ਰਾਤ ਨੂੰ ਜਦੋਂ ਦਿਨ ਦੇ ਮੁਕਾਬਲੇ ਘੱਟ ਖਾਣਾ ਚਾਹੀਦਾ ਹੈ, ਉਦੋਂ ਹੀ ਲੋਕ ਪਾਰਟੀ, ਸਮਾਗਮ ਵਿਚ ਜਾਂ ਟੀ. ਵੀ. ਦੇ ਸਾਹਮਣੇ ਡਟ ਕੇ ਜਾਂ ਤੁੰਨ-ਤੁੰਨ ਕੇ ਖਾ ਰਹੇ ਹੁੰਦੇ ਹਨ। ਇਸ ਤਰ੍ਹਾਂ ਵਾਧੂ ਖਾਣ ਨਾਲ ਮੋਟਾਪਾ ਅਤੇ ਬਿਮਾਰੀਆਂ ਦੀਆਂ ਸਮੱਸਿਆਵਾਂ ਵਧ ਰਹੀਆਂ ਹਨ। ਆਧੁਨਿਕ ਆਜੀਵਿਕਾ ਅਤੇ ਦੌੜ-ਭੱਜ ਵਾਲੀ ਜੀਵਨ ਸ਼ੈਲੀ ਨੇ ਖਾਣ-ਪੀਣ ਦੇ ਤਰੀਕੇ ਅਤੇ ਸਮੇਂ ਨੂੰ ਬਦਲ ਦਿੱਤਾ ਹੈ, ਜੋ ਅਜਿਹੀਆਂ ਮੁਸੀਬਤਾਂ ਨੂੰ ਵਧਾਉਣ ਵਿਚ ਸਹਾਇਕ ਸਿੱਧ ਹੋ ਰਿਹਾ ਹੈ।

**ਬੇਪ੍ਰਵਾਹ ਖਾਣ-ਪੀਣ** : ਪਾਰਟੀ, ਸਮਾਗਮ ਜਾਂ ਟੀ. ਵੀ. ਦੇ ਸਾਹਮਣੇ ਖਾਣ ਦੇ ਕਾਰਨ ਸਾਡਾ ਧਿਆਨ ਵੀ ਪਾਰਟੀ, ਸਮਾਗਮ ਜਾਂ ਟੀ. ਵੀ. ਵੱਲ ਹੁੰਦਾ ਹੈ ਅਤੇ ਅਸੀਂ ਬੇਧਿਆਨੀ ਵਿਚ ਖਾਂਦੇ ਰਹਿੰਦੇ ਹਾਂ। ਕਿਹੋ ਜਿਹਾ ਖਾ ਰਹੇ ਹਾਂ? ਕਿੰਨਾ ਖਾ ਰਹੇ ਹਾਂ? ਜਾਂ ਕਿਸ ਦੇ ਨਾਲ ਕੀ ਖਾ ਰਹੇ ਹਾਂ? ਇਹ ਸਭ ਭੁੱਲ ਜਾਂਦੇ ਹਾਂ। ਸਵਾਦ ਜਾਂ ਖਾਣੇ ਦੇ ਸੱਦੇ ਅਤੇ ਖਾਣੇ ਦੀਆਂ ਚੀਜ਼ਾਂ ਨੂੰ ਦੇਖ ਕੇ ਅਸੀਂ ਇਸ ਅਧੀਨ ਹੋ ਕੇ ਸਭ ਕੁਝ ਖਾਣੇ 'ਤੇ ਟੁੱਟ ਪੈਂਦੇ ਹਾਂ। ਅਜਿਹੇ ਵਿਚ ਲੋਕ ਲੋੜ ਤੋਂ ਜ਼ਿਆਦਾ ਖਾਂਦੇ ਹਨ।

**ਬੇਮੇਲ ਖਾਣ-ਪੀਣ** : ਪਾਰਟੀਆਂ ਵਗੈਰਾ 'ਚ ਅਸੀਂ ਕੀ ਖਾਂਦੇ ਹਾਂ, ਕਿਸ ਦੇ ਨਾਲ ਜਾਂ ਕਿਸ ਤੋਂ ਬਾਅਦ ਕੀ ਖਾਣਾ ਚਾਹੀਦਾ ਜਾਂ ਕੀ ਨਹੀਂ ਖਾਣਾ ਚਾਹੀਦਾ, ਇਹ ਅਸੀਂ ਭੁੱਲ ਜਾਂਦੇ ਹਾਂ। ਨਤੀਜੇ ਵਜੋਂ ਸਭ ਕੁਝ ਬੇਮੇਲ ਹੋ ਜਾਂਦਾ ਹੈ। ਖਾਣ ਵਾਲੇ ਨੂੰ ਖਾਣੇ ਦੇ ਸਵਾਦ ਦਾ ਜਾਂ ਉਸ ਤੋਂ ਤ੍ਰਿਪਤੀ ਦਾ ਮਜ਼ਾ ਜ਼ਰੂਰ ਆਉਂਦਾ ਹੈ ਪਰ ਸਨੈਕਸ, ਖਾਣਾ, ਕੌਫੀ, ਕੋਲਡ ਡ੍ਰਿੰਕਸ, ਆਈਸਕ੍ਰੀਮ, ਸਭ ਚੀਜ਼ਾਂ ਪੇਟ ਵਿਚ ਇਕੱਠੀਆਂ ਮਿਲ ਕੇ ਜਦੋਂ ਬਖੇੜਾ ਖੜ੍ਹਾ ਕਰਦੀਆਂ ਹਨ ਤਾਂ ਉਦੋਂ ਸਾਨੂੰ ਬਾਅਦ ਵਿਚ ਹੋਸ਼ ਆਉਂਦੀ ਹੈ ਅਤੇ ਗੜਬੜੀ ਦਾ ਪਤਾ ਲਗਦਾ ਹੈ।

**ਖਾਈ ਜਾਓ ਦਾ ਖਮਿਆਜ਼ਾ** : ਖਾਈ ਜਾਓ ਦੀ ਸੋਚ ਦਾ ਮਾੜਾ ਨਤੀਜਾ ਖਾਣ ਵਾਲੇ ਨੂੰ ਖਾਣੇ ਤੋਂ ਬਾਅਦ ਹੀ ਪਤਾ ਲਗਦਾ ਹੈ। ਪਾਰਟੀ ਜਾਂ ਸਮਾਗਮ ਵਿਚ ਲੋਕ ਸਨੈਕਸ ਅਤੇ ਭੋਜਨ ਵਾਲੀਆਂ ਚੀਜ਼ਾਂ ਇਕੱਠੀਆਂ ਹੀ ਖਾ ਜਾਂਦੇ ਹਨ। ਕੋਲਡ ਡ੍ਰਿੰਕਸ, ਆਈਸਕ੍ਰੀਮ, ਚਾਹ, ਕੌਫੀ ਸਭ ਡਕਾਰ ਜਾਂਦੇ ਹਨ। ਇਹ ਕਬਜ਼, ਅਪਚ, ਪੇਟ ਦਰਦ, ਅਮਲਤਾ, ਪੇਟ ਵਿਚ ਜਲਣ, ਮੋਟਾਪਾ, ਦਿਲ ਦੇ ਰੋਗ ਅਤੇ ਨਾਲ ਹੀ ਹੋਰ ਰੋਗਾਂ ਦਾ ਕਾਰਨ ਬਣਦਾ ਹੈ। ਖਾਈ ਜਾਓ, ਖਾਈ ਜਾਓ ਤੋਂ ਬਾਅਦ ਪਛਤਾਈ ਜਾਓ ਦੀ ਸਥਿਤੀ ਪੈਦਾ ਹੁੰਦੀ ਹੈ। ਇਸ ਖਾਈ ਜਾਓ ਦੇ ਕੁਝ ਮਾੜੇ ਨਤੀਜੇ ਛੇਤੀ ਪਤਾ ਲੱਗ ਜਾਂਦੇ ਹਨ ਅਤੇ ਕੁਝ ਬਾਅਦ ਵਿਚ ਪਤਾ ਲੱਗਦੇ ਹਨ। ਪਹਿਲਾਂ-ਪਹਿਲ ਤਾਂ ਸਰੀਰ ਬਹੁਤ ਕੁਝ ਝੱਲ ਜਾਂਦਾ ਹੈ, ਟਾਲ ਜਾਂਦਾ ਹੈ, ਫਿਰ ਬਾਅਦ ਵਿਚ ਜਦੋਂ ਵੱਡੀਆਂ ਪ੍ਰੇਸ਼ਾਨੀਆਂ ਸਾਹਮਣੇ ਆਉਂਦੀਆਂ ਹਨ ਤਾਂ ਅਸੀਂ ਸਮਝਦੇ ਹਾਂ ਅਤੇ ਜਾਗਦੇ ਹਾਂ। ਉਦੋਂ ਤੱਕ ਕੁਝ ਬਿਮਾਰੀਆਂ ਨੂੰ ਸਰੀਰ ਵਿਚ ਘਰ ਬਣਾਉਣ ਦਾ ਮੌਕਾ ਮਿਲ ਚੁੱਕਾ ਹੁੰਦਾ ਹੈ।

**ਨਤੀਜਾ, ਹੱਲ ਅਤੇ ਸਾਵਧਾਨੀਆਂ** : ਤੁਸੀਂ ਪਾਰਟੀ ਵਿਚ ਸ਼ਾਮਿਲ ਜ਼ਰੂਰ ਹੋਵੋ ਪਰ ਪੂਰੀ ਪਾਰਟੀ ਜਾਂ ਸਮੂਹ ਭੋਜਨ ਦੇ ਦੌਰਾਨ ਤੁਸੀਂ ਹੋਸ਼ ਬਣਾਈ ਰੱਖੋ। ਖਾਣੇ ਦੇ ਸੱਦੇ ਅਤੇ ਪੇਸ਼ ਕੀਤੀਆਂ ਗਈਆਂ ਚੀਜ਼ਾਂ 'ਤੇ ਵਿਵੇਕਪੂਰਨ ਫੈਸਲਾ ਲਓ। ਮੇਜ਼ 'ਤੇ ਰੱਖੀਆਂ ਗਈਆਂ ਜਾਂ ਪਾਰਟੀ ਵਿਚ ਪਰੋਸੀਆਂ ਗਈਆਂ ਖਾਣ-ਪੀਣ ਦੀਆਂ ਚੀਜ਼ਾਂ ਨੂੰ ਪਹਿਲਾਂ ਦੇਖੋ, ਫਿਰ ਤੈਅ ਕਰੋ ਕਿ ਸਵਾਦ ਲਈ ਖਾਓਗੇ ਜਾਂ ਸਿਹਤ ਲਈ। ਹਮੇਸ਼ਾ ਪਲੇਟ ਛੋਟੀ ਲਓ। ਚਮਚ ਛੋਟਾ ਲਓ। ਪਲੇਟ ਵਿਚ ਘੱਟ ਮਾਤਰਾ ਵਿਚ ਆਪਣੇ ਸਵਾਦ ਵਾਲੀ ਚੀਜ਼ਾਂ ਜਾਂ ਸਿਹਤ ਵਾਲੀ ਚੀਜ਼ ਰੱਖੋ ਅਤੇ ਉਸ ਨੂੰ ਚਮਚ ਨਾਲ ਥੋੜ੍ਹਾ-ਥੋੜ੍ਹਾ ਕਰਕੇ ਆਰਾਮ ਨਾਲ ਖਾਓ। ਜੇ ਸੂਪ ਹੈ ਤਾਂ ਉਸ ਨੂੰ ਖਾਣੇ ਤੋਂ ਪਹਿਲਾਂ ਇਕ ਕਟੋਰੀ ਜਾਂ ਕੱਪ ਸੂਪ ਲੈ ਲਓ। ਫਿਰ ਕੁਝ ਦੇਰ ਦੇ ਫਰਕ ਨਾਲ ਆਪਣੀ ਮਨਪਸੰਦ ਜਾਂ ਸਿਹਤਮੰਦ ਚੀਜ਼ ਘੱਟ ਮਾਤਰਾ ਵਿਚ ਪਲੇਟ ਵਿਚ ਰੱਖ ਕੇ ਚਮਚ ਨਾਲ ਥੋੜ੍ਹਾ-ਥੋੜ੍ਹਾ ਕਰਕੇ ਖਾਓ। ਅਜਿਹਾ ਕਰੋਗੇ ਤਾਂ ਸਵਾਦ ਵਾਲੀਆਂ ਚੀਜ਼ਾਂ ਨਾਲ ਤੁਸੀਂ ਛੇਤੀ ਸੰਤੁਸ਼ਟ ਹੋ ਜਾਓਗੇ ਅਤੇ ਜ਼ਿਆਦਾ ਖਾਣੇ ਤੋਂ ਬਚ ਜਾਓਗੇ।

ਸਿਹਤ ਲਈ ਸਲਾਦ, ਫਲ, ਜੂਸ 'ਤੇ ਧਿਆਨ ਦਿਓ। ਪੁੰਗਰੀਆਂ ਚੀਜ਼ਾਂ ਹਨ ਤਾਂ ਉਨ੍ਹਾਂ ਨੂੰ ਲਓ ਪਰ ਆਰਾਮ ਨਾਲ ਥੋੜ੍ਹਾ-ਥੋੜ੍ਹਾ ਖਾਓ। ਖਾਣਾ ਕੁਝ ਵੀ ਖਾਓ ਪਰ ਅਖੀਰ ਵਿਚ ਚਾਹ, ਕੌਫੀ, ਕੋਲਡ ਡ੍ਰਿੰਕਸ ਜਾਂ ਆਈਸਕ੍ਰੀਮ ਕਦੇ ਨਾ ਲਓ। ਜੋ ਵੀ ਲੈਣ ਦੀ ਇੱਛਾ ਹੋਵੇ, ਘੱਟ ਮਾਤਰਾ ਵਿਚ ਲਓ ਅਤੇ ਬੜੇ ਆਰਾਮ ਨਾਲ ਫੁਰਸਤੀਆ ਅੰਦਾਜ਼ ਵਿਚ ਖਾਓ। ਖਾਂਦੇ ਸਮੇਂ ਗੱਲਾਂ ਘੱਟ ਕਰੋ। ਹਮੇਸ਼ਾ ਘੱਟ ਮਾਤਰਾ ਵਿਚ ਪੋਸ਼ਕ ਚੀਜ਼ਾਂ ਖਾਓ। ਤੇਜ਼ ਮਸਾਲਾ, ਗ੍ਰੇਵੀ, ਕੋਲਡ ਡ੍ਰਿੰਕਸ, ਆਈਸਕ੍ਰੀਮ ਤੋਂ ਤੌਬਾ ਕਰੋ ਜਾਂ ਘੱਟ ਮਾਤਰਾ ਵਿਚ ਲਓ। ਕਿਸੇ ਦੇ ਕਹਿਣ 'ਤੇ ਵਿਵੇਕਪੂਰਨ ਫੈਸਲਾ ਲਓ। ਸਿਹਤ ਦੀ ਕੁੰਜੀ ਤੁਹਾਡੇ ਆਪਣੇ ਹੱਥ ਵਿਚ ਹੈ।

# ਮਾਹਾਵਾਰੀ ਨੂੰ ਨਿਯਮਿਤ ਕਰਨ ਦੇ ਘਰੇਲੂ ਉਪਾਅ



ਔਰਤਾਂ ਨੂੰ ਹਰ ਮਹੀਨੇ ਮਾਹਾਵਾਰੀ ਦੇ ਦਰਦ ਵਿੱਚੋਂ ਲੰਘਣਾ ਪੈਂਦਾ ਹੈ। ਇਸ ਨਾਲ ਸਰੀਰ ਵਿੱਚ ਕਈ ਤਰ੍ਹਾਂ ਦੇ ਬਦਲਾਅ ਅਤੇ ਕਮਜ਼ੋਰੀ ਆ ਜਾਂਦੀ ਹੈ। ਕਈ ਵਾਰ ਤਾਂ ਸਰੀਰ ਵਿੱਚ ਦਰਦ, ਪਿੱਠ ਵਿੱਚ ਦਰਦ, ਵਾਲਾਂ ਦਾ ਝੜਨਾ, ਘਬਰਾਹਟ ਦੇ ਇਲਾਵਾ ਸਿਹਤ ਨਾਲ ਜੁੜੀਆਂ ਹੋਰ ਵੀ ਬਹੁਤ ਪ੍ਰੇਸ਼ਾਨੀਆਂ ਆਉਣੀਆਂ ਸ਼ੁਰੂ ਹੋ ਜਾਂਦੀਆਂ ਹਨ ਜਿਸ ਦਾ ਕਾਰਨ ਕਮਜ਼ੋਰੀ ਹੋ ਸਕਦਾ ਹੈ। ਕਈ ਵਾਰ ਤਾਂ ਸਰੀਰ ਵਿੱਚ ਕਮਜ਼ੋਰੀ ਆ ਜਾਣ ਦੇ ਕਾਰਨ ਮਾਹਾਵਾਰੀ ਵਿੱਚ ਦੇਰੀ ਆ ਜਾਂਦੀ ਹੈ ਅਤੇ ਕੁਝ ਲੋਕਾਂ ਨੂੰ ਤਾਂ 1-2 ਮਹੀਨੇ ਮਾਹਾਵਾਰੀ ਆਉਂਦੀ ਹੀ ਨਹੀਂ ਹੈ। ਇਸ ਦਾ ਸਹੀ ਸਮੇਂ 'ਤੇ ਇਲਾਜ ਨਾ ਕੀਤਾ ਜਾਵੇ ਤਾਂ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਉਮਰ ਤੋਂ ਪਹਿਲਾਂ ਮਾਹਾਵਾਰੀ ਬੰਦ ਹੋਣ 'ਤੇ ਬਹੁਤ ਸਾਰੇ ਰੋਗ ਸਰੀਰ ਨੂੰ ਘੇਰ ਲੈਂਦੇ ਹਨ। ਮਾਹਾਵਾਰੀ ਦਾ ਰੁੱਕਣਾ ਵੀ ਸਰੀਰ ਵਿੱਚ ਹੋਣ ਵਾਲੀ ਗੜਬੜੀ ਦਾ ਹੀ ਕਾਰਨ ਹੈ। ਜੇ ਤੁਹਾਨੂੰ ਵੀ ਇਸੇ ਤਰ੍ਹਾਂ ਦੀ ਕੋਈ ਪ੍ਰੇਸ਼ਾਨੀ ਹੈ ਤਾਂ ਕੁਝ ਘਰੇਲੂ ਨੁਸਖੇ ਅਪਣਾ ਕੇ ਮਾਹਾਵਾਰੀ ਨੂੰ ਨਿਯਮਿਤ ਕਰ ਸਕਦੇ ਹੋ। ਇਸ ਲਈ ਆਪਣੇ ਡਾਕਟਰ ਦੀ ਸਲਾਹ ਜ਼ਰੂਰ ਲਓ।

1. ਰਾਤ ਨੂੰ ਇਨ੍ਹਾਂ ਚੀਜ਼ਾਂ ਦੇ ਨਾਲ ਪੀਓ ਦੁੱਧ

ਰਾਤ ਨੂੰ ਸੌਣ ਤੋਂ ਪਹਿਲਾਂ ਇੱਕ ਗਲਾਸ ਗਰਮ ਦੁੱਧ ਵਿੱਚ ਥੋੜ੍ਹੀ ਜਿਹੀ ਮਿਸ਼ਰੀ ਪਾ ਕੇ ਪੀਓ ਅਤੇ ਇਸ ਨਾਲ 4 ਛੁਹਾਰੇ ਖਾਓ। ਰੋਜ਼ਾਨਾ 3-4 ਦਿਨ ਇਸ ਦੀ ਵਰਤੋਂ ਕਰਨ ਨਾਲ ਫ਼ਾਇਦਾ ਮਿਲਦਾ ਹੈ।

2. ਸਵੇਰੇ ਇੰਝ ਖਾਓ ਬਾਦਾਮ

ਰਾਤ ਨੂੰ 2 ਛੁਹਾਰੇ ਅਤੇ 4 ਬਾਦਾਮ ਨੂੰ ਪਾਣੀ ਵਿੱਚ ਭਿਓਂ ਕੇ ਰੱਖ ਦਿਓ। ਸਵੇਰੇ ਇਸ ਦੇ ਨਾਲ ਥੋੜ੍ਹੀ ਜਿਹੀ ਮਿਸ਼ਰੀ ਨੂੰ ਪੀਸ ਕੇ ਮੱਖਣ ਦੇ ਨਾਲ ਇਸ ਦੀ ਵਰਤੋਂ ਕਰੋ। ਮਾਹਾਵਾਰੀ ਨਾਲ ਜੁੜੀਆਂ ਸਮੱਸਿਆਵਾਂ ਦੂਰ ਹੋ ਜਾਣਗੀਆਂ।

3. ਐਲੋਵੇਰਾ ਵੀ ਹੈ ਲਾਭਕਾਰੀ

ਹਰ ਰੋਜ਼ 50 ਗ੍ਰਾਮ ਐਲੋਵੇਰਾ ਜੂਸ ਨੂੰ 1 ਗਲਾਸ ਪਾਣੀ ਵਿੱਚ ਪਾ ਕੇ ਪੀਓ। ਰਾਤ ਦੇ ਸਮੇਂ ਦੁਬਾਰਾ ਇਸ ਦੀ ਵਰਤੋਂ ਕਰੋ। ਇਸ ਗੱਲ ਦਾ ਧਿਆਨ ਰੱਖੋ ਕਿ ਇਸ ਨੂੰ ਪੀਣ ਤੋਂ 1 ਘੰਟਾ ਪਹਿਲਾਂ ਅਤੇ ਬਾਅਦ ਵਿੱਚ ਕੁਝ ਨਾ ਖਾਓ।

# ਪੇਟ 'ਚ ਅਲਸਰ ਦੇ ਲੱਛਣਾਂ ਨੂੰ ਨਾ ਕਰੋ ਨਜ਼ਰਅੰਦਾਜ਼



ਮਾਡਰਨ ਲਾਈਫ਼ ਸਟਾਈਲ ਵਿੱਚ ਗਲਤ ਖਾਣ-ਪੀਣ ਦੀ ਵਜ੍ਹਾ ਕਾਰਨ ਲੋਕਾਂ ਨੂੰ ਕਈ ਤਰ੍ਹਾਂ ਦੀਆਂ ਸਿਹਤ ਸੰਬੰਧੀ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਨ੍ਹਾਂ ਵਿੱਚੋਂ ਇੱਕ ਹੈ ਪੇਟ ਦਾ ਅਲਸਰ। ਪੇਟ ਦਾ ਅਲਸਰ ਮਤਲੱਬ ਪੇਟ ਵਿੱਚ ਹੋਣ ਵਾਲੇ ਛਾਲੇ। ਸਮੱਸਿਆ ਵਧਣ 'ਤੇ ਇਹ ਛਾਲੇ ਜਖਮ ਦੇ ਰੂਪ ਵਿੱਚ ਬਦਲ ਜਾਂਦੇ ਹਨ। ਪੇਟ ਵਿੱਚ ਅਲਸਰ ਹੋਣ ਦਾ ਕਾਰਨ ਸਾਡੀਆਂ ਖਾਣ-ਪੀਣ ਦੀਆਂ ਗਲਤ ਆਦਤਾਂ ਹਨ। ਅਲਸਰ ਕਈ ਤਰ੍ਹਾਂ ਦੇ ਹੁੰਦੇ ਹਨ ਜਿਵੇਂ ਕਿ ਪੇਪਟਿਕ ਅਲਸਰ, ਗੈਸਟ੍ਰਿਕ ਅਲਸਰ, ਇਸੋਫ਼ੇਗਲ ਅਲਸਰ। ਅੱਜ ਅਸੀਂ ਤੁਹਾਨੂੰ ਪੇਟ ਵਿੱਚ ਅਲਸਰ ਹੋਣ ਦੇ ਲੱਛਣ ਅਤੇ ਸੰਕੇਤਾਂ ਬਾਰੇ ਦੱਸਣ ਜਾ ਰਹੇ ਹਾਂ ਆਓ ਜਾਣਦੇ ਹਾਂ ਇਨ੍ਹਾਂ ਬਾਰੇ ਪੇਟ ਵਿੱਚ ਅਲਸਰ ਹੋਣ ਦੇ ਲੱਛਣ

1. ਛਾਤੀ ਵਿੱਚ ਜਲਣ: ਅਸਲ ਵਿੱਚ ਗਲਤ ਖਾਣ-ਪੀਣ ਦੀਆਂ ਆਦਤਾਂ ਦੇ ਕਾਰਨ ਪੇਟ ਵਿੱਚ ਐਸਿਡ ਬਣ ਜਾਂਦਾ ਹੈ। ਪੇਟ ਵਿੱਚ ਮੌਜੂਦ ਐਸਿਡ ਉਪਰ ਦੇ ਪਾਸੇ ਪਾਈਪ ਵਿੱਚ ਆ ਜਾਂਦਾ ਹੈ, ਜਿਸ ਨਾਲ ਛਾਤੀ ਵਿੱਚ ਜਲਣ ਹੋਣ ਲੱਗਦੀ ਹੈ।

2. ਵੋਮਟਿੰਗ ਆਉਣਾ: ਵਾਰ-ਵਾਰ ਜੀ ਮਚਲਾਉਣਾ ਜਾਂ ਫ਼ਿਰ ਵੋਮਟਿੰਗ ਆਉਣਾ ਵੀ ਪੇਟ ਵਿੱਚ ਅਲਸਰ ਹੋਣ ਦਾ ਲੱਛਣ ਹੈ। ਇਸ ਨੂੰ ਨਜ਼ਰ ਅੰਦਾਜ਼ ਨਾ ਕਰੋ। ਉਂਝ ਹੀ ਵੋਮਟਿੰਗ ਵਿੱਚ ਬਲੱਡ ਆਉਣਾ ਵੀ ਇਸ ਦਾ ਲੱਛਣ ਹੋ ਸਕਦਾ ਹੈ।

3. ਪੇਟ ਫ਼ੁੱਲਣਾ : ਅਕਸਰ ਲੋਕਾਂ ਨੂੰ ਪੇਟ ਫ਼ੁੱਲਣ ਵਰਗੀਆਂ ਸਮੱਸਿਆਵਾਂ ਰਹਿੰਦੀਆਂ ਹਨ। ਇਹ ਪੇਟ ਵਿੱਚ ਅਲਸਰ ਹੋਣ ਦੀ ਨਿਸ਼ਾਨੀ ਹੋ ਸਕਦੀ ਹੈ।

4. ਭਾਰ ਘੱਟ ਹੋਣਾ: ਜੇ ਤੁਹਾਡਾ ਅਚਾਨਕ ਭਾਰ ਘੱਟ ਹੋਣ ਲੱਗੇ ਤਾਂ ਇਹ ਵੀ ਅਲਸਰ ਦਾ ਲੱਛਣ ਹੋ ਸਕਦਾ ਹੈ।

5. ਭੁੱਖ ਲੱਗਣਾ:ਵਾਰ-ਵਾਰ ਭੁੱਖ ਲੱਗਣਾ ਜਾਂ ਫ਼ਿਰ ਦਿਨ ਵਿੱਚ ਕਈ ਵਾਰ ਖਾਣਾ ਵੀ ਅਲਸਰ ਦੀ ਨਿਸ਼ਾਨੀ ਹੈ।



# ਦਿਲ ਲਈ ਖਤਰਨਾਕ ਹੈ ਬਲੱਡ ਪ੍ਰੈਸ਼ਰ, ਸ਼ੂਗਰ ਤੇ ਮੋਟਾਪਾ



ਡਾ. ਮਨਜੀਤ ਸਿੰਘ ਬੱਲ
83508- 00237

ਦਿਲ ਐਸਾ ਜ਼ਬਰਦਸਤ ਪੰਪ ਹੈ ਜੋ ਬਿਨਾਂ ਥੱਕੇ ਤੇ ਬਿਨਾਂ ਆਰਾਮ ਕੀਤੇ ਪੂਰੀ ਉਮਰ ਕੰਮ ਕਰਦਾ ਹੈ। ਇਹ ਹਰੇਕ ਮਿੰਟ 5 ਤੋਂ 6 ਲੀਟਰ ਖ਼ੂਨ ਪੰਪ ਕਰਕੇ ਅੱਗੇ ਭੇਜਦਾ ਜੋ ਦਿਲ ਦੇ ਆਪਣੇ ਪੱਠਿਆਂ ਸਮੇਤ, ਸਰੀਰ ਦੇ ਸਾਰੇ ਅੰਗਾਂ ਤੇ ਤੰਤੂਆਂ ਨੂੰ ਆਕਸੀਜਨ ਤੇ ਤਾਕਤ ਪ੍ਰਦਾਨ ਕਰਦਾ ਹੈ। ਵਧਦੀ ਉਮਰ ਨਾਲ ਖ਼ੂਨ ਦੀਆਂ ਨਾੜੀਆਂ ਦੇ ਅੰਦਰ ਚਰਬੀ ਦੀ ਪੇਪੜੀ ਜਿਹੀ ਜੰਮ ਜਾਂਦੀ ਹੈ ਜਿਸ ਨੂੰ 'ਐਥਰੋ-ਸਕਲੀਰੋਸਿਸ' ਕਿਹਾ ਜਾਂਦਾ ਹੈ। ਇਸ ਕਾਰਨ ਦਿਲ ਨੂੰ ਪੂਰੀ ਤਾਕਤ ਨਹੀਂ ਮਿਲਦੀ। ਇਸ ਨੂੰ 'ਕੋਰੋਨਰੀ ਆਰਟਰੀ ਡਿਸਈਜ਼' ਕਹਿੰਦੇ ਹਨ। ਦਿਮਾਗ ਦੀ ਨਾੜੀ ਵਿੱਚ ਪੇਪੜੀ ਜੰਮ ਜਾਵੇ ਤਾਂ ਸਟਰੋਕ; ਦਿਲ ਦੀ ਨਾੜੀ 'ਚ ਹੋਵੇ ਤਾਂ ਛਾਤੀ ਵਿੱਚ ਦਰਦ, ਦਿਲ ਦਾ ਦੌਰਾ ਜਾਂ ਅਚਾਨਕ ਮੌਤ; ਲੱਤਾਂ ਦੀਆਂ ਨਾੜੀਆਂ 'ਚ ਹੋਵੇ ਤਾਂ (ਗੈਂਗਰੀਨ) ਉਂਗਲਾਂ ਕਾਲੀਆਂ ਹੋ ਕੇ ਝੜ ਜਾਂਦੀਆਂ ਹਨ।

ਕੋਰੋਨਾਰੀ ਆਰਟਰੀ ਡਿਸਈਜ਼: ਹੋ ਸਕਦਾ ਹੈ ਕਿ ਕਾਫ਼ੀ ਸਮਾਂ ਕੋਈ ਵੀ ਅਲਾਮਤਾਂ ਨਾ ਹੋਣ, ਜਾਂ ਫ਼ਿਰ ਪੌੜੀਆਂ ਚੜ੍ਹਨ ਜਾਂ ਭਾਰਾ ਕੰਮ ਕਰਨ ਵੇਲੇ ਛਾਤੀ ਵਿੱਚ ਪੀੜ ਹੁੰਦੀ ਹੋਵੇ, ਜਾਂ ਫ਼ਿਰ ਦਿਲ ਦਾ ਦੌਰਾ ਪੈ ਜਾਵੇ ਤੇ ਇਲਾਜ ਨਾਲ ਵਿਅਕਤੀ ਠੀਕ ਹੋ ਜਾਵੇ, ਤੇ ਜਾਂ ਫ਼ਿਰ ਵੱਡਾ ਦੌਰਾ ਪਵੇ ਤੇ ਅਚਾਨਕ ਮੌਤ ਹੋ ਜਾਵੇ। ਭਾਵੇਂ ਜਾਗਰੂਕਤਾ ਕਰਕੇ ਪਿਛਲੇ ਕੁਝ ਸਾਲਾਂ ਦੌਰਾਨ ਅਜਿਹੇ ਕੇਸਾਂ ਦੀ ਦਰ ਘਟੀ ਹੈ ਫ਼ਿਰ ਵੀ ਭਾਰਤ ਸਮੇਤ ਵਿਕਾਸਸ਼ੀਲ ਦੇਸ਼ਾਂ ਵਿੱਚ ਇਹ ਇੱਕ ਵੱਡੀ ਸਮੱਸਿਆ ਹੈ। ਭਾਰਤੀਆਂ ਵਿੱਚ ਇਹ ਰੋਗ ਹੋਣ ਦੇ ਵਧੇਰੇ ਚਾਂਸ ਹੁੰਦੇ ਹਨ। ਖ਼ੂਨ ਵਿੱਚ ਘੱਟ ਕੋਲੈਸਟਰੋਲ ਨਾਲ ਵੀ ਇਹ ਤਹਿ ਜੰਮ ਜਾਂਦੀ ਹੈ। ਭਾਰਤੀਆਂ ਵਿੱਚ ਇਹ, ਮੁਕਾਬਲਤਨ ਛੋਟੀ ਉਮਰ ਵਿੱਚ ਹੋ ਜਾਂਦੀ ਹੈ। ਮੌਤਾਂ ਦੇ ਚਾਂਸ, ਗੋਰਿਆਂ ਨਾਲੋਂ ਦੋ ਗੁਣਾਂ ਜ਼ਿਆਦਾ ਹੁੰਦੇ ਹਨ। ਅਜਿਹਾ ਕਿਉਂ ਹੈ?

ਘਿਓ, ਮੱਖਣ, ਚਰਬੀ, ਮਿਠਾਈਆਂ ਤੇ ਹੋਰ ਭੋਜਨ ਖਾਣ ਵੇਲੇ ਅਸੀਂ ਕਿਸੇ ਵੀ ਤਰ੍ਹਾਂ ਦਾ ਹਿਸਾਬ ਨਹੀਂ ਰੱਖਦੇ। ਨਾ ਹੀ ਅਸੀਂ ਬਲੱਡ ਪ੍ਰੈਸ਼ਰ, ਸ਼ੂਗਰ, ਮੋਟਾਪੇ ਨੂੰ ਗੰਭੀਰਤਾ ਨਾਲ ਲੈਂਦੇ ਹਾਂ। ਖਾਈ ਜਾਣਾ ਪਰ ਵਰਜ਼ਿਸ਼ ਵਾਲੇ ਕੰਮ ਨਹੀਂ ਕਰਨੇ। ਸ਼ਹਿਰੀਕਰਣ ਇਸ ਦਾ ਇੱਕ ਹੋਰ ਕਾਰਨ ਹੈ ਜਿਸ ਕਰਕੇ ਜੀਵਨ ਢੰਗ ਬਦਲ ਗਿਆ ਹੈ।

ਉਮਰ (ਔਰਤਾਂ ਦੀ 45 ਸਾਲ ਤੋਂ ਤੇ ਮਰਦਾਂ ਦੀ 55 ਸਾਲ ਤੋਂ ਵਡੇਰੀ), ਮਰਦ ਜਾਂ ਔਰਤ ਹੋਣਾ, ਪਰਿਵਾਰਕ ਪਿੱਠ-ਭੂਮੀ ਤੇ ਜਿਨਸ ਵਰਗੇ ਕਾਰਨ ਤੁਹਾਡੇ ਵੱਸ ਵਿੱਚ ਨਹੀਂ ਹਨ ਪ੍ਰੰਤੂ ਹਾਈ ਕੋਲੈਸਟਰੋਲ, ਤੰਬਾਕੂਨੋਸ਼ੀ, ਬਲੱਡ ਪ੍ਰੈਸ਼ਰ, ਸ਼ੂਗਰ ਰੋਗ, ਮੋਟਾਪਾ, ਸ਼ਰਾਬ ਦਾ ਸੇਵਨ ਕਾਰਨ ਜਾਂ ਵਰਜਿਸ਼ ਕਰਨਾ ਵੱਸ ਵਿੱਚ ਹੈ। ਕੋਲੈਸਟਰੋਲ ਭੋਜਨ (ਮੀਟ-ਮੁਰਗਾ, ਆਂਡਾ, ਦੁੱਧ ਆਦਿ) 'ਚੋਂ ਆਉਂਦਾ ਹੈ ਤੇ ਕੁਝ ਸਰੀਰ ਦੇ ਅੰਦਰ ਬਣਦਾ ਹੈ। ਕੋਲੈਸਟਰੋਲ ਨੂੰ ਐਲਡੀਐਲ (ਲੋਅ ਡੈਨਸਿਟੀ ਲਾਇਪੋਪ੍ਰੋਟੀਨ) ਕਹਿੰਦੇ ਹਨ ਜੋ ਐਥਰੋਸਕਲੀਰੋਸਿਸ ਪੈਦਾ ਕਰਕੇ ਦਿਲ ਦਾ ਦੁਸ਼ਮਣ ਬਣਦਾ ਹੈ। ਜਦ ਕਿ ਐਚਡੀਐਲ (ਹਾਈ ਡੈਨਸਿਟੀ ਲਾਇਪੋਪ੍ਰੋਟੀਨ) ਸਾਡੇ ਲਈ ਲਾਹੇਵੰਦਾ ਹੈ ਤੇ ਦਿਲ ਨੂੰ ਕਾਇਮ ਰੱਖਣ ਵਿੱਚ ਸਹਾਈ ਹੁੰਦਾ ਹੈ। ਜਿਨ੍ਹਾਂ ਦਾ ਭਾਰ ਜ਼ਿਆਦਾ ਹੈ (ਸਾਧਾਰਨ ਭਾਰ ਤੋਂ 10-30% ਵਧੇਰੇ), ਉਨ੍ਹਾਂ ਨੂੰ ਦਿਲ ਦੀ ਸਮੱਸਿਆ 2- 6 ਗੁਣਾਂ ਵਧੇਰੇ ਹੁੰਦੀ ਹੈ। 'ਵੇਸਟ' ਤੇ 'ਹਿੱਪ' ਦੀ ਨਾਰਮਲ ਅਨੁਪਾਤ ਔਰਤਾਂ ਵਿੰਚ 0.85 ਤੇ ਪੁਰਸ਼ਾਂ ਵਿੱਚ 0.95 ਹੋਣੀ ਚਾਹੀਦੀ ਹੈ। ਸਵੇਰੇ ਉਠ ਕੇ ਰੋਜ਼ ਸੈਰ ਕਰੋ। ਸਿਗਰਿਟਨੋਸ਼ੀ ਬਲੱਡ ਪ੍ਰੈਸ਼ਰ ਵਧਾਉਂਦੀ ਹੈ ਤੇ ਐਚਡੀਐਲ ਘਟਾਉਂਦੀ ਹੈ। ਖ਼ੂਨ ਦੀਆਂ ਨਾੜੀਆਂ ਤੇ ਸੈਲਾਂ ਨੂੰ ਨੁਕਸਾਨ ਪਹੁਚਾਉਂਦੀ ਤੇ ਹਰਟ ਅਟੈਕ ਵਧਾਉਂਦੀ ਹੈ। ਕੋਲੈਸਟਰੋਲ ਦਾ ਪੱਧਰ ਕੁਝ ਵੀ ਹੋਵੇ, ਜੇਕਰ ਵਿਅਕਤੀ ਨੂੰ ਸ਼ੂਗਰ ਰੋਗ ਹੈ ਤਾਂ ਦਿਲ ਦੇ ਦੌਰੇ ਜਾਂ ਬ੍ਰੇਨ ਸਟਰੋਕ ਦਾ ਖ਼ਤਰਾ ਦੁੱਗਣਾ ਜਾਂ ਤਿਗਣਾ ਹੋ ਜਾਂਦਾ ਹੈ। ਸਾਧਾਰਨ ਵਿਅਕਤੀ ਨਾਲੋਂ ਸ਼ੂਗਰ ਦਾ ਮਰੀਜ਼, ਕਈ ਗੁਣਾਂ ਵਧੇਰੇ ਦਿਲ ਦਾ ਰੋਗੀ ਬਣਦਾ ਹੈ। ਸ਼ੂਗਰ ਦੇ ਤਕਰੀਬਨ 80% ਰੋਗੀਆਂ ਦੀ,ਦਿਲ ਦੇ ਦੌਰੇ ਕਾਰਨ ਮੌਤ ਹੁੰਦੀ ਹੈ।

ਦਿਲ ਦੀ ਸਮੱਸਿਆ ਤੋਂ ਬਚਣ ਲਈ ਵੱਖ ਵੱਖ ਤਰ੍ਹਾਂ ਦੇ ਫ਼ਲ਼ ਤੇ ਸਲਾਦ ਖਾਓ, ਹੋ ਸਕੇ ਤਾਂ ਦਿਨ ਵਿੱਚ ਤਿੰਨ ਚਾਰ ਵਾਰ। ਇਨ੍ਹਾਂ ਵਿੱਚ ਵਿਟਾਮਿਨਜ਼, ਖਣਿਜ ਤੇ ਐਂਟੀ ਆਕਸੀਡੈਂਟ ਬਹੁਤ ਹੁੰਦੇ ਹਨ। ਚਰਬੀ, ਅਲਪ ਮਾਤਰਾ ਵਿੱਚ ਹੁੰਦੀ ਜਾਂ ਕਹਿ ਲਓ ਕਿ ਹੁੰਦੀ ਹੀ ਨਹੀਂ। ਘੱਟ ਚਰਬੀ ਜਾਂ ਚਰਬੀ-ਰਹਿਤ ਆਹਾਰ ਖਾਓ। ਘੱਟ ਚਰਬੀ ਵਾਲਾ ਜਾਂ ਚਰਬੀ ਰਹਿਤ (ਸਕਿੱਮਡ ਜਾਂ ਟੋਨਡ) ਦੁੱਧ ਵਰਤੋ। ਰੈਡ ਮੀਟ ਤੋਂ ਪ੍ਰਹੇਜ਼ ਕਰੋ। ਮੱਛੀ ਤੇ ਕੁਝ ਹੱਦ ਤੱਕ ਕੁੱਕੜ (ਚਿਕਨ) ਲਾਹੇਵੰਦ ਹਨ। ਅਨਾਜ ਵੀ ਅਲੱਗ ਅਲੱਗ ਤਰ੍ਹਾਂ ਦੇ ਖਾਓ। ਛਾਣ-ਬੂਰੇ (ਸੂੜ੍ਹੇ) ਵਾਲੇ ਆਟੇ ਦੀਆਂ ਰੋਟੀਆਂ ਸਿਹਤ ਲਈ ਚੰਗੀਆਂ ਹਨ। ਲੂਣ ਦੀ ਵਰਤੋਂ ਘਟ ਕਰ ਦਿਓ।

ਜੇ ਤੁਸੀਂ ਪੈਗ ਲਾਉਣ ਦੇ ਆਦੀ ਹੋ ਤਾਂ ਇੱਕ ਹੀ ਲਓ। ਥਾਲੀ ਭਰ ਕੇ ਖਾਣਾ ਬੰਦ ਕਰ ਦਿਓ। ਵਧੇਰੇ ਕੈਲਰੀਜ਼ ਤੇ ਘੱਟ ਪੌਸ਼ਟਿਕਤਾ ਵਾਲੀਆਂ ਵਸਤਾਂ ਜਿਵੇਂ ਕੈਂਡੀਜ਼, ਸੌਫ਼ਟ ਡਰਿੰਕਸ, ਜੈਮ, ਜੈਲੀਜ਼ ਤੇ ਹੋਰ ਜੰਕ ਫ਼ੂਡ ਨਾ ਹੀ ਲਓ ਤਾਂ ਚੰਗਾ ਹੈ। ਮਲਾਈ, ਪਰੌਂਠੇ, ਆਈਸ ਕਰੀਮ, ਸਮੋਸੇ, ਕਚੌੜੀਆਂ, ਰਬੜੀ, ਮੱਖਣ, ਪਨੀਰ, ਦੇਸੀ ਘਿਓ ਆਦਿ ਦਾ ਸੇਵਨ ਘੱਟ ਕਰ ਦਿਓ । ਅੰਡੇ ਦਾ ਪੀਲਾ ਭਾਗ, ਬੱਕਰੇ, ਭੇਡੂ ਆਦਿ ਦਾ (ਰੈਡ) ਮੀਟ, ਬਟਰ ਚਿਕਨ, ਪੂਰੀ ਚਰਬੀ ਵਾਲਾ ਦੁੱਧ, ਦੇਸੀ ਘਿਓ, ਮਲਾਈ, ਆਈਸ ਕਰੀਮ, ਰਬੜੀ, ਇਹਨਾਂ ਦੀ ਘਰੋੜੀ, ਮੱਖਣ, ਆਦਿ ਵਿੱਚ ਜ਼ਿਆਦਾ ਕੋਲੈਸਟਰੋਲ ਤੇ ਸੈਚੂਰੇਟਡਫ਼ੈਟ ਹੁੰਦੇ ਹਨ । ਬੇਕਰੀ ਦੇ ਬਿਸਕੁਟ, ਪੈਟੀਜ਼, ਕੇਕ ਤੇ ਪੇਸਟ੍ਰੀਆਂ ਵਿੱਚ ਵੀ ਕਾਫ਼ੀ ਚਰਬੀ ਹੁੰਦੀ ਹੈ। ਦਾਲ, ਸਬਜ਼ੀ ਨੂੰ ਤੜਕਾ ਲਾਉਣ ਲਈ ਸੈਚੂਰੇਟਡ ਫ਼ੈਟੀ ਏਸਿਡਜ਼ ਜਿਵੇਂ ਬਨਾਸਪਤੀ ਘਿਓ,ਕੋਕੋਨਟ ਤੇ ਪਾਮ ਆਇਲ ਦਿਲ ਲਈ ਮਾੜੇ ਹਨ, ਇਨ੍ਹਾਂ ਤੋਂ ਪ੍ਰਹੇਜ਼ ਕਰੋ ।

ਐਵੇਂ ਨਹੀਂ ਕਿਹਾ ਜਾਂਦਾ 'ਸਿਆਣੇ ਦਾ ਆਖਿਆ ਤੇ ਔਲ਼ੇ ਦਾ ਖਾਧਾ ਬਾਅਦ 'ਚ ਪਤਾ ਲਗਦੈ'। ਔਲ਼ੇ ਦਾ ਤੇਲ, ਮੂੰਗਫ਼ਲੀ, ਕਨੋਲਾ ਤੇ ਸਰੋਂ ਦਾ ਤੇਲ; ਪੂਫ਼ਾ ਸੂਰਜਮੁਖੀ ਦਾ ਤੇਲ, ਸੋਇਆ ਬੀਨ ਦਾ ਤੇਲ; ਤੇ ਓਮੇਗਾ 3-ਫ਼ੈਟੀ ਏਸਿਡਜ਼ ਬਦਲ ਬਦਲ ਕੇ ਵਰਤੋ। ਲਸਣ ਦੀ ਵਰਤੋਂ ਲਾਹੇਵੰਦ ਹੈ । ਜ਼ਰੂਰੀ ਨਹੀਂ ਕਿ ਤੁਸੀਂ ਵਰਜ਼ਿਸ਼ ਵਾਸਤੇ ਜਿੰਮ ਹੀ ਜਾਓ; 30 ਤੋਂ 45 ਮਿੰਟ ਦੀ ਰੋਜ਼ਾਨਾ ਸੈਰ ਤੇ ਵਧੇਰੇ ਕਿਰਿਆਸ਼ੀਲ ਰਹਿਣ ਵਾਲੇ ਕੰਮ ਮੋਟਾਪਾ ਘਟਾਉਂਦੇ ਤੇ ਚੁਸਤ ਦਰੁਸਤ ਰੱਖਦੇ ਹਨ। ਜੇ ਤੁਸੀਂ ਤੰਬਾਕੂ ਦਾ ਸੇਵਨ ਕਰਦੇ ਹੋ ਤਾਂ ਅੱਜ ਹੀ ਇਸ ਨੂੰ ਛੱਡਣ ਦਾ ਫ਼ੈਸਲਾ ਕਰ ਲਓ। ਇਹ ਛੱਡਣ ਤੋਂ ਬਾਅਦ 24 ਘੰਟੇ ਦੇ ਅੰਦਰ ਹੀ ਦਿਲ ਦੇ ਦੌਰੇ ਦਾ ਖ਼ਤਰਾ ਘਟਣਾ ਸ਼ੁਰੂ ਹੋ ਜਾਂਦਾ ਹੈ। ਮੂੰਹ ਦੀ ਬਦਬੋ ਤੇ ਸਵਾਦ ਤਕਰੀਬਨ ਇੱਕ ਹਫ਼ਤੇ ਵਿੱਚ ਠੀਕ ਹੋ ਜਾਂਦੇ ਹਨ। 'ਸਮੋਕਰਜ਼' ਵਾਲੀ ਖੰਘ ਤਿੰਨਾਂ ਮਹੀਨਿਆਂ ਵਿੱਚ ਹਟ ਜਾਂਦੀ ਹੈ ।

ਇਹ ਨੰਬਰ ਚੇਤੇ ਰੱਖੋ- 200 100 40 200 । ਇਹ ਮੋਬਾਇਲ ਨੰਬਰ ਨਹੀਂ ਹੈਗਾ, ਇਹ ਹੈ-ਕੋਲੈਸਟ੍ਰੋਲ 200 ਮਿਲੀਗ੍ਰਾਮ ਤੋਂ ਘੱਟ, ਐਲਡੀਐਲ (ਲੋਅ ਡੈਨਸਿਟੀ ਲਾਇਪੋ-ਪ੍ਰੋਟੀਨ) < 100 ਮਿਲੀਗ੍ਰਾਮ %, ਐਚਡੀਐਲ (ਹਾਈ ਡੈਨਸਿਟੀ ਲਾਇਪੋਪ੍ਰੋਟੀਨ) < 40 ਮਿਲੀਗ੍ਰਾਮ % ਤੇ ਟ੍ਰਾਈਲਸਿਰਾਇਡ < 200 ਮਿਲੀਗ੍ਰਾਮ % । ਅਰਥਾਤ ਭੋਜਨ, ਵਰਜ਼ਿਸ਼ ਤੇ ਕੰਮ-ਕਾਜ ਦੌਰਾਨ ਕਿਰਿਆਸ਼ੀਲ ਰਹਿਣ ਨਾਲ ਇਨ੍ਹਾਂ ਦੇ ਲੈਵਲ, ਉਕਤ ਅਨੁਸਾਰ ਘੱਟ ਰੱਖਣ ਦੇ ਉਪਰਾਲੇ ਕਰਨੇ ਚਾਹੀਦੇ ਹਨ ।ਆਰੰਭ ਵਿੱਚ ਹਾਈ ਬਲ਼ੱਡ ਪ੍ਰੈਸ਼ਰ ਦੇ ਕੋਈ ਲੱਛਣ ਨਹੀਂ ਹੁੰਦੇ, ਸੋ ਗਾਹੇ-ਬ-ਗਾਹੇ ਇਹ ਚੈਕ ਕਰਵਾਉਂਦੇ ਰਹਿਣਾ ਚਾਹੀਦਾ ਹੈ। ਜਿਹੜੇ ਵਿਅਕਤੀ ਬਲੱਡ ਪ੍ਰੈਸ਼ਰ ਦੇ ਮਰੀਜ਼ ਹਨ, ਉਨ੍ਹਾਂ ਨੂੰ ਨਿਰੰਤਰ ਪ੍ਰਹੇਜ਼, ਕਸਰਤ ਤੇ ਬਾਕਾਇਦਾ ਦਵਾ ਲੈਣੀ ਚਾਹੀਦੀ ਹੈ। ਤੇ ਡਾਕਟਰ ਦੀ ਸਲਾਹ ਤੋਂ ਬਿਨਾ, ਆਪਣੇ ਆਪ ਇਲਾਜ ਬਦਲਨਾ ਜਾਂ ਬੰਦ ਨਹੀਂ ਕਰਨਾ ਚਾਹੀਦਾ। ਆਪਣੇ ਡਾਕਟਰ ਦੀ ਸਲਾਹ ਮੰਨੋ ਤੇ ਉਹੀ ਦਵਾਈਆਂ ਖਾਓ ਜੋ ਡਾਕਟਰ ਨੇ ਦੱਸੀਆਂ ਹਨ, ਆਪਣੀ ਮਰਜ਼ੀ ਨਾ ਕਰੋ।



# ਗੰਨੇ ਦੀ ਫ਼ਸਲ ਲਈ ਖ਼ਤਰਨਾਕ ਹੈ ਤਿੱਖੀ ਗਰਮੀ ਤੇ ਲੂ , ਕਿਸਾਨ ਤੁਰੰਤ ਕਰਨ ਪਾਣੀ ਤੇ ਕੀਟ ਪ੍ਰਬੰਧਨ : ਕੇਨ ਕਮਿਸ਼ਨਰ

ਕੌਮੀ ਪਤ੍ਰਿਕਾ

ਗੁਰਦਾਸਪੁਰ 4 ਜੂਨ। ਪੰਜਾਬ ਵਿੱਚ ਪੈ ਰਹੀ ਤਿੱਖੀ ਗਰਮੀ, ਲਗਾਤਾਰ ਵੱਧ ਰਹੇ ਤਾਪਮਾਨ ਅਤੇ ਲੂ ਦੇ ਮੱਦੇਨਜ਼ਰ ਗੰਨੇ ਦੀ ਫ਼ਸਲ ਉੱਤੇ ਮਾੜਾ ਅਸਰ ਪੈਣ ਦਾ ਖ਼ਤਰਾ ਵੱਧ ਗਿਆ ਹੈ। ਖੇਤੀ ਮਾਹਿਰਾਂ ਨੇ ਕਿਸਾਨਾਂ ਨੂੰ ਚੇਤਾਵਨੀ ਦਿੱਤੀ ਹੈ ਕਿ ਜੇਕਰ ਇਸ ਸਮੇਂ ਦੌਰਾਨ ਗੰਨੇ ਦੀ ਫ਼ਸਲ ਦੀ ਸਹੀ ਦੇਖਭਾਲ ਅਤੇ ਸਮੇਂ ਸਿਰ ਸਿੰਚਾਈ ਨਾ ਕੀਤੀ ਗਈ ਤਾਂ ਪੈਦਾਵਾਰ ਅਤੇ ਖੰਡ ਰਿਕਵਰੀ ਦੋਹਾਂ ਵਿੱਚ ਭਾਰੀ ਘਾਟ ਆ ਸਕਦੀ ਹੈ। ਇਸੇ ਨੂੰ ਧਿਆਨ ਵਿੱਚ ਰੱਖਦਿਆਂ ਕੇਨ ਕਮਿਸ਼ਨਰ ਪੰਜਾਬ ਡਾ. ਅਮਰੀਕ ਸਿੰਘ ਨੇ ਕਿਸਾਨਾਂ ਨੂੰ ਗੰਨੇ ਦੀ ਫ਼ਸਲ ਬਚਾਉਣ ਲਈ ਜ਼ਰੂਰੀ ਨੁਕਤੇ ਅਪਣਾਉਣ ਦੀ ਅਪੀਲ ਕੀਤੀ ਹੈ। ਹਰ ਸਾਲ ਜੂਨ-ਜੁਲਾਈ ਮਹੀਨੇ ਦੌਰਾਨ ਗੰਨੇ ਦੀ ਫ਼ਸਲ ਦਾ ਸਹਿਕਾਰੀ ਅਤੇ ਨਿੱਜੀ ਖੰਡ ਮਿੱਲਾਂ ਵੱਲੋਂ ਸਰਵੇਅ ਕੀਤਾ ਜਾਂਦਾ ਹੈ ਤਾਂ ਜੋ ਗੰਨੇ ਹੇਠਲੇ ਰਕਬੇ ਦਾ ਜਾਇਜ਼ਾ ਲਿਆ ਜਾ ਸਕੇ ਅਤੇ ਉਸ ਅਨੁਸਾਰ ਕਲੰਡਰ ਨਿਰਧਾਰਤ ਕੀਤਾ ਜਾ ਸਕੇ। ਸਹਿਕਾਰੀ ਖੰਡ ਮਿੱਲ ਗੁਰਦਾਸਪੁਰ ਵੱਲੋਂ ਚੱਲ ਰਹੇ ਸਰਵੇਅ ਦੇ ਕੰਮ ਦਾ ਜਾਇਜ਼ਾ ਲੈਣ ਲਈ ਗੰਨਾ ਕਮਿਸ਼ਨਰ ਪੰਜਾਬ ਡਾ. ਅਮਰੀਕ ਸਿੰਘ ਨੇ ਸਰਹੱਦੀ ਪਿੰਡਾਂ ਜੋਗਰ, ਮਰਾੜਾ, ਬਾਹਮਣੀ ਅਤੇ ਮਕੌੜਾ ਦਾ ਦੌਰਾ ਕੀਤਾ। ਦੌਰੇ ਦੌਰਾਨ ਉਨ੍ਹਾਂ ਕਿਸਾਨਾਂ ਨਾਲ ਗੱਲਬਾਤ ਕਰਕੇ ਗੰਨੇ ਦੀ ਫ਼ਸਲ ਨਾਲ ਸੰਬੰਧਤ ਮੁਸ਼ਕਲਾਂ ਦਾ ਮੌਕੇ ’ਤੇ ਹੱਲ ਵੀ ਕੀਤਾ। ਇਸ ਮੌਕੇ ਡਾ. ਮਿੱਤਰ ਮਾਨ ਸਿੰਘ ਖੇਤੀਬਾੜੀ ਵਿਕਾਸ ਅਫ਼ਸਰ (ਗੰਨਾ), ਬਿਕਰਮਜੀਤ ਸਿੰਘ ਖੈਹਰਾ ਮੁੱਖ ਗੰਨਾ ਵਿਕਾਸ ਅਫ਼ਸਰ, ਮਨਦੀਪ ਸਿੰਘ ਅਤੇ ਵੱਡੀ ਗਿਣਤੀ ਵਿੱਚ ਗੰਨਾ ਕਾਸ਼ਤਕਾਰ ਹਾਜ਼ਰ ਸਨ। ਪਿੰਡ ਮਰਾੜਾ ਵਿੱਚ ਗੰਨਾ ਕਾਸ਼ਤਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਅਮਰੀਕ ਸਿੰਘ ਨੇ ਕਿਹਾ ਕਿ ਮੂਢੀ ਫ਼ਸਲ ਦੀ ਸੰਭਾਲ ਵੱਲ ਸਹੀ ਸਮੇਂ ਧਿਆਨ ਨਾ ਦੇਣ ਨਾਲ ਪੈਦਾਵਾਰ ਘਟਦੀ ਹੈ, ਜੋ ਗੰਨਾ ਕਾਸ਼ਤਕਾਰਾਂ ਅਤੇ ਖੰਡ ਮਿੱਲਾਂ ਲਈ ਆਰਥਿਕ ਨੁਕਸਾਨ ਦਾ ਕਾਰਨ ਬਣਦੀ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਦੌਰਾਨ ਪੈ ਰਹੀ ਅਤਿਅਧਿਕ ਗਰਮੀ ਅਤੇ ਲੂ ਨੂੰ ਧਿਆਨ ਵਿੱਚ ਰੱਖਦਿਆਂ ਗੰਨੇ ਦੀ ਫ਼ਸਲ ਨੂੰ 10 ਤੋਂ 15 ਦਿਨ ਦੇ ਵਕਫ਼ੇ ’ਤੇ ਪਾਣੀ ਦਿੰਦੇ ਰਹਿਣਾ ਬਹੁਤ ਜ਼ਰੂਰੀ ਹੈ ਤਾਂ ਜੋ ਪਾਣੀ ਦੀ ਘਾਟ ਕਾਰਨ ਫ਼ਸਲ ਪ੍ਰਭਾਵਿਤ ਨਾ ਹੋਵੇ। ਉਨ੍ਹਾਂ ਕਿਹਾ ਕਿ ਗੰਨੇ ਦੀ ਚੰਗੀ ਗੁਣਵੱਤਾ ਅਤੇ ਵਧੇਰੇ ਪੈਦਾਵਾਰ ਲਈ ਮੂਢੀ ਫ਼ਸਲ ਦਾ ਸਹੀ ਪ੍ਰਬੰਧਨ ਬੇਹੱਦ ਜ਼ਰੂਰੀ ਹੈ। ਜੇਕਰ ਸ਼ੁਰੂਆਤੀ ਪੜਾਅ ਦੌਰਾਨ ਮੂਢੀ ਫ਼ਸਲ ਦੀ ਦੇਖਭਾਲ ਨਾ ਕੀਤੀ ਜਾਵੇ ਤਾਂ ਨਾ ਸਿਰਫ਼ ਪੈਦਾਵਾਰ ਘਟਦੀ ਹੈ ਸਗੋਂ ਖੰਡ ਦੀ ਰਿਕਵਰੀ ਵੀ ਘਟ ਜਾਂਦੀ ਹੈ, ਜਿਸ ਨਾਲ ਕਿਸਾਨਾਂ ਅਤੇ ਖੰਡ ਮਿੱਲਾਂ ਦੋਹਾਂ ਨੂੰ ਨੁਕਸਾਨ ਝੱਲਣਾ ਪੈਂਦਾ ਹੈ। ਡਾ. ਅਮਰੀਕ ਸਿੰਘ ਨੇ ਦੱਸਿਆ ਕਿ ਗੰਨੇ ਦੀ ਬੀਜੜ ਫ਼ਸਲ ਨੂੰ ਕੀੜਿਆਂ ਤੋਂ ਬਚਾਉਣ ਲਈ ਨਿਰੰਤਰ ਨਿਰੀਖਣ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਦੌਰੇ ਦੌਰਾਨ ਇਹ ਵੀ ਦੇਖਿਆ ਗਿਆ ਕਿ ਗੰਨੇ ਦੀ ਫ਼ਸਲ, ਖ਼ਾਸ ਕਰਕੇ ਮੂਢੀ ਫ਼ਸਲ ’ਤੇ ਅਗੇਤੀ ਫੋਟ ਦੇ ਗੜੂਏ ਦਾ ਹਮਲਾ ਹੋਇਆ ਹੈ, ਪਰ ਕਿਸਾਨਾਂ ਨੂੰ ਘਬਰਾਉਣ ਦੀ ਲੋੜ ਨਹੀਂ ਕਿਉਂਕਿ ਇਸ ਦਾ ਹਮਲਾ ਆਰਥਿਕ ਨੁਕਸਾਨ ਦੇ ਪੱਧਰ ਤੋਂ ਹੇਠਾਂ ਹੈ। ਉਨ੍ਹਾਂ ਦੱਸਿਆ ਕਿ ਇਸ ਕੀੜੇ ਦੇ ਸ਼ੁਰੂਆਤੀ ਹਮਲੇ ਨੂੰ ਟਰਾਈਕੋ ਕਾਰਡ ਲਗਾ ਕੇ ਘਟਾਇਆ ਜਾ ਸਕਦਾ ਹੈ ਅਤੇ ਇਹ ਕਾਰਡ ਖੰਡ ਮਿੱਲਾਂ ਵੱਲੋਂ ਕਿਸਾਨਾਂ ਨੂੰ ਮੁਹੱਈਆ ਕਰਵਾਏ ਜਾ ਰਹੇ ਹਨ। ਜੇਕਰ ਹਮਲਾ ਜ਼ਿਆਦਾ ਹੋਵੇ ਤਾਂ 10 ਕਿਲੋ ਫਿਪਰੋਨਿਲ ਪ੍ਰਤੀ ਏਕੜ ਨੂੰ 20 ਕਿਲੋ ਸਿੱਲੀ ਮਿੱਟੀ ਵਿੱਚ ਮਿਲਾ ਕੇ ਗੰਨੇ ਦੀਆਂ ਲਾਈਨਾਂ ਦੇ ਨਾਲ ਕੇਰਨਾ ਚਾਹੀਦਾ ਹੈ ਅਤੇ ਬਾਅਦ ਵਿੱਚ ਪਾਣੀ ਲਗਾ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜੂਨ ਦੇ ਅਖੀਰ ਅਤੇ ਜੁਲਾਈ ਦੇ ਸ਼ੁਰੂ ਵਿੱਚ 50 ਮਿਲੀ ਕਲੋਐਂਟਰਾਨਿਲੀਪਰੋਲ ਨੂੰ 400 ਲੀਟਰ ਪਾਣੀ ਵਿੱਚ ਘੋਲ ਕੇ ਗੰਨੇ ਦੀਆਂ ਲਾਈਨਾਂ ਦੇ ਨਾਲ ਪਾਉਣਾ ਚਾਹੀਦਾ ਹੈ ਅਤੇ ਬਾਅਦ ਵਿੱਚ ਪਾਣੀ ਲਗਾ ਦੇਣਾ ਚਾਹੀਦਾ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਮੂਢੀ ਫ਼ਸਲ ਦੇ ਪੁੰਗਰਨ ਤੋਂ 20-25 ਦਿਨ ਬਾਅਦ ਖੇਤ ਦਾ ਨਿਰੀਖਣ ਜ਼ਰੂਰ ਕੀਤਾ ਜਾਵੇ ਅਤੇ ਵਧੀਆ ਵਾਧੇ ਲਈ ਖਾਦਾਂ ਦੀ ਵਰਤੋਂ ਮੁੱਢਲੇ ਪੜਾਅ ਵਿੱਚ ਹੀ ਕੀਤੀ ਜਾਵੇ। ਉਨ੍ਹਾਂ ਦੱਸਿਆ ਕਿ ਮੂਢੀ ਫ਼ਸਲ ਨੂੰ ਬੀਜੜ ਫ਼ਸਲ ਨਾਲੋਂ 20 ਫ਼ੀਸਦੀ ਵੱਧ ਯੂਰੀਆ, ਭਾਵ 195 ਕਿਲੋ ਪ੍ਰਤੀ ਏਕੜ, ਤਿੰਨ ਹਿੱਸਿਆਂ ਵਿੱਚ ਪਾਉਣੀ ਚਾਹੀਦੀ ਹੈ। ਇਸ ਤੋਂ ਇਲਾਵਾ 150 ਕਿਲੋ ਸਿੰਗਲ ਸੁਪਰ ਫਾਸਫੇਟ ਅਤੇ 20 ਕਿਲੋ ਪੋਟਾਸ਼ ਖਾਦ ਪਾਉਣ ਦੇ ਨਾਲ ਨਦੀਨਾਂ ਦਾ ਸਮੇਂ ਸਿਰ ਪ੍ਰਬੰਧਨ ਵੀ ਜ਼ਰੂਰੀ ਹੈ। ਉਨ੍ਹਾਂ ਗੰਨਾ ਕਾਸ਼ਤਕਾਰਾਂ ਨੂੰ ਅਪੀਲ ਕੀਤੀ ਕਿ ਸਰਵੇਅ ਦੌਰਾਨ ਗੰਨਾ ਕਰਮਚਾਰੀਆਂ ਨੂੰ ਫ਼ਸਲ ਸਬੰਧੀ ਸਹੀ ਜਾਣਕਾਰੀ ਦਿੱਤੀ ਜਾਵੇ। ਮੁੱਖ ਗੰਨਾ ਵਿਕਾਸ ਅਫ਼ਸਰ ਬਿਕਰਮਜੀਤ ਸਿੰਘ ਖੈਹਰਾ ਨੇ ਦੱਸਿਆ ਕਿ ਖੰਡ ਮਿੱਲ ਵੱਲੋਂ ਕੀੜਿਆਂ ਦੀ ਰੋਕਥਾਮ ਲਈ ਵਾਜਬ ਮੁੱਲ ’ਤੇ ਕਲੋਐਂਟਰਾਨਿਲੀਪ੍ਰੋਲ ਅਤੇ ਕਲੋਰੋਪੈਰੀਫਾਸ ਦਿੱਤੀ ਜਾ ਰਹੀ ਹੈ ਤਾਂ ਜੋ ਕਿਸਾਨ ਸਮੇਂ ਸਿਰ ਕੀਟਨਾਸ਼ਕ ਵਰਤ ਕੇ ਫ਼ਸਲ ਨੂੰ ਬਚਾ ਸਕਣ।



## ਸੁੱਕੇ ਮੇਵਿਆਂ ਦੀਆਂ ਕੀਮਤਾਂ ’ਚ ਭਾਰੀ ਉਛਾਲ, ਅੰਜੀਰ,ਪਿਸਤੇ ਸਮੇਤ ਕਈ ਉਤਪਾਦ 25% ਤੱਕ ਹੋ ਗਏ ਮਹਿੰਗੇ

ਬਿਜ਼ਨੈੱਸ ਡੈਸਕ 4 ਜੂਨ। ਪੱਛਮੀ ਏਸ਼ੀਆ ਵਿੱਚ ਵਧ ਰਹੇ ਤਣਾਅ ਅਤੇ ਜੰਗ ਵਰਗੀ ਸਥਿਤੀ ਦਾ ਅਸਰ ਹੁਣ ਭਾਰਤੀ ਰਸੋਈਆਂ ਅਤੇ ਬਾਜ਼ਾਰਾਂ ’ਤੇ ਸਾਫ਼ ਦੇਖਣ ਨੂੰ ਮਿਲ ਰਿਹਾ ਹੈ। ਇਨ੍ਹਾਂ ਹਾਲਾਤਾਂ ਕਾਰਨ ਡਰਾਈ ਫਰੂਟਸ ਦੀ ਸਪਲਾਈ ਪ੍ਰਭਾਵਿਤ ਹੋਈ ਹੈ, ਜਿਸ ਨਾਲ ਇਨ੍ਹਾਂ ਦੀਆਂ ਕੀਮਤਾਂ ਵਿੱਚ ਤੇਜ਼ੀ ਨਾਲ ਵਾਧਾ ਹੋ ਰਿਹਾ ਹੈ। ਰਿਪੋਰਟਾਂ ਅਨੁਸਾਰ, ਈਰਾਨ ਅਤੇ ਅਫ਼ਗਾਨਿਸਤਾਨ ਤੋਂ ਹੋਣ ਵਾਲੀ ਪਿਸਤਾ, ਅੰਜੀਰ ਅਤੇ ਖਜੂਰ ਦੀ ਸਪਲਾਈ ਰੁਕਣ ਕਾਰਨ ਕੀਮਤਾਂ ਅਸਮਾਨ ਨੂੰ ਛੂਹ ਰਹੀਆਂ ਹਨ। ਬਾਜ਼ਾਰ ਵਿੱਚ ਪਿਸਤਾ ਦੀਆਂ ਕੀਮਤਾਂ ਵਿੱਚ 20 ਤੋਂ 25 ਫ਼ੀਸਦੀ ਅਤੇ ਅੰਜੀਰ ਦੀਆਂ ਕੀਮਤਾਂ ਵਿੱਚ ਲਗਭਗ 10 ਫ਼ੀਸਦੀ ਦਾ ਵਾਧਾ ਦਰਜ ਕੀਤਾ ਗਿਆ ਹੈ। ਸਮੁੱਚੇ ਤੌਰ ’ਤੇ ਕਈ ਮੁੱਖ ਡਰਾਈ ਫਰੂਟਸ ਦੀਆਂ ਕੀਮਤਾਂ 10 ਤੋਂ 25 ਫ਼ੀਸਦੀ ਤੱਕ ਵਧ ਚੁੱਕੀਆਂ ਹਨ। ਜੰਗ ਦੇ ਕਾਰਨ ਸ਼ਿਪਿੰਗ, ਬੀਮਾ ਅਤੇ ਭਾੜੇ ਦੇ ਖਰਚਿਆਂ ਵਿੱਚ ਭਾਰੀ ਵਾਧਾ ਹੋਇਆ ਹੈ। ਸਮੁੰਦਰੀ ਰਸਤੇ ਅਤੇ ਬੰਦਰਗਾਹਾਂ ਪ੍ਰਭਾਵਿਤ ਹੋਣ ਕਾਰਨ ਜੋ ਮਾਲ ਪਹਿਲਾਂ ਕੁਝ ਦਿਨਾਂ ਵਿੱਚ ਪਹੁੰਚ ਜਾਂਦਾ ਸੀ, ਹੁਣ ਉਸ ਨੂੰ ਆਉਣ ਵਿੱਚ ਕਈ ਗੁਣਾ ਵੱਧ ਸਮਾਂ ਲੱਗ ਰਿਹਾ ਹੈ। ਲੰਬੇ ਸਮੇਂ ਤੱਕ ਰਸਤੇ ਵਿੱਚ ਫਸੇ ਰਹਿਣ ਕਾਰਨ ਡਰਾਈ ਫਰੂਟਸ ਦੀ ਗੁਣਵੱਤਾ ਖ਼ਰਾਬ ਹੋਣ ਦਾ ਡਰ ਵੀ ਬਣਿਆ ਹੋਇਆ ਹੈ, ਕਿਉਂਕਿ ਇਨ੍ਹਾਂ ਨੂੰ ਖ਼ਾਸ ਤਾਪਮਾਨ ਅਤੇ ਸਟੋਰੇਜ ਦੀ ਲੋੜ ਹੁੰਦੀ ਹੈ। ਆਮ ਲੋਕਾਂ ਲਈ ਰਾਹਤ ਦੀ ਗੱਲ ਇਹ ਹੈ ਕਿ ਕਾਜੂ ਅਤੇ ਕਿਸ਼ਮਿਸ਼ ਦੀਆਂ ਕੀਮਤਾਂ ਵਿੱਚ ਫਿਲਹਾਲ ਕੋਈ ਵੱਡੀ ਤੇਜ਼ੀ ਨਹੀਂ ਦੇਖੀ ਗਈ। ਇਸ ਦਾ ਮੁੱਖ ਕਾਰਨ ਇਹ ਹੈ ਕਿ ਭਾਰਤ ਵਿੱਚ ਇਨ੍ਹਾਂ ਦਾ ਉਤਪਾਦਨ ਕਾਫ਼ੀ ਮਾਤਰਾ ਵਿੱਚ ਹੁੰਦਾ ਹੈ, ਜਿਸ ਕਾਰਨ ਇਨ੍ਹਾਂ ਦੀ ਸਪਲਾਈ ਫਿਲਹਾਲ ਸੰਤੁਲਿਤ ਬਣੀ ਹੋਈ ਹੈ। ਮਾਹਿਰਾਂ ਅਨੁਸਾਰ ਅਸਲ ਚੁਣੌਤੀ ਅਗਸਤ-ਸਤੰਬਰ ਤੋਂ ਸ਼ੁਰੂ ਹੋਣ ਵਾਲੇ ਤਿਉਹਾਰਾਂ ਦੇ ਸੀਜ਼ਨ (ਦਿਵਾਲੀ) ਦੌਰਾਨ ਆ ਸਕਦੀ ਹੈ। ਜੇਕਰ ਸਪਲਾਈ ਚੇਨ ਜਲਦੀ ਆਮ ਵਾਂਗ ਨਾ ਹੋਈ ਤਾਂ ਵਧਦੀ ਮੰਗ ਕਾਰਨ ਕੀਮਤਾਂ ਹੋਰ ਵੀ ਵਧ ਸਕਦੀਆਂ ਹਨ, ਜਿਸ ਨਾਲ ਮੰਗ ਵਿੱਚ 10 ਤੋਂ 15 ਫ਼ੀਸਦੀ ਦੀ ਗਿਰਾਵਟ ਆ ਸਕਦੀ ਹੈ। ਕਾਰੋਬਾਰੀਆਂ ਦਾ ਕਹਿਣਾ ਹੈ ਕਿ ਜੇਕਰ ਅੱਜ ਤਣਾਅ ਖ਼ਤਮ ਵੀ ਹੋ ਜਾਵੇ, ਤਾਂ ਵੀ ਸਪਲਾਈ ਚੇਨ ਨੂੰ ਪੂਰੀ ਤਰ੍ਹਾਂ ਠੀਕ ਹੋਣ ਵਿੱਚ 3 ਤੋਂ 6 ਮਹੀਨੇ ਦਾ ਸਮਾਂ ਲੱਗ ਸਕਦਾ ਹੈ।

## ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਸਿੱਖ ਸ਼ਸਤਰਾਂ ਦੀ ਜ਼ਬਤੀ ਅਤੇ ਪਰਚੇ ਦਰਜ ਕਰਨੇ ਬੇਹੱਦ ਮੰਦਭਾਗਾ: ਐਡਵੋਕੇਟ ਧਾਮੀ

ਅੰਮ੍ਰਿਤਸਰ 4 ਜੂਨ। ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਸਿੱਖ ਸ਼ਰਧਾਲੂਆਂ, ਸ਼ਸਤਰ ਵੇਚਣ ਵਾਲੇ ਦੁਕਾਨਦਾਰਾਂ ਅਤੇ ਧਾਰਮਿਕ ਪਰੰਪਰਾਵਾਂ



ਨਾਲ ਜੁੜੇ ਵਿਅਕਤੀਆਂ ਖ਼ਿਲਾਫ਼ ਦਰਜ ਕੀਤੇ ਗਏ ਪਰਚਿਆਂ ਅਤੇ ਵੱਡੀ ਗਿਣਤੀ ਵਿੱਚ ਕਿਰਪਾਨਾਂ ਤੇ ਸ਼ਸਤਰਾਂ ਦੀ ਜ਼ਬਤੀ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਬੇਹੱਦ ਮੰਦਭਾਗਾ ਅਤੇ ਸਿੱਖ ਮਨਾਂ ਨੂੰ ਠੇਸ ਪਹੁੰਚਾਉਣ ਵਾਲੀ ਕਾਰਵਾਈ ਕਰਾਰ ਦਿੱਤਾ ਹੈ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਿੱਖ ਧਰਮ ਅੰਦਰ ਸ਼ਸਤਰਾਂ ਦੀ ਅਹਿਮ ਮਹੱਤਤਾ ਹੈ ਅਤੇ ਗੁਰੂ ਸਾਹਿਬ ਨੇ ਹਰ ਸਿੱਖ ਨੂੰ ਸ਼ਸ਼ਤਰਧਾਰੀ ਹੋਣ ਦਾ ਆਦੇਸ਼ ਕੀਤਾ ਹੈ, ਇਸ ਲਈ ਸ਼ਸਤਰ ਸਿੱਖ ਰਹਿਣੀ ਦਾ ਅਹਿਮ ਅੰਗ ਹਨ। ਉਨ੍ਹਾਂ ਕਿਹਾ ਕਿ ਤਖ਼ਤ ਸ੍ਰੀ ਹਜ਼ੂਰ ਸਾਹਿਬ ਉਹ ਪਾਵਨ ਅਸਥਾਨ ਹੈ, ਜਿਥੇ ਸ਼ਸ਼ਤਰਾਂ ਦੀ ਸੇਵਾ ਅਤੇ ਸਤਿਕਾਰ ਸਦੀਆਂ ਤੋਂ ਸਿੱਖ ਪ੍ਰੰਪਰਾਵਾਂ ਦਾ ਅਟੁੱਟ ਹਿੱਸਾ ਰਿਹਾ ਹੈ। ਅਜਿਹੇ ਵਿਚ ਸਿੱਖਾਂ ਦੀ ਆਸਥਾ ਨਾਲ ਜੁੜੇ ਅਸਥਾਨ ’ਤੇ ਪ੍ਰਸ਼ਾਸਨ ਵੱਲੋਂ ਸਿੱਖ ਪ੍ਰੰਪਰਾਵਾਂ ਨੂੰ ਨਜ਼ਰਅੰਦਾਜ਼ ਕਰਦਿਆਂ ਕੀਤੀ ਗਈ ਕਾਰਵਾਈ ਨੇ ਸਿੱਖ ਕੌਮ ਅੰਦਰ ਵੱਡਾ ਰੋਸ ਪੈਦਾ ਕੀਤਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਕਾਨੂੰਨ ਦੀ ਪਾਲਣਾ ਕਰਨਾ ਹਰ ਨਾਗਰਿਕ ਦਾ ਫ਼ਰਜ਼ ਹੈ, ਪ੍ਰੰਤੂ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨੂੰ ਸਿੱਖ ਧਰਮ ਦੀਆਂ ਧਾਰਮਿਕ ਭਾਵਨਾਵਾਂ, ਮਰਯਾਦਾ ਅਤੇ ਇਤਿਹਾਸਕ ਪ੍ਰੰਪਰਾਵਾਂ ਦਾ ਪੂਰਾ ਸਤਿਕਾਰ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਨੂੰ ਕੋਈ ਵੀ ਅਜਿਹੀ ਕਾਰਵਾਈ ਨਹੀਂ ਕਰਨੀ ਚਾਹੀਦੀ, ਜੋ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਸੱਟ ਮਾਰਨ ਵਾਲੀ ਹੋਵੇ। ਐਡਵੋਕੇਟ ਧਾਮੀ ਨੇ ਮਹਾਰਾਸ਼ਟਰ ਸਰਕਾਰ ਅਤੇ ਪ੍ਰਸ਼ਾਸਨ ਨੂੰ ਦਰਜ ਕੀਤੇ ਅਜਿਹੇ ਪਰਚੇ ਤੁਰੰਤ ਰੱਦ ਕਰਨ ਲਈ ਵੀ ਕਿਹਾ। ਉਨ੍ਹਾਂ ਕਿਹਾ ਕਿ ਸਿੱਖ ਆਪਣੇ ਧਾਰਮਿਕ ਚਿੰਨ੍ਹਾਂ, ਸ਼ਸਤਰ ਪ੍ਰੰਪਰਾ ਅਤੇ ਗੁਰੂ ਸਾਹਿਬਾਨ ਵੱਲੋਂ ਬਖ਼ਸ਼ੀ ਵਿਲੱਖਣ ਪਛਾਣ ’ਤੇ ਹਮੇਸ਼ਾ ਦ੍ਰਿੜ੍ਹਤਾ ਨਾਲ ਪਹਿਰਾ ਦਿੰਦੇ ਹਨ ਅਤੇ ਸਰਕਾਰਾਂ ਨੂੰ ਵੀ ਸਿੱਖ ਪ੍ਰੰਪਰਾਵਾਂ ਦੀ ਮਾਣ-ਮਰਯਾਦਾ ਦਾ ਧਿਆਨ ਰੱਖਣਾ ਚਾਹੀਦਾ ਹੈ।

### ਮੋਬਾਇਲ ਕੰਪਨੀ ਦੀਆਂ ਤਾਰਾਂ ਕੀਤੀਆਂ ਚੋਰੀ, 2 ਵਿਅਕਤੀਆਂ ਖ਼ਿਲਾਫ਼ ਕੇਸ ਦਰਜ

ਨਵਾਂਸ਼ਹਿਰ 4 ਜੂਨ। ਥਾਣਾ ਸਦਰ ਦੀ ਪੁਲਸ ਨੇ ਵੱਖ-ਵੱਖ ਮੋਬਾਇਲ ਕੰਪਨੀਆਂ ਦੀ ਤਾਰਾਂ ਚੋਰੀ ਕਰਨ ਦੇ ਦੋਸ਼ ਹੇਠ ਦੋ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਥਾਣਾ ਸਦਰ ਨਵਾਂਸ਼ਹਿਰ ਦੀ ਪੁਲਸ ਨੂੰ ਦਿੱਤੀ ਸ਼ਿਕਾਇਤ ’ਚ ਹਰਵਿੰਦਰ ਸਿੰਘ ਪੁੱਤਰ ਬਖਤਾਵਰ ਸਿੰਘ ਵਾਸੀ ਹਿਆਤਪੁਰ ਰੁੜਕੀ ਥਾਣਾ ਪੋਜੇਵਾਲ ਨੇ ਦੱਸਿਆ ਕਿ ਉਹ ਆਰ. ਐੱਸ. ਸਕਿਓਰਿਟੀ ਇੰਡ. ਸਟਾਵਰ ’ਚ ਸਕਿਓਰਿਟੀ ਸੁਪਰਵਾਈਜ਼ਰ ਦੀ ਡਿਊਟੀ ਕਰਦਾ ਹੈ ਅਤੇ ਉਸ ਕੋਲ ਨਵਾਂਸ਼ਹਿਰ ਅਤੇ ਰੋਪੜ ਦੇ ਏਅਰਟੈੱਲ, ਆਈਡੀਆ, ਜੀਓ ਕੰਪਨੀਆਂ ਦੇ ਲਗਾਏ ਟਾਵਰਾਂ ਦੀ ਸੁਰੱਖਿਆ ਉਸ ਦੀ ਸੁਪਰਵਿਜ਼ਨ ਵਿਚ ਹੈ। ਉਸ ਨੇ ਦੱਸਿਆ ਕਿ ਮੰਗਲਵਾਰ ਨੂੰ ਰੋਜ਼ਾਨਾ ਦੀ ਤਰ੍ਹਾਂ ਉਹ ਪਿੰਡ ਜਾਡਲਾ ਸਥਿਤ ਏਅਰਟੈੱਲ ਟਾਵਰ ਦੀ ਚੈਕਿੰਗ ਕਰਨ ਲਈ ਕੰਪਨੀ ਦੀ ਗੱਡੀ ’ਚ ਗਿਆ ਸੀ, ਜਿੱਥੇ ਉਸ ਨੇ ਵੇਖਿਆ ਕਿ ਟਾਵਰ ਦੀ ਆਰ. ਆਰ. ਯੂ. ਪਾਵਰ ਕੇਬਲ ਕੱਟ ਕੇ ਚੋਰੀ ਕੀਤੀ ਗਈ ਹੈ। ਉਸ ਨੇ ਦੱਸਿਆ ਕਿ ਅੱਜ ਉਸ ਨੂੰ ਪਤਾ ਲੱਗਾ ਕਿ ਬੀਤੀ 1-2 ਦੀ ਦਰਮਿਆਨੀ ਰਾਤ ਨੂੰ ਉਕਤ ਤਾਰਾਂ ਰਾਕੇਸ਼ ਮਿਸ਼ਰਾ ਵਾਸੀ ਲੁਧਿਆਣਾ ਅਤੇ ਰੋਜ਼ਦੀਨ ਅੰਸਾਰੀ ਉਰਫ਼ ਰਾਜਾ ਆਲਮ ਪੁੱਤਰ ਜੈਮੁਦੀਨ ਮੀਆਂ ਹਾਲ ਵਾਸੀ ਲੁਧਿਆਣਾ ਨੇ ਚੋਰੀ ਕੀਤੀ ਹੈ।

## ਰਾਮਾ ਮੰਡੀ ਬਾਜ਼ਾਰ ’ਚ ਲੁਟੇਰਿਆਂ ਦਾ ਤਾਂਡਵ: ਸਿਰਫ਼ 5 ਮਿੰਟਾਂ ’ਚ ਲੁੱਟ ਦੀਆਂ 2 ਵੱਡੀਆਂ ਵਾਰਦਾਤਾਂ ਨੂੰ ਦਿੱਤਾ ਅੰਜਾਮ

ਕੌਮੀ ਪਤ੍ਰਿਕਾ

ਜਲੰਧਰ 4 ਜੂਨ। ਰਾਮਾ ਮੰਡੀ ਬਾਜ਼ਾਰ ਵਿਚ ਸ਼ੁੱਕਰਵਾਰ ਨੂੰ ਰਾਤ 9.20 ਤੋਂ ਲੈ ਕੇ 9.25 ਵਿਚਕਾਰ ਸਿਰਫ 5 ਮਿੰਟਾਂ ਵਿੱਚ ਲੁੱਟ ਦੀਆਂ 2 ਵਾਰਦਾਤਾਂ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਮਿਲੀ ਜਾਣਕਾਰੀ ਮੁਤਾਬਕ ਬਿਨਾਂ ਨੰਬਰੀ ਮੋਟਰਸਾਈਕਲ ਸਵਾਰ ਲੁਟੇਰਿਆਂ ਨੇ ਰਾਮਾ ਮੰਡੀ ਪੁਲ ਨੇੜੇ ਐਕਟਿਵਾ ’ਤੇ ਆਪਣੀ ਬੇਟੀ ਨਾਲ ਘਰ ਜਾ ਰਹੀ ਔਰਤ ਅਨੁਰਾਧਾ ਧੀਰ ਪਤਨੀ ਰਾਜੇਸ਼ ਕੁਮਾਰ ਧੀਰ ਨਿਵਾਸੀ ਪੰਜਾਬ ਨੈਸ਼ਨਲ ਬੈਂਕ ਵਾਲੀ ਗਲੀ ਰਾਮਾ ਮੰਡੀ ਦੇ ਕੰਨਾਂ ਵਿਚੋਂ ਸੋਨੇ ਦੀ ਵਾਲੀ ਝਪਟ ਲਈ ਅਤੇ ਉਸ ਦੇ ਬਾਅਦ ਕੁਝ ਹੀ ਦੂਰੀ ’ਤੇ ਜਾ ਕੇ ਕਾਕੀ ਪਿੰਡ ਖਹਿਰਾ ਪੈਟਰੋਲ ਪੰਪ ਨੇੜੇ ਉਨ੍ਹਾਂ ਹੀ ਲੁਟੇਰਿਆਂ ਵੱਲੋਂ ਆਪਣੀ ਭੈਣ ਨਾਲ ਐਕਟਿਵਾ ’ਤੇ ਜਾ ਰਹੀ ਰੀਨਾ ਪੁੱਤਰੀ ਪਰਮਾਨੰਦ ਨਾਂ ਦੀ ਔਰਤ ਨਿਵਾਸੀ ਰਾਮਾ ਮੰਡੀ ਦੇ ਗਲੇ ਵਿਚੋਂ ਸੋਨੇ ਦੀ ਚੇਨ ਝਪਟ ਲਈ। ਦੋਵਾਂ ਵਾਰਦਾਤਾਂ ਨੂੰ ਅੰਜਾਮ ਦੇਣ ਦੇ ਬਾਅਦ ਨਸ਼ੇੜੀ ਕਿਸਮ ਦੇ ਲੁਟੇਰੇ ਤੇਜ਼ ਰਫਤਾਰ ਮੋਟਰਸਾਈਕਲ ਲੈ ਕੇ ਹੁਸ਼ਿਆਰਪੁਰ ਰੋਡ ਵੱਲ ਫ਼ਰਾਰ ਹੋ ਗਏ। 5 ਮਿੰਟਾਂ ਵਿੱਚ ਹੋਈਆਂ ਲੁੱਟ ਦੀਆਂ 2 ਵਾਰਦਾਤਾਂ ਦੀ ਸੂਚਨਾ ਮਿਲਦੇ ਹੀ ਪਹਿਲਾਂ ਇਲਾਕੇ ਵਿਚ ਗਸ਼ਤ ਕਰਨ ਵਾਲੇ ਪੁਲਸ ਮੁਲਾਜ਼ਮ ਮੌਕੇ ’ਤੇ ਪਹੁੰਚ ਗਏ ਅਤੇ ਉਸ ਦੇ ਬਾਅਦ ਸਬੰਧਤ ਥਾਣੇ ਦੀ ਪੁਲਸ ਵੀ ਉਥੇ ਆ ਗਈ ਸੀ। ਪੁਲਸ ਕਾਫੀ ਦੇਰ ਤਕ ਰਾਮਾ ਮੰਡੀ ਬਾਜ਼ਾਰ ਵਿਚ ਜਾਂਚ ਕਰਦੀ ਰਹੀ ਪਰ ਖਬਰ ਲਿਖੇ ਜਾਣ ਤਕ





ਲੁਟੇਰਿਆਂ ਦਾ ਕੋਈ ਵੀ ਸੁਰਾਗ ਪੁਲਸ ਦੇ ਹੱਥ ਨਹੀਂ ਲੱਗਾ ਸੀ। ਲੁਟੇਰਿਆਂ ਦਾ ਸ਼ਿਕਾਰ ਹੋਈਆਂ ਔਰਤਾਂ ਅਨੁਰਾਧਾ ਧੀਰ ਅਤੇ ਰੀਨਾ ਵੱਲੋਂ ਆਪਣੇ ਬਿਆਨ ਪੁਲਸ ਨੂੰ ਦੇ ਦਿੱਤੇ ਗਏ ਹਨ। ਇਨ੍ਹਾਂ ਦੋਵਾਂ ਵਾਰਦਾਤਾਂ ਨੂੰ ਲੈ ਕੇ ਥਾਣਾ ਰਾਮਾ ਮੰਡੀ ਦੀ ਪੁਲਸ ਐੱਫ. ਆਈ. ਆਰ. ਕਦੋਂ ਦਰਜ ਕਰੇਗੀ, ਇਹ ਤਾਂ ਬਾਅਦ ਵਿਚ ਪਤਾ ਲੱਗੇਗਾ। ਅਨੁਰਾਧਾ ਦੀ ਬੇਟੀ ਪ੍ਰਿਯੰਕਾ ਨੇ ਕਿਹਾ ਹੈ ਕਿ ਅੱਜ ਸ਼ਹਿਰ ਵਿਚ ਚੋਰੀ ਅਤੇ ਲੁੱਟ ਦੀਆਂ ਵਾਰਦਾਤਾਂ ਵਧ ਗਈਆਂ ਹਨ ਕਿ ਆਮ ਆਦਮੀ ਘਰ ਵਿਚੋਂ ਬਾਹਰ ਨਿਕਲ ਕੇ ਕੋਈ ਸਾਮਾਨ ਲੈਣ ਲਈ ਬਾਜ਼ਾਰ ਤਕ ਵੀ ਨਹੀਂ ਜਾ ਸਕਦਾ। ਪ੍ਰਿਯੰਕਾ ਨੇ ਦੱਸਿਆ ਕਿ ਜਦੋਂ ਉਹ ਆਪਣੀ ਮਾਂ ਨਾਲ ਐਕਟਿਵਾ ’ਤੇ ਜਾ ਰਹੀ ਸੀ ਤਾਂ ਉਨ੍ਹਾਂ ਦਾ ਛੋਟਾ ਬੱਚਾ ਵੀ ਉਨ੍ਹਾਂ ਦੇ ਨਾਲ ਮੌਜੂਦ ਸੀ। ਜੇਕਰ ਉਹ ਲੁਟੇਰਿਆਂ ਦਾ ਸ਼ਿਕਾਰ ਹੋ ਕੇ ਐਕਟਿਵਾ ਤੋਂ ਹੇਠਾਂ ਡਿੱਗ ਜਾਂਦੇ ਤਾਂ ਉਨ੍ਹਾਂ ਦਾ ਕੋਈ ਹੋਰ ਵੱਡਾ ਨੁਕਸਾਨ ਵੀ ਹੋ ਸਕਦਾ ਸੀ। ਪ੍ਰਿਯੰਕਾ ਨੇ ਕਿਹਾ ਕਿ ਲੁਟੇਰਿਆਂ ਦੇ ਖੌਫ ਕਾਰਨ ਲੋਕ ਸਹਿਮੇ ਪਏ ਹਨ ਅਤੇ ਪੁਲਸ ਖਾਮੋਸ਼ ਬੈਠੀ ਹੋਈ ਹੈ।

## ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਸਬੰਧੀ ਸ਼ਡਿਊਲ ਜਾਰੀ, 25 ਜੂਨ ਤੋਂ 24 ਜੁਲਾਈ ਤੱਕ ਹੋਵੇਗੀ ਵੈਰੀਫਿਕੇਸ਼ਨ

ਕੌਮੀ ਪਤ੍ਰਿਕਾ

ਕਪੂਰਥਲਾ 4 ਜੂਨ। ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਰਾਜ ’ਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਸਬੰਧੀ ਸ਼ਡਿਊਲ ਜਾਰੀ ਕਰ ਦਿੱਤਾ ਗਿਆ ਹੈ, ਜਿਸ ਤਹਿਤ ਚਾਰੋਂ ਵਿਧਾਨ ਸਭਾ ਚੋਣ ਹਲਕਿਆਂ (26-ਭੁਲੱਥ, 27-ਕਪੂਰਥਲਾ, 28-ਸੁਲਤਾਨਪੁਰ ਲੋਧੀ ਅਤੇ 29-ਫਗਵਾੜਾ) ’ਚ 25 ਜੂਨ 2026 ਤੋਂ 24 ਜੁਲਾਈ 2026 ਤੱਕ ਬੀ. ਐੱਲ. ਓਜ਼ ਵੱਲੋਂ ਘਰ-ਘਰ ਜਾ ਕੇ ਵੋਟਰਾਂ ਦੀ ਵੈਰੀਫਿਕੇਸ਼ਨ ਲਈ ਇੰਨੂਮਰੇਸ਼ਨ ਫਾਰਮ ਭਰੇ ਜਾਣਗੇ, ਜਿਸ ਤੋਂ ਬਾਅਦ ਹੀ ਯੋਗ ਵੋਟਰ ਦਾ ਨਾਮ ਵੋਟਰ ਸੂਚੀ ਵਿੱਚ ਦਰਜ ਕੀਤਾ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦੇ ਜ਼ਿਲ੍ਹਾ ਚੋਣ ਅਫਸਰ ਅਕਾਸ਼ ਬਾਂਸਲ ਨੇ ਦੱਸਿਆ ਕਿ ਪੋਲਿੰਗ ਸਟੇਸ਼ਨਾਂ ਦੀ ਰੈਸ਼ਨੇਲਾਈਜੇਸ਼ਨ ਦਾ ਕੰਮ 24 ਜੁਲਾਈ 2026 ਤੱਕ ਮੁਕੰਮਲ ਕੀਤਾ ਜਾਵੇਗਾ, ਜਦਕਿ ਡਰਾਫਟ ਵੋਟਰ ਸੂਚੀ ਦੀ ਪ੍ਰਕਾਸ਼ਨ 3 ਅਗਸਤ 2026 ਨੂੰ ਹੋਵੇਗੀ। ਇਸ ਉਪਰੰਤ ਵੋਟਰਾਂ ਕੋਲੋਂ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕਰਨ ਦਾ ਸਮਾਂ 3 ਅਗਸਤ ਤੋਂ 2 ਸਤੰਬਰ 2026 ਤੱਕ ਨਿਰਧਾਰਿਤ ਕੀਤਾ ਗਿਆ ਹੈ ਅਤੇ ਇਨ੍ਹਾਂ ਦਾ ਨਿਪਟਾਰਾ 28 ਸਤੰਬਰ 2026 ਤੱਕ ਕੀਤਾ



ਜਾਵੇਗਾ, ਜਿਸ ਤੋਂ ਬਾਅਦ 1 ਅਕਤੂਬਰ 2026 ਨੂੰ ਅੰਤਿਮ ਵੋਟਰ ਸੂਚੀ ਦੀ ਪ੍ਰਕਾਸ਼ਨਾ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਪ੍ਰਕਿਰਿਆ ਦੀ ਨਿਗਰਾਨੀ ਲਈ ਜ਼ਿਲ੍ਹੇ ਭਰ ਵਿੱਚ 77 ਸੁਪਰਵਾਈਜ਼ਰ ਅਤੇ 791 ਬੀ. ਐੱਲ. ਓਜ਼. ਤਾਇਨਾਤ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਮੁਤਾਬਕ ਜ਼ਿਲ੍ਹੇ ਵਿੱਚ ਪ੍ਰੀ-ਐੱਸ. ਆਈ. ਆਰ. ਦੇ ਸਬੰਧ ਵਿੱਚ ਸਾਲ 2025 ਦੀ ਸਾਲ 2003 ਦੀ ਵੋਟਰ ਸੂਚੀ ਦੇ ਵੋਟਰਾਂ ਨਾਲ ਮੈਪਿੰਗ ਦਾ ਕੰਮ ਨਿਰੰਤਰ ਚੱਲ ਰਿਹਾ ਹੈ। ਜ਼ਿਲ੍ਹੇ ਦੇ ਕੁੱਲ੍ਹ 6,15,027 ਵੋਟਰਾਂ ਵਿੱਚੋਂ ਹੁਣ ਤੱਕ 5,06,220 ਵੋਟਰਾਂ ਦੀ ਮੈਪਿੰਗ (82.31 ਫੀਸਦੀ) ਮੁਕੰਮਲ ਕੀਤੀ ਜਾ ਚੁੱਕੀ ਹੈ ਅਤੇ ਬਾਕੀ ਰਹਿੰਦੇ 1,08,807 ਅਨ-ਮੈਪਡ ਵੋਟਰਾਂ ਦੀ ਮੈਪਿੰਗ ਨੂੰ ਸੌ ਫੀਸਦੀ ਪੂਰਾ ਕਰਨ ਲਈ ਮਿਤੀ 7 ਜੂਨ 2026 ਨੂੰ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਜ਼ਿਲ੍ਹੇ ਦੇ ਸਮੂਹ 791 ਪੋਲਿੰਗ ਸਟੇਸ਼ਨਾਂ ’ਤੇ ਬੀ. ਐੱਲ. ਓਜ਼. ਵੱਲੋਂ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਉਨ੍ਹਾਂ ਸਮੂਹ ਰਾਜਨੀਤਿਕ ਪਾਰਟੀਆਂ ਨੂੰ ਅਪੀਲ ਕੀਤੀ ਕਿ ਉਹ ਐੱਸ. ਆਈ. ਆਰ. ਦੇ ਸਬੰਧ ਵਿੱਚ ਆਪਣੇ ਬੂਥ ਲੈਵਲ ਏਜੰਟਾਂ ਦੀ ਜਲਦ ਨਿਯੁਕਤੀ ਕਰਨ ਅਤੇ ਲੋਕਾਂ ਤੋਂ ਵੀ ਇਸ ਪ੍ਰਕਿਰਿਆ ਵਿੱਚ ਬੀ. ਐੱਲ. ਓਜ਼ ਨੂੰ ਆਪਣਾ ਸਹਿਯੋਗ ਦੇਣ ਦੀ ਪੁਰਜ਼ੋਰ ਅਪੀਲ ਕੀਤੀ।

## ਹਾਥੀਆਂ ਦੇ ਝੁੰਡ ਨੇ ਮਕਾਨ ’ਤੇ ਕਰ’ਤਾ ਹਮਲਾ ! ਅੰਦਰ ਸੁੱਤੇ ਪਏ ਬਜ਼ੁਰਗ ਜੋੜੇ ਨੂੰ ਦਿੱਤੀ ਦਰਦਨਾਕ ਮੌਤ

ਕੌਮੀ ਪਤ੍ਰਿਕਾ

ਨੈਸ਼ਨਲ ਡੈਸਕ 4 ਜੂਨ। ਮੱਧ ਪ੍ਰਦੇਸ਼ ਦੇ ਸੀਧੀ ਜ਼ਿਲ੍ਹੇ ਤੋਂ ਇਕ ਮੰਦਭਾਗੀ ਖ਼ਬਰ ਸਾਹਮਣੇ ਆਈ ਹੈ, ਜਿੱਥੇ ਐਤਵਾਰ ਦੇਰ ਰਾਤ ਜੰਗਲੀ ਹਾਥੀਆਂ ਦੇ ਇੱਕ ਝੁੰਡ ਨੇ ਕੱਚੇ ਮਕਾਨ ’ਤੇ ਹਮਲਾ ਕਰ ਕੇ ਅੰਦਰ ਸੁੱਤੇ ਪਏ ਇੱਕ ਬਜ਼ੁਰਗ ਜੋੜੇ ਨੂੰ ਬੇਰਹਿਮੀ ਨਾਲ ਕੁਚਲ ਕੇ ਮਾਰ ਦਿੱਤਾ। ਇਹ ਦਰਦਨਾਕ ਘਟਨਾ ਛੱਤੀਸਗੜ੍ਹ ਦੀ ਸਰਹੱਦ ਨਾਲ ਲੱਗਦੇ ਜ਼ਿਲ੍ਹਾ ਹੈੱਡਕੁਆਰਟਰ ਤੋਂ ਕਰੀਬ 90 ਕਿਲੋਮੀਟਰ ਦੂਰ ਗਜਰਾ ਗ੍ਰਾਮ ਪੰਚਾਇਤ ਦੇ ਚਿੰਗੀ ਪਿੰਡ ਵਿੱਚ ਦੇਰ ਰਾਤ ਲਗਭਗ 2 ਵਜੇ ਵਾਪਰੀ। ਇਸ ਘਟਨਾ ਤੋਂ ਬਾਅਦ ਗੁੱਸੇ ਵਿੱਚ ਆਏ ਪਿੰਡ ਵਾਸੀਆਂ ਨੇ ਪ੍ਰਸ਼ਾਸਨਿਕ ਲਾਪਰਵਾਹੀ ਖ਼ਿਲਾਫ਼ ਜ਼ੋਰਦਾਰ ਪ੍ਰਦਰਸ਼ਨ ਕੀਤਾ। ਪੁਲਸ ਅਧਿਕਾਰੀਆਂ ਅਤੇ ਸਥਾਨਕ ਲੋਕਾਂ ਮੁਤਾਬਕ, ਜੰਗਲੀ ਹਾਥੀਆਂ ਦੇ ਝੁੰਡ ਨੇ ਅਚਾਨਕ ਇੱਕ ਕੱਚੇ ਮਕਾਨ ਨੂੰ ਘੇਰ ਲਿਆ। ਉਸ ਸਮੇਂ ਘਰ ਦੇ ਅੰਦਰ ਭਈਆਲਾਲ ਯਾਦਵ (60) ਅਤੇ ਉਨ੍ਹਾਂ ਦੀ ਪਤਨੀ ਤਿਲਿਆ (58) ਸੁੱਤੇ ਹੋਏ ਸਨ। ਹਾਥੀਆਂ ਨੇ ਪਹਿਲਾਂ ਮਕਾਨ ਨੂੰ ਬੁਰੀ ਤਰ੍ਹਾਂ ਤੋੜ ਦਿੱਤਾ ਅਤੇ ਫਿਰ ਦੋਵਾਂ ਨੂੰ ਪੈਰਾਂ ਹੇਠ ਕੁਚਲ ਦਿੱਤਾ, ਜਿਸ ਕਾਰਨ ਮੌਕੇ ’ਤੇ ਹੀ ਦੋਵਾਂ ਦੀ ਮੌਤ ਹੋ ਗਈ। ਘਟਨਾ ਤੋਂ ਤੁਰੰਤ ਬਾਅਦ ਭਾਰੀ ਗਿਣਤੀ ਵਿੱਚ ਪਿੰਡ ਵਾਸੀ ਮੌਕੇ ’ਤੇ ਇਕੱਠੇ ਹੋ ਗਏ ਅਤੇ ਪ੍ਰਸ਼ਾਸਨ ਖ਼ਿਲਾਫ਼ ਮੋਰਚਾ ਖੋਲ੍ਹ ਦਿੱਤਾ। ਉਨ੍ਹਾਂ ਨੇ ਮ੍ਰਿਤਕਾਂ ਦੀਆਂ ਲਾਸ਼ਾਂ ਪੁਲਸ ਨੂੰ ਸੌਂਪਣ ਅਤੇ ਪੋਸਟਮਾਰਟਮ ਕਰਵਾਉਣ ਤੋਂ ਸਾਫ਼ ਇਨਕਾਰ ਕਰ ਦਿੱਤਾ। ਪਿੰਡ ਵਾਸੀਆਂ ਦਾ ਦੋਸ਼ ਸੀ ਕਿ ਇਹ ਮੌਤਾਂ ਜੰਗਲੀ ਜਾਨਵਰਾਂ ਕਾਰਨ ਨਹੀਂ, ਬਲਕਿ ਪ੍ਰਸ਼ਾਸਨ ਦੀ ਨਾਲਾਇਕੀ ਅਤੇ ਲਾਪਰਵਾਹੀ ਦਾ ਨਤੀਜਾ ਹਨ। ਪਿੰਡ ਵਾਸੀਆਂ ਮੁਤਾਬਕ ਸਰਕਾਰੀ ਯੋਜਨਾ ਤਹਿਤ ਕਈ ਪਰਿਵਾਰਾਂ ਨੂੰ ਜੰਗਲੀ ਖੇਤਰ ਤੋਂ ਸੁਰੱਖਿਅਤ ਥਾਂ ’ਤੇ ਸ਼ਿਫਟ ਕਰ ਦਿੱਤਾ ਗਿਆ ਸੀ, ਪਰ ਮ੍ਰਿਤਕ ਭਈਆਲਾਲ ਦੇ ਪਰਿਵਾਰ ਸਮੇਤ 40 ਦੇ ਕਰੀਬ ਲੋਕਾਂ ਨੂੰ ਇਸ ਯੋਜਨਾ ਦਾ ਲਾਭ ਨਹੀਂ ਦਿੱਤਾ ਗਿਆ। ਮੁੜ-ਵਸੇਬਾ ਪੈਕੇਜ ਨਾ ਮਿਲਣ ਕਾਰਨ ਇਹ ਲੋਕ ਅਜਿਹੇ ਇਲਾਕੇ ਵਿੱਚ ਰਹਿਣ ਲਈ ਮਜਬੂਰ ਸਨ, ਜਿੱਥੇ ਹਾਥੀਆਂ ਦੀ ਆਵਾਜਾਈ ਲਗਾਤਾਰ ਬਣੀ ਰਹਿੰਦੀ ਹੈ। ਲੋਕਾਂ ਨੇ ਦਾਅਵਾ ਕੀਤਾ ਕਿ ਉਨ੍ਹਾਂ ਨੇ ਸ਼ਿਫਟ ਹੋਣ ਲਈ ਪ੍ਰਸ਼ਾਸਨ ਅਤੇ ਐੱਸ.ਡੀ.ਐੱਮ. ਦਫ਼ਤਰ ਵਿੱਚ ਕਈ ਵਾਰ ਅਰਜ਼ੀਆਂ ਦਿੱਤੀਆਂ ਸਨ, ਪਰ ਕੋਈ ਸੁਣਵਾਈ ਨਹੀਂ ਹੋਈ। ਦੱਸ ਦਈਏ ਕਿ ਪਹਿਲਾਂ ਇਹ ਮੁੜ-ਵਸੇਬਾ ਪੈਕੇਜ 10 ਲੱਖ ਰੁਪਏ ਪ੍ਰਤੀ ਵਿਅਕਤੀ ਸੀ, ਜਿਸ ਨੂੰ ਇੱਕ ਸਾਲ ਪਹਿਲਾਂ ਵਧਾ ਕੇ 15 ਲੱਖ ਰੁਪਏ ਕੀਤਾ ਗਿਆ ਸੀ। ਮਾਮਲੇ ਨੂੰ ਭਖਦਾ ਦੇਖ ਸਬ-ਡਿਵੀਜ਼ਨਲ ਮੈਜਿਸਟ੍ਰੇਟ ਸ਼ੈਲੇਸ਼ ਕੁਮਾਰ ਦਿਵੇਦੀ ਅਤੇ ਪੁਲਸ ਸੁਪਰਡੈਂਟ ਸੰਤੋਸ਼ ਕੋਰੀ ਖ਼ੁਦ ਭਾਰੀ ਪੁਲਸ ਫੋਰਸ ਨਾਲ ਮੌਕੇ ’ਤੇ ਪਹੁੰਚੇ।

### ਅੱਤਵਾਦੀ ਸਾਜ਼ਿਸ਼ ਰਚਣ ਤੇ ਨਾਜਾਇਜ਼ ਹਥਿਆਰਾਂ ਦੇ ਮਾਮਲੇ ’ਚ 3 ਤਿੰਨ ਕਸ਼ਮੀਰੀ ਨੌਜਵਾਨ ਦੋਸ਼ੀ ਕਰਾਰ

ਮੋਹਾਲੀ 4 ਜੂਨ। ਜਲੰਧਰ ਦੇ ਇੱਕ ਕਾਲਜ ਦੇ ਹੋਸਟਲ ’ਚ ਏਕੇ-47 ਅਤੇ ਹੋਰ ਵਿਸਫੋਟਕ ਸਮਗਰੀ ਮਿਲਣ ਦੇ ਮਾਮਲੇ ’ਚ ਐੱਨ. ਆਈ. ਏ. ਦੀ ਅਦਾਲਤ ਵੱਲੋਂ ਜ਼ਾਹਿਦ ਗੁਲਜ਼ਾਰ, ਯਸ਼ੀਰ ਰਫੀਕ ਭੱਟ ਅਤੇ ਮੁਹੰਮਦ ਇਦਰੀਸ਼ ਸ਼ਾਹ ਨੂੰ ਆਈ. ਪੀ. ਸੀ. ਦੀ ਧਾਰਾ 121-ਏ, 122, 120-ਬੀ, ਯੂਏ(ਪੀ) ਐਕਟ ਦੀ ਧਾਰਾ 18 ਅਤੇ 20, ਆਰਮਜ਼ ਐਕਟ, 1959 ਦੀ ਧਾਰਾ 25(ਏ- ਅਤੇ ਵਿਸਫੋਟਕ ਪਦਾਰਥ ਐਕਟ, 1908 ਦੀ ਧਾਰਾ 5 ਦੇ ਤਹਿਤ ਸਜ਼ਾਯੋਗ ਅਪਰਾਧ ਕਰਨ ਲਈ ਦੋਸ਼ੀ ਠਹਿਰਾਇਆ ਗਿਆ ਹੈ। ਹਾਲਾਂਕਿ, ਇਸਤਗਾਸਾ ਪੱਖ (ਐੱਨ. ਆਈ. ਏ.) ਮੁਲਜ਼ਮ ਸੁਹੈਲ ਅਹਿਮਦ ਭੱਟ ਦੇ ਖ਼ਿਲਾਫ਼ ਦੋਸ਼ ਸਾਬਤ ਕਰਨ ’ਚ ਅਸਫ਼ਲ ਰਿਹਾ ਹੈ। ਇਸ ਤਰ੍ਹਾਂ ਉਸ ਨੂੰ ਸਾਰੇ ਦੋਸ਼ਾਂ ਤੋਂ ਬਰੀ ਕਰਨ ਦੇ ਹੁਕਮ ਸੁਣਾਏ ਗਏ ਹਨ।

# ਕੇਰਲ ’ਚ ਕਿਉਂ ਸ਼ੁਰੂ ਕੀਤਾ ਜਾ ਰਿਹਾ ਹੈ ਬਜ਼ੁਰਗਾਂ ਲਈ ਸਰਕਾਰੀ ਵਿਭਾਗ?

ਕੌਮੀ ਪਤ੍ਰਿਕਾ

ਮੈਥਿਊ ਕੇ. ਵੀ. (75) ਨੇ ਸਕੂਲ ਅਧਿਆਪਕ ਵਜੋਂ ਸੇਵਾਮੁਕਤ ਹੋਣ ਤੋਂ ਲਗਭਗ ਦੋ ਦਹਾਕਿਆਂ ਬਾਅਦ, ਵਾਇਨਾਡ ’ਚ ਆਪਣੀ ਖੇਤੀ ਵਾਲੀ ਜ਼ਮੀਨ ’ਤੇ ਕੰਮ ਕਰਨ ਜਾਂ ਭਾਈਚਾਰਕ ਮੀਟਿੰਗਾਂ ਅਤੇ ਸਮਾਜਿਕ ਸਮਾਗਮਾਂ ’ਚ ਹਿੱਸਾ ਲੈਣ ਦੌਰਾਨ ਇਕ ਸਰਗਰਮ ਅਤੇ ਉਦੇਸ਼ਪੂਰਨ ਜੀਵਨ ਜਿਊਣ ਲਈ ਸੁਚੇਤ ਢੰਗ ਨਾਲ ਇਕ ਜੀਵਨ ਦਾ ਨਿਰਮਾਣ ਕੀਤਾ ਹੈ। ਉਹ ਸਵੀਕਾਰ ਕਰਦੇ ਹਨ ਕਿ ਉਮਰ ਉਨ੍ਹਾਂ ’ਤੇ ਹਾਵੀ ਹੋ ਗਈ ਹੈ, ਪਰ ਆਪਣੀ ਉਮਰ ਦੇ ਕਈ ਹੋਰ ਲੋਕਾਂ ਦੇ ਉਲਟ, ਜੋ ਘਰ ਦੀਆਂ ਚਾਰਦੀਵਾਰੀਆਂ ’ਚ ਸਿਮਟ ਜਾਂਦੇ ਹਨ ਜਾਂ ਵਧਦੀ ਚਿੜਚਿੜਾਹਟ ਅੱਗੇ ਹਾਰ ਮੰਨ ਲੈਂਦੇ ਹਨ, ਮੈਥਿਊ ਨੇ ਜਲਦੀ ਹੀ ਸਮਝ ਲਿਆ ਸੀ ਕਿ ਬਜ਼ੁਰਗਾਂ ਦੇ ਸਾਹਮਣੇ ਸਭ ਤੋਂ ਵੱਡਾ ਖ਼ਤਰਾ ਆਲਸ ਨਹੀਂ, ਸਗੋਂ ਇਕੱਲਾਪਣ ਹੈ। ਇਸ ਲਈ ਉਨ੍ਹਾਂ ਨੇ ਆਲਸ ਨੂੰ ਤਿਆਗ ਦਿੱਤਾ ਪਰ ਇਹ ਸੰਕਲਪ ਲਿਆ ਕਿ ਉਹ ਕਦੇ ਵੀ ਆਪਣੇ ਆਪ ਨੂੰ ਨਿਠੱਲਾ, ਇਕੱਲਾ ਜਾਂ ਵੱਖ-ਵੱਖ ਨਹੀਂ ਹੋਣ ਦੇਣਗੇ। ਮੈਥਿਊ ਚਿਤਾਵਨੀ ਦਿੰਦੇ ਹਨ ਕਿ ਬਜ਼ੁਰਗਾਂ ’ਚ ਇਕੱਲਾਪਣ ਅਕਸਰ ਭਾਵਨਾਤਮਕ, ਮਾਨਸਿਕ ਅਤੇ ਇੱਥੋਂ ਤੱਕ ਕਿ ਸਰੀਰਕ ਗਿਰਾਵਟ ਦਾ ਕਾਰਨ ਬਣਦਾ ਹੈ। ਉਹ ਚੌਕਸ ਕਰਦੇ ਹਨ, “ਬੁਢਾਪੇ ’ਚ ਕਈ ਸਮੱਸਿਆਵਾਂ ਇਕੱਲੇਪਣ ’ਚੋਂ ਪੈਦਾ ਹੁੰਦੀਆਂ ਹਨ। ਇਸ ਲਈ ਸਮਾਜ ਅਤੇ ਸਰਕਾਰ ਨੂੰ ਬਜ਼ੁਰਗ ਲੋਕਾਂ ਨੂੰ ਇਕੱਲੇਪਣ ’ਚ ਡੁੱਬਣ ਨਹੀਂ ਦੇਣਾ ਚਾਹੀਦਾ।” ਮੈਥਿਊ ਅਤੇ ਕੇਰਲ ਦੀ ਆਬਾਦੀ ਦਾ ਇਕ ਵੱਡਾ ਹਿੱਸਾ ਬਣਨ ਵਾਲੇ ਕਈ ਹੋਰ ਬਜ਼ੁਰਗ ਨਾਗਰਿਕਾਂ ਵਲੋਂ ਉਠਾਈਆਂ ਗਈਆਂ ਚਿੰਤਾਵਾਂ ਨੂੰ ਧਿਆਨ ’ਚ ਰੱਖਦੇ ਹੋਏ, ਸੂਬਾ ਸਰਕਾਰ ਨੇ ਹੁਣ ਬਜ਼ੁਰਗਾਂ ਦੀ ਭਲਾਈ ’ਤੇ ਵਧੇਰੇ ਧਿਆਨ ਕੇਂਦਰਿਤ ਕਰਨ ਦਾ ਫੈਸਲਾ ਕੀਤਾ ਹੈ ਅਤੇ ਇਸ ਦੇ ਲਈ ਬਜ਼ੁਰਗ ਨਾਗਰਿਕਾਂ ਲਈ ਇਕ ਵਿਸ਼ੇਸ਼ ਵਿਭਾਗ ਦੀ ਸਥਾਪਨਾ ਕੀਤੀ ਹੈ। “ਮੇਰੀ ਜਾਣਕਾਰੀ ਅਨੁਸਾਰ, ਭਾਰਤ ਦੇ ਕਿਸੇ ਰਾਜ ’ਚ ਪਹਿਲੀ ਵਾਰ ਬਜ਼ੁਰਗਾਂ ਲਈ ਇਕ ਸਮਰਪਿਤ ਵਿਭਾਗ ਬਣਾਇਆ ਗਿਆ ਹੈ।” ਮੁੱਖ ਮੰਤਰੀ ਵੀ. ਡੀ. ਸਤੀਸ਼ਨ ਨੇ ਹਾਲ ਹੀ ’ਚ ਨਵੀਂ ਯੂ. ਡੀ. ਐੱਫ਼. ਸਰਕਾਰ ਦੇ ਸਹੁੰ ਚੁੱਕ ਸਮਾਗਮ ਤੋਂ ਤੁਰੰਤ ਬਾਅਦ ਇਹ ਐਲਾਨ ਕੀਤਾ। ਜਾਪਾਨ ’ਚ ਅਪਣਾਏ ਗਏ ਉਸ ਮਾਡਲ ਦਾ ਅਧਿਐਨ ਕਰਨ ਤੋਂ ਬਾਅਦ, ਜਿਸ ਨੇ ਬਜ਼ੁਰਗਾਂ ਦੇ ਜੀਵਨ ’ਚ ਕ੍ਰਾਂਤੀਕਾਰੀ ਬਦਲਾਅ ਲਿਆਂਦੇ ਹਨ, ਮੁੱਖ ਮੰਤਰੀ ਸੂਬੇ ’ਚ ਬਜ਼ੁਰਗਾਂ ਦੀਆਂ ਚਿੰਤਾਵਾਂ, ਸਥਿਤੀ ਅਤੇ ਲੋੜਾਂ ਨੂੰ ਸਮਝਣ ਲਈ ਇਕ ਵਿਆਪਕ ਅਧਿਐਨ ਕਰਨਗੇ। ਮੁੱਖ ਮੰਤਰੀ ਨੇ ਕਿਹਾ, “ਇਕ ਸੱਭਿਅਕ ਸਮਾਜ ਦੀ ਅਸਲੀ ਪਛਾਣ ਇਸ ਗੱਲ ਤੋਂ ਹੁੰਦੀ ਹੈ ਕਿ ਉਹ ਆਪਣੇ ਬਜ਼ੁਰਗਾਂ ਨਾਲ ਕਿਹੋ ਜਿਹਾ ਵਤੀਰਾ ਕਰਦਾ ਹੈ। ਇਕ ਸੱਭਿਅਕ ਸਮਾਜ ਵਜੋਂ, ਸਾਨੂੰ ਉਨ੍ਹਾਂ ਦੀ ਦੇਖਭਾਲ ਕਰਨੀ ਚਾਹੀਦੀ ਹੈ ਅਤੇ ਉਨ੍ਹਾਂ ਨੂੰ ਇਕਜੁੱਟ ਰੱਖਣਾ ਚਾਹੀਦਾ ਹੈ।” ਇਹ ਉਨ੍ਹਾਂ ਪ੍ਰਮੁੱਖ ਗਾਰੰਟੀਆਂ ’ਚੋਂ ਇਕ ਸੀ, ਜਿਨ੍ਹਾਂ ਦਾ ਐਲਾਨ ਕਾਂਗਰਸ ਨੇ 2013 ਦੀਆਂ ਵਿਧਾਨ ਸਭਾ ਚੋਣਾਂ ਲਈ ਆਪਣੇ ਮੈਨੀਫੈਸਟੋ ’ਚ ਕੀਤਾ ਗਿਆ ਸੀ, ਕਿਉਂਕਿ ਬਜ਼ੁਰਗ ਸੂਬੇ ’ਚ ਇਕ ਵੱਡਾ ਵੋਟਰ ਵਰਗ ਬਣਾਉਂਦੇ ਹਨ। ਇਸ ਨਾਲ ਕੀ ਲਾਭ ਹੋਵੇਗਾ : ਕੇਰਲ ’ਚ 2023 ਦੀ ਜਨਮ ਦਰ (ਆਬਾਦੀ) ਕੇਰਲ ’ਚ ਪ੍ਰਤੀ 1000 ਦੀ ਆਬਾਦੀ ’ਤੇ ਜ਼ਿੰਦਾ ਜਨਮ ਦਰ 12.3 ਸੀ (ਪ੍ਰਤੀ 1000 ਵਿਅਕਤੀਆਂ ’ਤੇ ਜ਼ਿੰਦਾ ਜਨਮ) ਜਦੋਂ ਕਿ ਕੌਮੀ ਪੱਧਰ ’ਤੇ 18.4 ਪ੍ਰਤੀ 1000 ਆਬਾਦੀ ਸੀ। ਕੇਰਲ ’ਚ ਮੌਜੂਦਾ ਜਨਮ ਦਰ 1971 ’ਚ 31.1 ਤੋਂ ਕਾਫ਼ੀ ਘਟ ਗਈ ਹੈ। ਅਸਲ ’ਚ 2021 ’ਚ ਮੌਤ ਦੀ ਦਰ 4 ਸੂਬਿਆਂ ’ਚ ਜਨਮ ਦਰ ਤੋਂ ਵੱਧ ਸੀ। ਕੇਰਲ ’ਚ ਬਜ਼ੁਰਗਾਂ ਦੀ ਗਿਣਤੀ ਭਾਰਤ ਦੇ ਬਾਕੀ ਹਿੱਸਿਆਂ ਦੀ ਤੁਲਨਾ ’ਚ ਤੇਜ਼ੀ ਨਾਲ ਵਧੀ ਹੈ। 1961 ’ਚ, ਕੇਰਲ ਦੀ ਕੁੱਲ ਆਬਾਦੀ ’ਚ ਬਜ਼ੁਰਗਾਂ ਦੀ ਗਿਣਤੀ 5 ਫੀਸਦੀ ਸੀ, ਜੋ ਕਿ ਰਾਸ਼ਟਰੀ ਔਸਤ 6 ਫੀਸਦੀ ਤੋਂ ਘੱਟ ਸੀ। ਹਾਲਾਂਕਿ, 2001 ਤੱਕ ਇਹ ਵਧ ਕੇ 11 ਫੀਸਦੀ ਹੋ ਗਈ, ਜਦੋਂ ਕਿ ਰਾਸ਼ਟਰੀ ਪੱਧਰ ’ਤੇ ਇਹ 8 ਫੀਸਦੀ ਸੀ। 2011 ’ਚ ਇਹ 13 ਫੀਸਦੀ ਸੀ ਅਤੇ ਅਨੁਮਾਨ ਹੈ ਕਿ ਸਾਲ 2026 ਤੱਕ ਇਹ 19 ਫੀਸਦੀ ਤੱਕ ਪਹੁੰਚ ਸਕਦੀ ਹੈ। ਕੇਰਲ ਦੀ ਆਬਾਦੀ ’ਚ ਬਜ਼ੁਰਗਾਂ ਦਾ ਹਿੱਸਾ 2036 ਤੱਕ 23 ਫੀਸਦੀ ਤੱਕ ਪਹੁੰਚਣ ਦਾ ਅਨੁਮਾਨ ਹੈ। ਇਹ ਅੰਕੜਾ 2006 ਦੀਆਂ ਸੂਬਾਈ ਚੋਣਾਂ ਤੋਂ ਬਾਅਦ ਜਾਰੀ ਨਵੀਂ ਵੋਟਰ ਸੂਚੀ ’ਚ ਵੀ ਦਿਖਾਈ ਦਿੰਦਾ ਹੈ। ਕੁੱਲ 2.6 ਕਰੋੜ ਵੋਟਰਾਂ ’ਚੋਂ 23 ਫੀਸਦੀ ਅੱਲ੍ਹੜ ਨਾਗਰਿਕ ਹਨ। 19 ਫੀਸਦੀ ਵੋਟਰ 50-59 ਉਮਰ ਵਰਗ ਦੇ ਹਨ। ਇਸ ਤਰ੍ਹਾਂ, ਆਉਣ ਵਾਲੇ ਸਮੇਂ ’ਚ ਸੂਬੇ ’ਚ ਬਜ਼ੁਰਗਾਂ ਦੀ ਆਬਾਦੀ ’ਚ ਭਾਰੀ ਵਾਧਾ ਹੋਣ ਵਾਲਾ ਹੈ।



ਬਜ਼ੁਰਗ ਨਾਗਰਿਕਾਂ ਨੂੰ ਉਨ੍ਹਾਂ ਦੇ ਤਜਰਬੇ ਅਤੇ ਮੁਹਾਰਤ ਦੀ ਵਰਤੋਂ ਕਰਕੇ ਸਹਾਇਤਾ ਪ੍ਰਦਾਨ ਕਰਨੀ ਇਕ ਪ੍ਰਮੁੱਖ ਨਿਸ਼ਾਨਾ ਹੋਵੇਗਾ, ਜਿਸਦੇ ਲਈ ‘ਹੁਨਰ ਬੈਂਕ’ ਦਾ ਨਿਰਮਾਣ ਅਤੇ ਸੋਮਿਆਂ ਦੇ ਗਰੁੱਪਾਂ ਦੀ ਸਥਾਪਨਾ ਕੀਤੀ ਜਾਵੇਗੀ। ਕਮਜ਼ੋਰੀ ਦੀ ਰੋਕਥਾਮ : ਦੇਸ਼ ਪੱਧਰੀ ਸਕ੍ਰੀਨਿੰਗ ਉਪਕਰਨਾਂ ਦੀ ਵਰਤੋਂ ਕਰਕੇ ਸਿਹਤ ’ਚ ਗਿਰਾਵਟ ਦੇ ਸ਼ੁਰੂਆਤੀ ਲੱਛਣਾਂ ਦਾ ਪਤਾ ਲਗਾਉਣਾ ਅਤੇ ਗੰਭੀਰ ਨਰਸਿੰਗ ਕੇਅਰ ਦੀ ਲੋੜ ਨੂੰ ਟਾਲਣ ਲਈ ਭਾਈਚਾਰਕ ਫਿਟਨੈੱਸ ਅਤੇ ਸਮਾਜਿਕ ਪਹਿਲਕਦਮੀਆਂ ਨੂੰ ਫੰਡ ਦੇਣਾ। ਸਰਕਾਰ ਦੇ ਸਾਹਮਣੇ ਚੁਣੌਤੀਆਂ : ਜ਼ਮੀਨੀ ਪੱਧਰ ’ਤੇ ਸਮਰਪਿਤ ਅਤੇ ਵਿਸ਼ੇਸ਼ ਟਾਸਕ ਫੋਰਸ ਦੀ ਕਮੀ, ਕਈ ਵਿਭਾਗਾਂ ’ਚ ਭਲਾਈ ਸਕੀਮਾਂ ਦਾ ਖਿੰਡਿਆ ਹੋਣਾ ਅਤੇ ਫੰਡਾਂ ਦੀ ਕਮੀ ਸਰਕਾਰ ਦੇ ਸਾਹਮਣੇ ਪ੍ਰਮੁੱਖ ਚੁਣੌਤੀਆਂ ਬਣੀਆਂ ਹੋਈਆਂ ਹਨ। ਸੂਬੇ ਦੇ ਸਮਾਜਿਕ ਨਿਆਂ ਵਿਭਾਗ ਦੇ ਇਕ ਸੀਨੀਅਰ ਅਧਿਕਾਰੀ ਨੇ ਕੁੱਲ ਆਬਾਦੀ ਦੇ ਇਕ-ਤਿਹਾਈ ਹਿੱਸੇ ਨੂੰ ਸਹਾਇਤਾ ਪ੍ਰਦਾਨ ਕਰਨ ਲਈ ਸੋਮੇ ਯਕੀਨੀ ਬਣਾਉਣ ਦੀ ਚੁਣੌਤੀ ਦਾ ਜ਼ਿਕਰ ਕਰਦਿਆਂ ਕਿਹਾ ਕਿ ਅਣਮਿੱਥੇ ਸਮੇਂ ਕਲਿਆਣਕਾਰੀ ਉਪਾਅ ਲੰਮੇ ਸਮੇਂ ਲਈ ਟਿਕਾਊ ਨਹੀਂ ਹੋ ਸਕਦੇ। ਇਕ ਹੋਰ ਮਹੱਤਵਪੂਰਨ ਚਿੰਤਾ ਦਾ ਵਿਸ਼ਾ ਇਹ ਹੈ ਕਿ ਜ਼ਿਆਦਾਤਰ ਬਜ਼ੁਰਗ ਅਜੇ ਵੀ ਆਪਣੀ ਸਿਹਤ ਸੰਭਾਲ ਨਾਲ ਜੁੜੀਆਂ ਚੁਣੌਤੀਆਂ ਲਈ ਤਿਆਰ ਨਹੀਂ ਹਨ। ਬਹੁਤ ਘੱਟ ਲੋਕਾਂ ਕੋਲ ਮੈਡੀਕਲ ਬੀਮਾ ਹੈ, ਜਦੋਂ ਕਿ ਸਰਕਾਰੀ ਅਤੇ ਨਿੱਜੀ ਦੋਵਾਂ ਹਸਪਤਾਲਾਂ ’ਚ ਜੇਬ ’ਚੋਂ ਹੋਣ ਵਾਲਾ ਖਰਚਾ ਆਸਮਾਨ ਨੂੰ ਛੂਹ ਰਿਹਾ ਹੈ। ਦੂਜੇ ਪਾਸੇ, ਮਾਹਿਰ ਚਿਤਾਵਨੀ ਦਿੰਦੇ ਹਨ ਕਿ ਕੇਰਲ ਦੀ ਸਿਹਤ ਪ੍ਰਣਾਲੀ ਬੁਢਾਪੇ ਦੀ ਦੇਖਭਾਲ ਦੀਆਂ ਵਿਸ਼ੇਸ਼ ਲੋੜਾਂ ਨੂੰ ਪੂਰਾ ਕਰਨ ਲਈ ਅਜੇ ਵੀ ਨਾਕਾਫ਼ੀ ਹੈ।